ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ

ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਰਾਜੋਆਣਾ ਚੰਡੀਗੜ੍ਹ ਪੀਜੀਆਈ 'ਚ ਦਾਖਿਲ 03

ਸਾਲ 1, ਅੰਕ 365 Ph (Mohali Office) : 0160-2990739; (M) : +91-98156-16078 ਬੁੱਧਵਾਰ, 30 ਸਤੰਬਰ 2026 (14 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

ਗਿਆਨੀ ਕੁਲਦੀਪ ਸਿੰਘ ਗੜਗੱਜ, ਗਿਆਨੀ ਟੇਕ ਸਿੰਘ ਤੇ ਐਡਵੋਕੇਟ ਧਾਮੀ ਵੱਲੋਂ ਪਟਿਆਲਾ ਜੇਲ੍ਹ ਵਿੱਚ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਮੁਲਾਕਾਤ

ਲੰਮੇ ਸਮੇਂ ਤੋਂ ਲਟਕਦੇ ਮਾਮਲੇ 'ਤੇ ਭਾਈ ਰਾਜੋਆਣਾ ਦੀਆਂ ਭਾਵਨਾਵਾਂ ਅਨੁਸਾਰ ਫ਼ੈਸਲੇ ਦੀ ਆਖੀ ਗੱਲ

ਦੇਸ਼ ਪ੍ਰਦੇਸ਼ ਪਟਿਆਲਾ/ਅੰਮ੍ਰਿਤਸਰ, 29 ਸਤੰਬਰ (ਰਾਜਿੰਦਰ ਸਿੰਘ ਬਿੰਦ, ਮੋਹਕਮ ਸਿੰਘ) : ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੇਂਦਰੀ ਜੇਲ੍ਹ ਪਟਿਆਲਾ ਵਿੱਚ ਫਾਂਸੀ ਦੀ ਸਜ਼ਾ ਦਾ ਸਾਹਮਣਾ ਕਰ ਰਹੇ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਸਿਹਤ ਅਤੇ ਹਾਲਾਤ ਬਾਰੇ ਜਾਣਕਾਰੀ ਲਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ ਵੀ ਮੌਜੂਦ ਸਨ।

ਮੁਲਾਕਾਤ ਮਗਰੋਂ ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਇਤਿਹਾਸ ਵਿੱਚ ਹਾਕਮਾਂ ਵੱਲੋਂ ਜਾਨ ਬਖ਼ਸ਼ੀ ਲਈ ਰੱਖੀਆਂ ਸ਼ਰਤਾਂ ਅੱਗੇ ਸਿੱਖਾਂ ਨੇ ਕਦੇ ਈਨ ਨਹੀਂ ਮੰਨੀ, ਸਗੋਂ ਸ਼ਹਾਦਤ ਨੂੰ ਪ੍ਰਵਾਨ ਕੀਤਾ ਹੈ। ਭਾਈ ਬਲਵੰਤ ਸਿੰਘ ਰਾਜੋਆਣਾ ਵੀ ਇਸੇ ਸਿੱਖ ਪਰੰਪਰਾ 'ਤੇ ਪਹਿਰਾ ਦਿੰਦਿਆਂ ਸਪੱਸ਼ਟ ਕਹਿ ਰਹੇ ਹਨ ਕਿ ਉਨ੍ਹਾਂ ਨੂੰ ਜਾਨ ਬਖ਼ਸ਼ੀ ਦੀ ਭੀਖ ਨਹੀਂ ਚਾਹੀਦੀ।

ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਗੁਰਪੁਰਬ ਮੌਕੇ ਸਾਲ 2019 ਵਿੱਚ ਭਾਈ ਰਾਜੋਆਣਾ ਸਬੰਧੀ ਕੀਤੇ ਆਪਣੇ ਐਲਾਨ ਨੂੰ ਅਜੇ ਤੱਕ ਲਾਗੂ ਨਹੀਂ ਕਰ ਰਹੀ। ਛੇ ਸਾਲ ਤੋਂ ਵੱਧ ਸਮਾਂ ਬੀਤਣ ਅਤੇ ਸੁਪਰੀਮ ਕੋਰਟ ਵਿੱਚ ਇਸ ਮਾਮਲੇ ਸਬੰਧੀ 41 ਤਰੀਕਾਂ ਪੈਣ ਦੇ ਬਾਵਜੂਦ ਸਰਕਾਰ ਵੱਲੋਂ ਕੋਈ ਅੰਤਿਮ ਫ਼ੈਸਲਾ ਨਾ ਲੈਣਾ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ 32 ਸਾਲਾਂ ਤੋਂ ਨਜ਼ਰਬੰਦ ਭਾਈ ਰਾਜੋਆਣਾ ਦਾ ਮਾਮਲਾ ਹੋਰ ਲਟਕਾਉਣ ਦੀ ਬਜਾਏ ਸਰਕਾਰ ਨੂੰ ਤੁਰੰਤ ਨਿਰਣਾ ਲੈਣਾ ਚਾਹੀਦਾ ਹੈ।

ਜਥੇਦਾਰ ਗੜਗੱਜ ਨੇ ਕਿਹਾ ਕਿ ਭਾਈ ਰਾਜੋਆਣਾ ਪੂਰੀ ਚੜ੍ਹਦੀ ਕਲਾ ਵਿੱਚ ਹਨ ਅਤੇ ਗੁਰੂ ਨਾਲ ਜੁੜੇ ਹੋਏ ਹਨ। ਭਾਈ ਰਾਜੋਆਣਾ ਨੇ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੇ ਮੌਲਿਕ ਅਧਿਕਾਰਾਂ ਸਬੰਧੀ ਵੀ ਚਿੰਤਾ ਪ੍ਰਗਟ ਕੀਤੀ, ਜਿਨ੍ਹਾਂ ਨੂੰ ਉਨ੍ਹਾਂ ਦੀ ਬਜ਼ੁਰਗ ਤੇ ਬੀਮਾਰ ਮਾਤਾ ਨਾਲ ਮਿਲਣ ਲਈ ਪੈਰੋਲ ਤੱਕ ਨਹੀਂ ਦਿੱਤੀ ਜਾ ਰਹੀ। ਉਨ੍ਹਾਂ ਕਿਹਾ ਕਿ ਇਹ ਸਰਕਾਰਾਂ ਵੱਲੋਂ ਸਿੱਖਾਂ ਨਾਲ ਵੱਡਾ ਅਨਿਆਂ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਭਾਈ ਰਾਜੋਆਣਾ ਦੇ ਮਾਮਲੇ ਵਿੱਚ ਸਮੇਂ ਸਿਰ ਫ਼ੈਸਲਾ ਨਾ ਕੀਤਾ ਤਾਂ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਕਰਕੇ ਅਗਲੀ ਕਾਰਵਾਈ ਲਈ ਰਾਹ ਖੋਲ੍ਹਿਆ ਜਾਵੇਗਾ ਅਤੇ ਭਾਈ ਰਾਜੋਆਣਾ ਦੀਆਂ ਭਾਵਨਾਵਾਂ ਅਨੁਸਾਰ ਵਿਚਾਰ ਕੀਤਾ ਜਾਵੇਗਾ। 2 ਅਕਤੂਬਰ ਨੂੰ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਜਾ ਰਹੇ ਮਾਰਚ ਬਾਰੇ ਉਨ੍ਹਾਂ ਕਿਹਾ ਕਿ ਜਿਵੇਂ ਸ਼੍ਰੋਮਣੀ ਕਮੇਟੀ ਨੇ ਕੌਮੀ ਇਨਸਾਫ਼ ਮੋਰਚੇ ਦਾ ਸਮਰਥਨ ਕੀਤਾ ਹੈ, ਸ੍ਰੀ ਅਕਾਲ ਤਖ਼ਤ ਸਾਹਿਬ ਵੀ ਇਸ ਦਾ ਪੂਰਨ ਸਮਰਥਨ ਕਰਦਾ ਹੈ। ਉਨ੍ਹਾਂ ਮੀਡੀਆ ਨੂੰ ਵੀ ਅਪੀਲ ਕੀਤੀ ਕਿ ਬੰਦੀ ਸਿੰਘਾਂ ਦੇ ਮਨੁੱਖੀ ਅਧਿਕਾਰਾਂ ਨਾਲ ਸਬੰਧਤ ਮਾਮਲਿਆਂ ਨੂੰ ਖੁੱਲ੍ਹ ਕੇ ਉਭਾਰਿਆ ਜਾਵੇ।

ਜਥੇਦਾਰ ਗਿਆਨੀ ਬਾਕੀ ਸਫ਼ਾ 7 'ਤੇ

ਐਲਪੀਯੂ 'ਚ ਹਿੰਸਾ ਦਾ ਮਾਮਲਾ ਪਹੁੰਚਿਆ ਹਾਈਕੋਰਟ

ਯੂਨੀਵਰਸਟੀ ਦੇ ਹੀ ਵਿਦਿਆਰਥੀ ਨੇ ਜਨਹਿਤ ਪਟੀਸ਼ਨ ਰਾਹੀਂ ਸੀਬੀਆਈ ਜਾਂਚ ਦੀ ਕੀਤੀ ਮੰਗ

ਦੇਸ਼ ਪ੍ਰਦੇਸ਼ ਫਗਵਾੜਾ, 29 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਫਗਵਾੜਾ 'ਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ 'ਚ ਹਿੰਸਕ ਪ੍ਰਦਰਸ਼ਨਾਂ ਦਾ ਮਾਮਲਾ ਪੰਜਾਬ-ਹਰਿਆਣਾ ਹਾਈਕੋਰਟ ਪਹੁੰਚ ਗਿਆ ਹੈ। ਯੂਨੀਵਰਸਿਟੀ ਦੇ ਹੀ ਵਿਦਿਆਰਥੀ ਨੇ ਜਨਹਿਤ ਪਟੀਸ਼ਨ ਰਾਹੀਂ ਹਿੰਸਾ, ਭੰਨਤੋੜ ਅਤੇ ਅੱਗਜ਼ਨੀ ਨੂੰ ਲੈ ਕੇ ਪੂਰੇ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ ਕੀਤੀ ਗਈ ਹੈ। ਪਟੀਸ਼ਨ ਵਿੱਚ ਅੱਜ ਤੁਰੰਤ ਸੁਣਵਾਈ ਦੀ ਬੇਨਤੀ ਕੀਤੀ ਗਈ ਸੀ। ਹਾਲਾਂਕਿ, ਚੀਫ ਜਸਟਿਸ ਨੇ ਸੁਣਵਾਈ ਕੱਲ੍ਹ ਸਵੇਰ ਲਈ ਤੈਅ ਕੀਤੀ ਹੈ। ਜਲੰਧਰ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਵਿੱਚ ਹਾਲ ਹੀ ਵਿੱਚ ਹੋਈ ਹਿੰਸਾ, ਭੰਨਤੋੜ ਅਤੇ ਅੱਗਜ਼ਨੀ ਸਬੰਧੀ ਹਾਈ ਕੋਰਟ ਵਿੱਚ ਇੱਕ ਜਨਹਿੱਤ ਪਟੀਸ਼ਨ ਦਾਇਰ ਕੀਤੀ ਗਈ ਹੈ। ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਯੂਨੀਵਰਸਿਟੀ ਵਿੱਚ ਹਿੰਸਾ, ਅੱਗਜ਼ਨੀ ਅਤੇ ਲੁੱਟਮਾਰ ਦੀਆਂ ਘਟਨਾਵਾਂ ਵਾਪਰੀਆਂ ਹਨ। ਪੀਆਈਐਲ ਵਿੱਚ, ਐਲਪੀਯੂ ਦੇ ਇੱਕ ਵਿਦਿਆਰਥੀ ਨੇ ਹਿੰਸਾ ਦੀ ਸੀਬੀਆਈ ਜਾਂਚ ਦੀ ਬੇਨਤੀ ਕੀਤੀ ਹੈ। ਜ਼ਿਕਰਯੋਗ ਹੈ ਕਿ ਯੂਨੀਵਰਸਿਟੀ

ਕੈਂਪਸ ਵਿੱਚ ਇੱਕ ਵਿਦਿਆਰਥਣ ਨਾਲ ਕਥਿਤ ਜ਼ਬਰ-ਜਨਾਹ ਦੀਆਂ ਸੂਚਨਾਵਾਂ ਤੋਂ ਬਾਅਦ ਐਤਵਾਰ ਨੂੰ ਐਲਪੀਯੂ ਦੇ ਵਿਦਿਆਰਥੀਆਂ ਨੇ ਵਿਆਪਕ ਹਿੰਸਾ ਕੀਤੀ। ਪੁਲਿਸ ਨੇ ਇਨ੍ਹਾਂ ਦੋਸ਼ਾਂ ਦੀ ਜਾਂਚ ਲਈ ਇੱਕ ਅਪਰਾਧਿਕ ਮਾਮਲਾ ਦਰਜ ਕੀਤਾ ਹੈ, ਹਾਲਾਂਕਿ ਉਹ ਅਜੇ ਤੱਕ ਇਸ ਗੱਲ ਦੀ ਪੁਸ਼ਟੀ ਨਹੀਂ ਕਰ ਸਕੇ ਹਨ ਕਿ ਕੀ ਅਜਿਹੀ ਘਟਨਾ ਅਸਲ ਵਿੱਚ ਵਾਪਰੀ ਸੀ। ਕੈਂਪਸ ਵਿੱਚ ਵੱਡੇ ਪੱਧਰ 'ਤੇ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਅਤੇ ਵੱਖ-ਵੱਖ ਦੁਕਾਨਾਂ ਦੀ ਲੁੱਟ ਤੋਂ ਬਾਅਦ, 28 ਸਤੰਬਰ ਤੋਂ ਐਲਪੀਯੂ ਵਿੱਚ ਕਲਾਸਾਂ ਅਤੇ ਹੋਰ ਅਕਾਦਮਿਕ ਗਤੀਵਿਧੀਆਂ ਨੂੰ 10 ਦਿਨਾਂ ਲਈ ਮੁਅੱਤਲ ਕਰ ਦਿੱਤਾ ਗਿਆ ਹੈ। ਜ਼ਿਕਰਯੋਗ ਹੈ ਕਿ ਬੀਤੇ ਦਿਨ ਮਾਮਲੇ ਦਾ ਗੰਭੀਰ ਨੋਟਿਸ ਲੈਂਦਿਆਂ ਪੰਜਾਬ ਮਹਿਲਾ ਕਮਿਸ਼ਨ ਨੇ ਕਪੂਰਥਲਾ ਦੇ ਡਿਪਟੀ ਕਮਿਸ਼ਨਰ (43) ਅਤੇ ਸੀਨੀਅਰ ਪੁਲਿਸ ਕਪਤਾਨ ਤੋਂ ਐਫਆਈਆਰ ਦੀ ਕਾਪੀ, ਵਿਸ਼ੇਸ਼ ਜਾਂਚ ਟੀਮ ਬਾਰੇ ਵੇਰਵੇ ਅਤੇ ਹੁਣ ਤੱਕ ਦੀ ਜਾਂਚ ਰਿਪੋਰਟ ਤਲਬ ਕੀਤੀ ਹੈ। ਮਹਿਲਾ ਕਮਿਸ਼ਨ ਨੇ ਹੁਣ ਤੱਕ ਕੀਤੀ ਗਈ ਪੁਲਿਸ ਕਾਰਵਾਈ ਦੀ ਰਿਪੋਰਟ ਅਤੇ ਪੂਰੀ ਘਟਨਾ ਦੀ ਜਾਂਚ ਰਿਪੋਰਟ ਪੇਸ਼ ਕਰਨ ਲਈ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਹਨ। ਕਮਿਸ਼ਨ ਨੇ ਕੈਂਪਸ ਦੇ ਅੰਦਰ ਵਿਦਿਆਰਥਣਾਂ ਲਈ ਸੁਰੱਖਿਆ ਪ੍ਰਬੰਧਾਂ ਬਾਰੇ ਪੁਲਿਸ ਪ੍ਰਸ਼ਾਸਨ ਤੋਂ ਵਿਸਤ੍ਰਿਤ ਜਵਾਬ ਮੰਗਿਆ ਹੈ।

ਦੋ-ਹਰਫ਼ੀ ...

ਵਿੱਤ ਮੰਤਰੀ ਵੱਲੋਂ ਸਮਾਜਸੇਵੀ ਸਰਪੰਚ ਕਰਮਜੀਤ ਸਿੰਘ ਗਰੇਵਾਲ 'ਰਤਨ-ਏ-ਪੰਜਾਬ ਅਵਾਰਡ 2026' ਨਾਲ ਸਨਮਾਨਿਤ

ਲੁਧਿਆਣਾ 29 ਸਤੰਬਰ (ਸਰਬਜੀਤ ਸੂਡ਼ੀ) : ਚੰਡੀਗੜ੍ਹ ਵਿਖੇ ਹੋਏ 'ਰਤਨ-ਏ-ਪੰਜਾਬ ਅਵਾਰਡ 2026' ਸਮਾਰੋਹ ਦੌਰਾਨ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਉੱਘੇ ਸਮਾਜਸੇਵੀ ਤੇ ਪਿੰਡ ਖਾਸੀ ਕਲਾਂ ਦੇ ਸਰਪੰਚ ਸ੍ਰ ਕਰਮਜੀਤ ਸਿੰਘ ਗਰੇਵਾਲ ਨੂੰ ਉਨ੍ਹਾਂ ਦੀਆਂ ਸਮਾਜ ਸੇਵੀ ਗਤੀਵਿਧੀਆਂ ਬਦਲੇ ਰਤਨ-ਏ-ਪੰਜਾਬ ਅਵਾਰਡ 2026 ਨਾਲ ਸਨਮਾਨਿਤ ਕੀਤਾ। ਵਿੱਤ ਮੰਤਰੀ ਚੀਮਾ ਨੇ ਉਨ੍ਹਾਂ ਦੀਆਂ ਸਮਾਜਸੇਵੀ ਗਤੀਵਿਧੀਆਂ ਦੀ ਸ਼ਲਾਘਾ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸ੍ਰ ਗਰੇਵਾਲ ਵਰਗੀਆਂ ਸਖਸ਼ੀਅਤਾਂ ਤੋਂ ਪ੍ਰੇਰਣਾ ਲੈਕੇ ਸਮਾਜਸੇਵਾ ਦਾ ਕਾਰਜ ਕਰਦੇ ਹੋਏ ਜਰੂਰਮੰਦਾਂ ਲੋਕਾਂ ਦੀ ਬਾਂਹ ਫੜ੍ਹਨ। ਸ੍ਰ ਗਰੇਵਾਲ ਨੇ ਏਹ ਸਨਮਾਨ ਮਿਲਣ 'ਤੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਮਾਜਸੇਵਾ ਦਾ ਕਾਰਜਾਂ ਨੂੰ ਹੋਰ ਵੀ ਬੇਹਤਰ ਢੰਗ ਨਾਲ ਅਪਣੀ ਪੂਰੀ ਟੀਮ ਨਾਲ ਕਰਦੇ ਰਹਿਣਗੇ। ਦੱਸ ਦੇਈਏ ਕਿ ਕਰਮਜੀਤ ਸਿੰਘ ਗਰੇਵਾਲ ਅਤੇ ਉਨ੍ਹਾਂ ਦੇ ਯੂਐਸਏ ਤੋਂ ਐਨਆਰਆਈ ਸਪੱਤਰ ਘਰ 'ਚ ਆਏ ਹਰ ਲੋੜਵੰਦ ਦੀ ਸਹਾਇਤਾ ਕਰਨ ਲਈ ਮਸ਼ਹੂਰ ਹਨ। ਉਨ੍ਹਾਂ ਵੱਲੋਂ ਅੱਜ ਤੱਕ ਕੀਤੀ ਲੋਕ ਸੇਵਾ ਬਿਨ੍ਹਾਂ ਕਿਸੇ ਸਵਾਰਥ ਅਤੇ ਭੇਦਭਾਵ ਤੋਂ ਦਿੱਤੀ ਜਾ ਰਹੀ ਹੈ। ਸ੍ਰ ਗਰੇਵਾਲ ਅਤੇ ਉਨ੍ਹਾਂ ਦਾ ਪਰਿਵਾਰ ਇਸ ਸਮਾਜਸੇਵਾ ਨੂੰ ਸੰਤ ਬਾਬਾ ਅਤਰ ਸਿੰਘ ਮਸਤੂਆਣਾ ਵਾਲਿਆਂ ਦੀ ਪ੍ਰੇਰਣਾ ਮੰਨਦਾ ਹੈ ਜਿਨ੍ਹਾਂ ਧਾਰਮਿਕ ਖੇਤਰ ਦੇ ਨਾਲ ਵਿੱਦਿਆ ਦੇ ਖੇਤਰ 'ਚ ਬਹੁਤ ਵੱਡਾ ਯੋਗਦਾਨ ਪਾਇਆ ਹੋਇਆ ਹੈ। ਇਸ ਮੌਕੇ ਦਲਜੀਤ ਸਿੰਘ ਗਰੇਵਾਲ, ਪੱਪਾ ਗਿੱਲ, ਰਾਜਾ ਸੋਮਲ, ਪ੍ਰਿਤਪਾਲ ਸਿੰਘ ਗਰੇਵਾਲ, ਲਾਲੀ ਗਰੇਵਾਲ, ਨਿਤਨ ਬੈਂਸ ਅਤੇ ਹੋਰ ਹਾਜਰ ਸਨ।

ਨੇਪਾਲ 'ਚ ਮੀਂਹ ਤੇ ਜ਼ਮੀਨ ਖਿਸਕਣ ਨਾਲ ਤਬਾਹੀ



ਕਾਠਮੰਡੂ, 29 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਨੇਪਾਲ ਵਿੱਚ ਹਫ਼ਤੇ ਦੇ ਅੰਤ ਦੌਰਾਨ ਹੋਈ ਲਗਾਤਾਰ ਅਤੇ ਭਾਰੀ ਬਾਰਿਸ਼ ਕਾਰਨ ਆਏ ਹੜ੍ਹਾਂ ਅਤੇ ਜ਼ਮੀਨ ਖਿਸਕਣ ਨਾਲ ਜਨ-ਜੀਵਨ ਬੁਰੇ ਤਰੀਕੇ ਨਾਲ ਪ੍ਰਭਾਵਿਤ ਹੋਇਆ ਹੈ। ਮਨਾਂਗ ਜ਼ਿਲ੍ਹੇ ਦਾ ਹੈੱਡਕੁਆਰਟਰ 'ਚਾਮੇ' ਮਾਰਸਯਾਂਗਦੀ ਨਦੀ ਵਿੱਚ ਉਛਾਲ ਅਤੇ ਚਿੱਕੜ-ਮਲਬਾ ਡਿੱਗਣ ਕਾਰਨ ਪੂਰੀ ਤਰ੍ਹਾਂ ਅਲੱਗ-ਥਲੱਗ ਹੋ ਗਿਆ ਹੈ। ਸਥਾਨਕ ਨਦੀਆਂ ਵਿੱਚ ਅਚਾਨਕ ਆਏ ਹੜ੍ਹ ਕਾਰਨ ਪੰਜ ਘਰ ਵਹਿ ਗਏ, ਦੋ ਲੱਕੜ ਦੇ ਪੁਲ ਤਬਾਹ ਹੋ ਗਏ ਅਤੇ ਚਾਮੇ ਨੂੰ ਜੋੜਨ ਵਾਲੀ ਮੁੱਖ ਸੜਕ ਪੂਰੀ ਤਰ੍ਹਾਂ ਟੁੱਟ ਗਈ। ਚਾਮੇ ਦੇ ਕਮਿਊਨਿਟੀ ਹੈਲਥ ਅਫਸਰ ਛੋਇਡੇਨ ਯਾਂਗਚੇਨ ਲਾਮਾ ਅਨੁਸਾਰ, ਘਟਨਾ ਦੇ ਸਮੇਂ ਸਥਾਨਕ ਵਸਨੀਕਾਂ ਅਤੇ ਉੱਥੇ ਫਸੇ ਹੋਏ ਟ੍ਰੈਕਰਾਂ ਨੇ ਰਾਤ ਲਗਭਗ 11:30 ਵਜੇ ਨੇੜਲੇ ਜੰਗਲ ਵਿੱਚ ਭੱਜ ਕੇ ਆਪਣੀ ਜਾਨ ਬਚਾਈ। ਰਾਹਤ ਦੀ ਗੱਲ ਇਹ ਰਹੀ ਕਿ ਹੈੱਡਕੁਆਰਟਰ ਵਿੱਚ ਬਾਕੀ ਸਫ਼ਾ 7 'ਤੇ

ਐਲਪੀਯੂ ਹਿੰਸਾ 'ਤੇ ਪੰਜਾਬ ਦੇ ਸਾਬਕਾ ਸੀਐਮ ਚੰਨੀ ਦਾ ਐਮਪੀ ਅਸ਼ੋਕ ਮਿੱਤਲ 'ਤੇ ਤਨਜ਼

ਕਿਹਾ- ਭਾਜਪਾ 'ਚ ਸ਼ਾਮਲ ਹੁੰਦੇ ਹੀ ਵਿਗੜੀ ਕਾਨੂੰਨ-ਵਿਵਸਥਾ

ਦੇਸ਼ ਪ੍ਰਦੇਸ਼ ਚੰਡੀਗੜ੍ਹ, 29 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ 'ਚ ਹੋਏ ਵਿਰੋਧ ਪ੍ਰਦਰਸ਼ਨ ਅਤੇ ਉਸ ਤੋਂ ਬਾਅਦ ਵਾਪਰੀਆਂ ਘਟਨਾਵਾਂ ਨੂੰ ਲੈ ਕੇ ਪੰਜਾਬ ਸਰਕਾਰ 'ਤੇ ਸਵਾਲ ਚੁੱਕੇ ਹਨ। ਚੰਨੀ ਨੇ ਦੋਸ਼ ਲਗਾਇਆ ਕਿ ਯੂਨੀਵਰਸਿਟੀ ਦੇ ਸੰਸਥਾਪਕ ਅਤੇ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ ਦੇ ਭਾਜਪਾ 'ਚ ਸ਼ਾਮਲ ਹੋਣ ਤੋਂ ਬਾਅਦ ਐਲਪੀਯੂ ਨੂੰ ਕਥਿਤ ਤੌਰ 'ਤੇ ਨਿਸ਼ਾਨਾ ਬਣਾਇਆ ਗਿਆ। ਇਹ ਦੋਸ਼ ਚੰਨੀ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਲਗਾਏ ਹਨ। ਮੀਡੀਆ ਕਰਮੀਆਂ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਸਾਬਕਾ ਸੀਟੈਮ ਨੇ ਯੂਨੀਵਰਸਿਟੀ 'ਚ ਹੋਈਆਂ ਘਟਨਾਵਾਂ ਨਾਲ ਨਜਿੱਠਣ ਦੇ ਤਰੀਕੇ 'ਤੇ

ਸਵਾਲ ਉਠਾਏ ਤੇ ਵਿਰੋਧ ਪ੍ਰਦਰਸ਼ਨ ਦੌਰਾਨ ਪੁਲਿਸ ਦੀ ਕਾਰਵਾਈ ਅਤੇ ਵਿਦਿਆਰਥੀਆਂ ਨਾਲ ਕੀਤੇ ਗਏ ਵਿਵਹਾਰ 'ਤੇ ਚਿੰਤਾ ਜਤਾਈ। ਚੰਨੀ ਨੇ ਕਿਹਾ, 'ਬਾਹਰੀ ਲੋਕ ਉੱਥੇ ਗਏ ਤੇ ਗੁੰਡਾਗਰਦੀ ਕੀਤੀ। ਇਸ ਗੁੰਡਾਗਰਦੀ ਨੂੰ ਖੁਦ ਪੁਲਿਸ ਦਾ ਸਮਰਥਨ ਹਾਸਲ ਸੀ ਐਲਪੀਯੂ ਦੇ ਸੰਸਥਾਪਕ ਅਸ਼ੋਕ ਮਿੱਤਲ ਭਾਜਪਾ 'ਚ ਸ਼ਾਮਲ ਹੋ ਗਏ ਹਨ ਅਤੇ ਉਸ ਤੋਂ ਬਾਅਦ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਸ ਯੂਨੀਵਰਸਿਟੀ ਨੂੰ ਬਰਬਾਦ ਕਰਨ ਦੀ ਕੋਸ਼ਿਸ਼ ਕੀਤੀ ਹੈ।' ਚਰਨਜੀਤ ਸਿੰਘ ਚੰਨੀ ਨੇ ਦੋਸ਼ ਲਗਾਇਆ ਕਿ ਯੂਨੀਵਰਸਿਟੀ ਤੋਂ ਬਾਹਰ ਦੇ ਲੋਕ ਬਾਅਦ 'ਚ ਕੈਂਪਸ 'ਚ ਦਾਖ਼ਲ ਹੋਏ ਤੇ ਗੁੰਡਾਗਰਦੀ ਕੀਤੀ। ਉਨ੍ਹਾਂ ਕਿਹਾ, 'ਉਸ ਤੋਂ ਬਾਅਦ ਕੀ ਹੋਇਆ, ਬਾਹਰੋਂ ਲੋਕ ਆਏ ਅਤੇ ਉੱਥੇ ਗੁੰਡਾਗਰਦੀ ਕੀਤੀ।' ਚੰਨੀ ਨੇ ਇਨ੍ਹਾਂ ਘਟਨਾਵਾਂ ਦੌਰਾਨ ਯੂਨੀਵਰਸਿਟੀ ਨੂੰ ਹੋਏ ਕਥਿਤ ਵਿੱਤੀ ਨੁਕਸਾਨ 'ਤੇ ਵੀ ਸਵਾਲ ਚੁੱਕੇ। ਉਨ੍ਹਾਂ ਪੁੱਛਿਆ, 'ਖ਼ਬਰਾਂ ਮੁਤਾਬਕ, ਮੈਨੂੰ ਪੱਕਾ ਨਹੀਂ ਪਤਾ, ਪਰ ਲਗਭਗ 100 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ ਤਾਂ ਇਸ ਲਈ ਕੌਣ ਜ਼ਿੰਮੇਵਾਰ ਹੈ?' ਉਨ੍ਹਾਂ ਇਹ ਵੀ ਦੋਸ਼ ਲਗਾਇਆ ਕਿ ਵਿਰੋਧ ਪ੍ਰਦਰਸ਼ਨ ਅਤੇ ਉਸ ਤੋਂ ਬਾਅਦ ਦੀਆਂ ਘਟਨਾਵਾਂ ਬਾਕੀ ਸਫ਼ਾ 7 'ਤੇ

ਆਈਡੀਆ ਤੋਂ ਇਨੋਵੇਸ਼ਨ ਤੇ ਇਨੋਵੇਸ਼ਨ ਤੋਂ ਸਮਾਧਾਨ' ਦੀ ਦਿਸ਼ਾ ਵਿ

ਫਰੀਦਕੋਟ ਦੇ ਲੋਕਾਂ ਨੂੰ ਸੱਚ ਜਾਣਨ ਦਾ ਹੱਕ, ਪੁਲਿਸ, ਪ੍ਰਸ਼ਾਸਨ ਜਾਂ ਰਾਜਨੀਤਿਕ ਪੱਧਰ, ਜਾਂਚ ਜਿੱਥੇ ਤੱਕ ਜਾਵੇ, ਕਾਰਵਾਈ ਉੱਥੇ ਤੱਕ ਹੋਵੇ: ਅਰਸ਼ ਸੱਚਰ

ਅਰਸ਼ ਸੱਚਰ ਨੇ ਕਿਹਾ

➢ "ਮੇਰੀ ਲੜਾਈ ਕਿਸੇ ਵਿਅਕਤੀ ਦੇ ਹੱਕ ਜਾਂ ਵਿਰੋਧ ਵਿੱਚ ਨਹੀਂ ਹੈ। ਮੇਰਾ ਪੱਖ ਸਿਰਫ਼ ਫਰੀਦਕੋਟ ਦੇ ਲੋਕਾਂ, ਸੱਚ ਅਤੇ ਇਨਸਾਫ਼ ਦੇ ਨਾਲ ਹੈ। ਜੋ ਬੇਕਸੂਰ ਹੈ ਉਸਦੀ ਇੱਜ਼ਤ ਬਰਕਰਾਰ ਰਹੇ ਅਤੇ ਜੋ ਵੀ ਸਬੂਤਾਂ ਦੇ ਆਧਾਰ 'ਤੇ ਦੋਸ਼ੀ ਪਾਇਆ ਜਾਂਦਾ ਹੈ, ਚਾਹੇ ਉਹ ਪੁਲਿਸ, ਪ੍ਰਸ਼ਾਸਨ, ਰਾਜਨੀਤਿਕ ਪੱਧਰ ਜਾਂ ਕਿਸੇ ਹੋਰ ਖੇਤਰ ਨਾਲ ਸਬੰਧਤ ਹੋਵੇ, ਉਸ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਹੋਵੇ।

ਫਰੀਦਕੋਟ, 29 ਸਤੰਬਰ (ਗੁਰਪ੍ਰੀਤ ਸਿੰਘ ਔਲਖ): ਸਮਾਜ ਸੇਵੀ ਅਤੇ ਆਮ ਆਦਮੀ ਪਾਰਟੀ ਫਰੀਦਕੋਟ ਦੇ ਸੀਨੀਅਰ ਆਗੂ ਅਰਸ਼ ਸੱਚਰ ਨੇ ਮਾਣਯੋਗ ਮੁੱਖ ਮੰਤਰੀ ਪੰਜਾਬ ਨੂੰ ਲਿਖਤੀ ਪ੍ਰਤੀਨਿਧਤਾ ਭੇਜ ਕੇ ਫਰੀਦਕੋਟ ਵਿੱਚ ਸਾਹਮਣੇ ਆ ਰਹੇ ਗੰਭੀਰ ਦੋਸ਼ਾਂ ਦੀ ਉੱਚ ਪੱਧਰੀ, ਨਿਰਪੱਖ, ਸੁਤੰਤਰ ਅਤੇ ਸਮਾਂਬੱਧ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਪ੍ਰਤੀਨਿਧਤਾ ਦੀ ਕਾਪੀ ਮੁੱਖ ਸਕੱਤਰ ਪੰਜਾਬ ਅਤੇ ਡਾਇਰੈਕਟਰ ਜਨਰਲ ਆਫ ਪੁਲਿਸ ਪੰਜਾਬ ਨੂੰ ਵੀ ਭੇਜੀ ਗਈ ਹੈ। ਅਰਸ਼ ਸੱਚਰ ਨੇ ਕਿਹਾ ਕਿ ਪੰਜਾਬ ਡਾਇਰੀ ਨਿਊਜ਼, ਫਰੀਦਕੋਟ ਵੱਲੋਂ 27 ਸਤੰਬਰ 2026 ਨੂੰ ਪ੍ਰਕਾਸ਼ਿਤ ਖਬਰ ਵਿੱਚ ਫਰੀਦਕੋਟ ਪੁਲਿਸ ਪ੍ਰਸ਼ਾਸਨ ਸਬੰਧੀ ਕਥਿਤ ਭ੍ਰਿਸ਼ਟਾਚਾਰ, ਵਿਚੋਲਿਆਂ ਜਾਂ ਦਲਾਲਾਂ ਦੀ ਕਥਿਤ ਭੂਮਿਕਾ ਅਤੇ ਹੋਰ ਕਈ ਗੰਭੀਰ ਦੋਸ਼ ਸਾਹਮਣੇ ਲਿਆਂਦੇ ਗਏ ਹਨ। ਇਸ ਤੋਂ ਅਗਲੇ ਦਿਨ 28 ਸਤੰਬਰ 2026 ਨੂੰ ਪ੍ਰਕਾਸ਼ਿਤ ਖਬਰ ਵਿੱਚ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਦੇ ਫਾਰਮੇਸੀ ਅਫਸਰ ਭਰਤੀ ਪੇਪਰ ਲੀਕ ਮਾਮਲੇ ਦੀ ਜਾਂਚ ਸਬੰਧੀ ਕਥਿਤ ਤੌਰ 'ਤੇ ਲਗਭਗ 5 ਕਰੋੜ ਰੁਪਏ ਦੇ ਲੈਣ-ਦੇਣ, ਕੁਝ ਵਿਅਕਤੀਆਂ ਨੂੰ ਕਥਿਤ ਤੌਰ 'ਤੇ ਬਚਾਉਣ ਅਤੇ ਜਾਂਚ ਦੀ ਕਾਰਵਾਈ ਸਬੰਧੀ ਗੰਭੀਰ ਸਵਾਲ ਉਠਾਏ ਗਏ ਹਨ। ਅਰਸ਼ ਸੱਚਰ ਨੇ ਸਪਸ਼ਟ ਕੀਤਾ ਕਿ ਇਨ੍ਹਾਂ ਖਬਰਾਂ ਵਿੱਚ ਲਗਾਏ ਗਏ ਦੋਸ਼ਾਂ ਨੂੰ ਉਹ ਆਪਣੇ ਪੱਧਰ 'ਤੇ ਸਹੀ ਜਾਂ ਗਲਤ ਨਹੀਂ ਠਹਿਰਾ ਰਹੇ। ਪਰ ਦੋਸ਼ਾਂ ਦੀ ਗੰਭੀਰਤਾ ਨੂੰ ਦੇਖਦੇ ਹੋਏ ਇਨ੍ਹਾਂ ਦੀ ਸੱਚਾਈ ਨਿਰਪੱਖ ਜਾਂਚ ਰਾਹੀਂ ਲੋਕਾਂ ਸਾਹਮਣੇ ਆਉਣੀ ਬਹੁਤ ਜ਼ਰੂਰੀ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਪੁਲਿਸ ਦੇ ਮੁਖੀ ਦੀ ਨਿਗਰਾਨੀ ਹੇਠ ਫਰੀਦਕੋਟ ਜ਼ਿਲ੍ਹੇ ਤੋਂ ਬਾਹਰ ਦੇ ਸੀਨੀਅਰ ਅਤੇ ਨਿਰਪੱਖ ਅਧਿਕਾਰੀਆਂ ਦੀ ਵਿਸ਼ੇਸ਼ ਜਾਂਚ ਟੀਮ ਬਣਾਈ ਜਾਵੇ, ਤਾਂ ਜੋ ਕਿਸੇ ਵੀ ਤਰ੍ਹਾਂ ਦੇ ਸਥਾਨਕ ਪ੍ਰਭਾਵ ਜਾਂ ਦਬਾਅ ਤੋਂ ਬਿਨਾਂ ਮਾਮਲੇ ਦੀ ਜਾਂਚ ਕੀਤੀ ਜਾ ਸਕੇ। ਅਰਸ਼ ਸੱਚਰ ਨੇ ਕਿਹਾ ਕਿ ਖਬਰਾਂ ਪ੍ਰਕਾਸ਼ਿਤ ਕਰਨ ਵਾਲੇ ਪੱਤਰਕਾਰਾਂ ਜਾਂ ਹੋਰ ਵਿਅਕਤੀਆਂ ਕੋਲ ਜੇ ਕੋਈ ਦਸਤਾਵੇਜ਼ੀ ਜਾਂ ਇਲੈਕਟ ?ਰਾਨਿਕ ਸਬੂਤ ਮੌਜੂਦ ਹਨ ਤਾਂ ਉਨ੍ਹਾਂ ਨੂੰ ਕਾਨੂੰਨੀ ਪ੍ਰਕਿਰਿਆ ਅਨੁਸਾਰ ਜਾਂਚ ਟੀਮ ਵੱਲੋਂ ਪ੍ਰਾਪਤ ਕਰਕੇ ਉਨ੍ਹਾਂ ਦੀ ਤਸਦੀਕ ਕੀਤੀ ਜਾਵੇ।

ਐਲ.ਪੀ."ਮਾਮਲੇ ਨੂੰ ਲੈ ਕੇ ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਪ੍ਰਦਰਸ਼ਨ

ਸ੍ਰੀ ਮੁਕਤਸਰ ਸਾਹਿਬ, 29 ਸਤੰਬਰ (ਆਦੇਸ਼): ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਵਿਖੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (LP) ਨਾਲ ਸਬੰਧਤ ਵਿਦਿਆਰਥਣ ਬਾਰੇ ਸਾਹਮਣੇ ਆਏ ਕਥਿਤ ਬਲਾਤਕਾਰ ਅਤੇ ਆਤਮਹੱਤਿਆ ਦੇ ਮਾਮਲੇ ਨੂੰ ਲੈ ਕੇ ਪ੍ਰਦਰਸ਼ਨ ਕੀਤਾ ਗਿਆ। ਯੂਨੀਅਨ ਨੇ ਮਾਮਲੇ ਦੀ ਨਿਰਪੱਖ ਜਾਂਚ ਕਰਵਾਉਣ ਅਤੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ। ਕਾਲਜ ਕਮੇਟੀ ਦੇ ਪ੍ਰਧਾਨ ਨੌਨਿਹਾਲ ਸਿੰਘ ਥਾਂਦੇਵਾਲਾ ਨੇ ਕਿਹਾ ਕਿ ਯੂਨੀਅਨ ਵਿਦਿਆਰਥਣਾਂ ਨਾਲ ਹੋ ਰਹੀਆਂ ਘਟਨਾਵਾਂ ਅਤੇ ਵਿਦਿਆਰਥੀਆਂ ਵੱਲੋਂ ਇਨਸਾਫ ਦੀ ਮੰਗ ਨੂੰ ਲੈ ਕੇ ਆਵਾਜ਼ ਬੁਲੰਦ ਕਰ ਰਹੀ ਹੈ। ਉਨ੍ਹਾਂ LP"ਮਾਮਲੇ ਦੀ ਤੁਰੰਤ ਅਤੇ ਪਾਰਦਰਸ਼ੀ ਜਾਂਚ ਦੀ ਮੰਗ ਕੀਤੀ। ਯੂਨੀਅਨ ਆਗੂਆਂ ਨੇ ਵਿਦਿਆਰਥੀਆਂ 'ਤੇ ਪੁਲਿਸ ਕਾਰਵਾਈ 'ਤੇ ਵੀ ਸਵਾਲ ਚੁੱਕੇ ਅਤੇ ਕਿਹਾ ਕਿ ਇਨਸਾਫ ਦੀ ਮੰਗ ਕਰ ਰਹੇ ਵਿਦਿਆਰਥੀਆਂ ਨਾਲ ਗੱਲਬਾਤ ਰਾਹੀਂ ਮਾਮਲਾ ਹੱਲ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਪ੍ਰਾਈਵੇਟ ਯੂਨੀਵਰਸਿਟੀਆਂ ਵਿੱਚ ਵਿਦਿਆਰਥੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਮੰਗ ਵੀ ਕੀਤੀ। ਇਸ ਮੌਕੇ ਕਾਲਜ ਕਮੇਟੀ ਦੀ ਖ਼ਜ਼ਾਨਚੀ ਜੈਸਮੀਨ ਮੁਕਤਸਰ, ਮੀਤ ਪ੍ਰਧਾਨ ਸ਼ਿਵਮ ਕੁਮਾਰ, ਅਰਸ਼ਦੀਪ ਮੁਕਤਸਰ, ਰੁਕਸਾਨਾ, ਇਸ਼ਮੀਤ, ਕਰਨ ਗਿੱਲ, ਖੁਸ਼ਵਿੰਦਰ ਸਿੰਘ, ਹਰਪ੍ਰੀਤ ਕੋਟਲੀ ਦੇਵਨ ਸਮੇਤ ਵਿਦਿਆਰਥੀ ਹਾਜ਼ਰ ਸਨ।

ਰੋਸ਼ਨੀ ਵੈਲਫੇਅਰ ਸੋਸਾਇਟੀ ਨੂੰ P"3 ਸੇਵਾ ਸਨਮਾਨ ਐਵਾਰਡ

ਸ੍ਰੀ ਮੁਕਤਸਰ ਸਾਹਿਬ, 29 ਸਤੰਬਰ (ਆਦੇਸ਼): ਸਮਾਜ ਸੇਵਾ ਦੇ ਖੇਤਰ ਵਿੱਚ ਲਗਾਤਾਰ ਯੋਗਦਾਨ ਪਾ ਰਹੀ ਰੋਸ਼ਨੀ ਵੈਲਫੇਅਰ ਸੋਸਾਇਟੀ ਰਜਿ., ਸ੍ਰੀ ਮੁਕਤਸਰ ਸਾਹਿਬ ਨੂੰ ਲੋੜਵੰਦ ਲੋਕਾਂ ਦੀਆਂ ਅੱਖਾਂ ਦੀ ਰੌਸ਼ਨੀ ਵਾਪਸ ਲਿਆਉਣ ਲਈ ਕੀਤੇ ਜਾ ਰਹੇ ਸੇਵਾ ਕਾਰਜਾਂ ਬਦਲੇ P"3 ਸੇਵਾ ਸਨਮਾਨ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਵੱਲੋਂ ਸੋਸਾਇਟੀ ਦੇ ਦੀਪਾਂਕਰ ਗਮਨ ਨੂੰ ਪ੍ਰਦਾਨ ਕੀਤਾ ਗਿਆ। ਸੋਸਾਇਟੀ ਵੱਲੋਂ ਲੰਬੇ ਸਮੇਂ ਤੋਂ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਲੋਕਾਂ ਦੀਆਂ ਅੱਖਾਂ ਦੀ ਸੰਭਾਲ ਲਈ ਕੰਮ ਕੀਤਾ ਜਾ ਰਿਹਾ ਹੈ। ਇਸ ਤਹਿਤ ਲੋੜਵੰਦਾਂ ਨੂੰ ਮੁਫ਼ਤ ਐਨਕਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਜ਼ਰੂਰਤ ਅਨੁਸਾਰ ਅੱਖਾਂ ਦੇ ਅਪਰੇਸ਼ਨ ਵੀ ਕਰਵਾਏ ਜਾਂਦੇ ਹਨ। ਇਸ ਤੋਂ ਇਲਾਵਾ ਵੱਖ-ਵੱਖ ਇਲਾਕਿਆਂ ਵਿੱਚ ਅੱਖਾਂ ਦੀ ਜਾਂਚ ਅਤੇ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਅੱਖਾਂ ਦੀ ਸਿਹਤ ਅਤੇ ਸਮੇਂ ਸਿਰ ਜਾਂਚ ਕਰਵਾਉਣ ਲਈ ਜਾਗਰੂਕ ਕੀਤਾ ਜਾਂਦਾ ਹੈ। ਸੋਸਾਇਟੀ ਨੂੰ ਮਿਲੇ ਇਸ ਸਨਮਾਨ 'ਤੇ ਸੇਵਾਦਾਰਾਂ ਅਤੇ ਸਮਾਜ ਸੇਵੀ ਵਰਗ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।

ਤੰਦਰੁਸਤ ਜੀਵਨ ਲਈ ਦਿਲ ਦਾ ਸਿਹਤਮੰਦ ਹੋਣਾ ਬਹੁਤ ਜ਼ਰੂਰੀ : ਡਾ. ਸ਼ੈਲੀ ਅਰੋੜਾ

ਰਾਮਪੁਰਾ ਫੂਲ, 29 ਸਤੰਬਰ (ਕੁਲਜੀਤ ਸਿੰਘ ਢੀਂਗਰਾ/ ਸੁਰੇਸ਼ ਗਰਗ): ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਦਿਸ਼ਾ ਨਿਰਦੇਸ਼ਾ ਅਤੇ ਸੀਨੀਅਰ ਮੈਡੀਕਲ ਬਾਲਿਆਂਵਾਲੀ ਡਾ. ਸ਼ੈਲੀ ਅਰੋੜਾ ਦੀ ਅਗਵਾਈ ਹੇਠ ਵਿਸ਼ਵ ਹਾਰਟ ਦਿਵਸ ਮੌਕੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਦਿਲ ਦੀ ਸਿਹਤ ਪ੍ਰਤੀ ਜਾਗਰੂਕ ਕਰਨ ਲਈ ਵੱਖ-ਵੱਖ ਸਿਹਤ ਸੰਸਥਾਵਾਂ ਵਿੱਚ ਵਿਸ਼ੇਸ਼ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਗਤੀਵਿਧੀਆਂ ਦੌਰਾਨ ਸਿਹਤ ਵਿਭਾਗ ਦੇ ਮਾਹਿਰਾਂ ਅਤੇ ਸਿਹਤ ਕਰਮਚਾਰੀਆਂ ਵੱਲੋਂ ਲੋਕਾਂ ਨੂੰ ਦਿਲ ਨਾਲ ਸਬੰਧਿਤ ਬਿਮਾਰੀਆਂ ਦੇ ਕਾਰਨਾਂ, ਲੱਛਣਾਂ, ਬਚਾਅ ਦੇ ਤਰੀਕਿਆਂ ਅਤੇ ਸਿਹਤਮੰਦ ਜੀਵਨ ਸ਼ੈਲੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਐੱਸ.ਐੱਮ.ਓ ਡਾ. ਸ਼ੈਲੀ ਅਰੋੜਾ ਨੇ ਕਿਹਾ ਕਿ ਤੰਦਰੁਸਤ ਅਤੇ ਖੁਸ਼ਹਾਲ ਜੀਵਨ ਲਈ ਦਿਲ ਦਾ ਸਿਹਤਮੰਦ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਬਦਲਦੀ ਜੀਵਨ ਸ਼ੈਲੀ, ਗੈਰ-ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ, ਸਰੀਰਕ ਗਤੀਵਿਧੀਆਂ ਦੀ ਘਾਟ, ਤਣਾਅ, ਤੰਬਾਕੂਨੋਸ਼ੀ ਅਤੇ ਹੋਰ ਕਈ ਕਾਰਕ ਦਿਲ ਦੀ ਸਿਹਤ ਨੂੰ ਪ੍ਰਭਾਵਿਤ ਕਰ ਸਕਦੇ ਹਨ। ਸਿਹਤ ਕਰਮਚਾਰੀਆਂ ਨੇ ਦੱਸਿਆ ਕਿ ਦਿਲ ਦੀ ਸਿਹਤ ਨੂੰ ਬਣਾਈ ਰੱਖਣ ਲਈ ਬਲੱਡ ਪ੍ਰੈਸ਼ਰ, ਬਲੱਡ ਸ਼ੂਗਰ ਅਤੇ ਕੋਲੈਸਟ ?ਰੋਲ ਆਦਿ ਦੀ ਸਮੇਂ-ਸਮੇਂ 'ਤੇ ਜਾਂਚ ਕਰਵਾਉਣਾ ਵੀ ਮਹੱਤਵਪੂਰਨ ਹੈ। ਡਾ. ਸ਼ੈਲੀ ਅਰੋੜਾ ਨੇ ਕਿਹਾ ਕਿ ਦਿਲ ਦੀ ਸਿਹਤ ਸਿਰਫ਼ ਕਿਸੇ ਇੱਕ ਦਿਨ ਦੀ ਚਿੰਤਾ ਨਹੀਂ, ਸਗੋਂ ਪੂਰੀ ਜ਼ਿੰਦਗੀ ਦੀ ਜ਼ਿੰਮੇਵਾਰੀ ਹੈ। ਇਸ ਮੌਕੇ ਬਲਾਕ ਐਜੂਕੇਟਰ ਜਗਤਾਰ ਸਿੰਘ, ਮਨਜੀਤ ਸਿੰਘ, ਸੁਰਿੰਦਰ ਕੌਰ, ਦਰਸ਼ਨ ਕੌਰ ਐਲ.ਐਚ.ਵੀ, ਸੱਤਪਾਲ ਸਿੰਘ, ਬਲਬੀਰ ਸਿੰਘ ਅਤੇ ਪਿੰਡ ਵਾਸੀ ਆਦਿ ਹਾਜ਼ਰ ਸਨ

ਤੰਦਰੁਸਤ ਰਹਿਣ ਲਈ ਸਰੀਰਕ ਮਿਹਨਤ ਜ਼ਰੂਰੀ: ਡਾ. ਰਮਨਦੀਪ ਸਿੰਗਲਾ

ਫਰੀਦਕੋਟ, 29 ਸਤੰਬਰ (ਗੁਰਪ੍ਰੀਤ ਸਿੰਘ ਔਲਖ): ਡਾ. ਰਮਨਦੀਪ ਸਿੰਗਲਾ ਸਿਵਲ ਸਰਜਨ ਫਰੀਦਕੋਟ ਵੱਲੋਂ ਵਿਸ਼ਵ ਦਿਲ ਦਿਵਸ ਮੌਕੇ ਇੱਕ ਜਾਗਰੂਕਤਾ ਪੋਸਟਰ ਜਾਰੀ ਕੀਤਾ ਗਿਆ। ਇਸ ਮੌਕੇ ਉਹਨਾਂ ਨਾਲ ਸਹਾਇਕ ਸਿਵਲ ਸਰਜਨ ਡਾ. ਪਰਵਜੀਤ ਸਿੰਘ ਗੁਲਾਟੀ, ਡਿਪਟੀ ਮਾਸ ਮੀਡੀਆ ਅਫ਼ਸਰ ਸੁਧੀਰ ਧੀਰ, ਸੀਨੀਅਰ ਫਾਰਮੇਸੀ ਅਫ਼ਸਰ ਸੁਨੀਲ ਸਿੰਗਲਾ, ਸਟੈਨੋ ਸੰਤੋਸ਼ ਸ਼ਰਮਾ, ਰਾਉ ਵਰਿੰਦਰ ਸਿੰਘ ਕਲਰਕ ਆਦਿ ਹਾਜਰ ਸਨ। ਇਸ ਮੌਕੇ ਡਾ. ਰਮਨਦੀਪ ਸਿੰਗਲਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਅੱਜ ਕੱਲ ਮਸ਼ੀਨੀ ਯੁੱਗ ਆਉਣ ਕਾਰਨ ਹਰ ਕੰਮ ਥੋੜੇ ਸਮੇਂ ਵਿੱਚ ਹੋ ਜਾਂਦਾ ਹੈ ਅਤੇ ਸ਼ਰੀਰਕ ਬਲ ਦੀ ਵਰਤੋਂ ਬਹੁਤ ਘੱਟ ਹੁੰਦੀ ਹੈ ਪ੍ਰੰਤੂ ਪੁਰਾਣੇ ਸਮਿਆਂ ਵਿੱਚ ਪੰਜਾਬ ਦੇ ਲੋਕ ਸਖਤ ਮਿਹਨਤ ਕਰਨ ਕਾਰਨ ਜਾਣੇ ਜਾਂਦੇ ਸਨ ਜਿਸ ਕਾਰਨ ਸ਼ੂਗਰ ਅਤੇ ਦਿਲ ਨਾਲ ਸਬੰਧਤ ਬਿਮਾਰੀਆਂ ਬਹੁਤ ਘੱਟ ਲੋਕਾਂ ਨੂੰ ਹੁੰਦੀਆਂ ਸਨ ਪਰ ਜਿਸ ਤਰਾਂ ਮਨੁੱਖ ਨੇ ਕੰਮ ਕਰਨ ਦੀ ਆਦਤ ਨੂੰ ਘੱਟ ਕੀਤਾ ਉਸਦੇ ਮੁਤਾਬਕ ਆਪਣੀ ਖੁਰਾਕ ਘੱਟ ਨਹੀਂ ਕੀਤੀ ਜੋ ਕਿ ਉਸਦੀ ਬਿਮਾਰੀ ਦਾ ਮੁੱਖ ਕਾਰਨ ਹੈ। ਪੌਸ਼ਟਿਕ ਖੁਰਾਕ ਖਾਣੀ ਚਾਹੀਦੀ ਹੈ, ਤਲੇ ਹੋਏ ਭੋਜਨ ਤੋਂ ਪ੍ਰਹੇਜ ਕਰਨਾ ਚਾਹੀਦਾ ਹੈ ਅਤੇ ਖਾਣੇ ਵਿੱਚ ਨਮਕ ਦੀ ਵਰਤੋਂ ਘੱਟ ਕਰਨੀ ਚਾਹੀਦੀ ਹੈ ਅਤੇ ਤਣਾਅ ਮੁਕਤ ਜੀਵਨ ਬਤੀਤ ਕਰਨਾ ਚਾਹੀਦਾ ਹੈ।

ਰਾਜਨੀਤਿਕ ਪਾਰਟੀਆਂ ਨੇ ਭਗਤ ਸਿੰਘ ਦੀ ਵਿਚਾਰਧਾਰਾ ਨੂੰ ਨਹੀਂ ਅਪਣਾਇਆ: ਜਗਮੋਹਨ ਸਿੰਘ

ਮੋਗਾ, 29 ਸਤੰਬਰ (ਜਗਰਾਜ ਸਿੰਘ ਸੰਘਾ) : ਦੇਸ਼ ਦੀਆਂ ਰਾਜਨੀਤਕ ਪਾਰਟੀਆਂ ਨੇ ਸਿਰਫ ਸੱਤਾ ਹਥਿਆਉਣ ਲਈ ਭਗਤ ਸਿੰਘ ਨੂੰ ਅਪਣਾਇਆ ਜਦਕਿ ਲੋੜ ਉਸਦੀ ਵਿਚਾਰਧਾਰਾ ਨੂੰ ਅਪਨਾਉਣ ਦੀ ਸੀ। ਸ਼ਹੀਦਾਂ ਦੀਆਂ ਸਮਾਧੀਆਂ ਤੇ ਖੜ੍ਹ ਕੇ ਹੱਥਾਂ ਵਿੱਚ ਸ਼ਹੀਦਾਂ ਦੀ ਧਰਤੀ ਦੀ ਮਿੱਟੀ ਲੈ ਕੇ, ਬਸੰਤੀ ਰੰਗ ਦੀਆਂ ਪੱਗਾਂ ਬੰਨ੍ਹ ਕੇ ਵੱਡੀਆਂ ਵੱਡੀਆਂ ਕਸਮਾਂ ਖਾ ਕੇ ਲੋਕਾਂ ਨੂੰ ਵਾਰ ਵਾਰ ਮੂਰਖ ਬਣਾਇਆ ਗਿਆ ਤੇ ਉਨ੍ਹਾਂ ਦੀਆਂ ਭਾਵਨਾਵਾਂ ਨਾਲ ਖੇਡ ਕੇ ਸੱਤਾ ਹਾਸਲ ਕੀਤੀ ਗਈ ਪਰ ਸੂਬੇ ਜਾਂ ਦੇਸ਼ ਦੇ ਹਾਲਾਤ ਨਹੀਂ ਬਦਲੇ। ਸਭ ਲਈ ਰੁਜ਼ਗਾਰ, ਨਿਆਂ ਅਤੇ ਬਰਾਬਰੀ ਲਈ ਕਿਸੇ ਰਾਜਨੀਤਿਕ ਪਾਰਟੀ ਨੇ ਕੰਮ ਨਹੀਂ ਕੀਤਾ, ਇੱਥੇ ਕਿਹਾ ਜਾ ਸਕਦਾ ਹੈ ਕਿ ਸਾਡਾ ਦੇਸ਼ ਅਜ਼ਾਦ ਨਹੀਂ ਹੋਇਆ, ਸਿਰਫ ਸੱਤਾ ਬਦਲੀ ਹੈ,ਇਸ ਮੌਕੇ ਈ ਡੀ ਦੇ ਸਾਬਕਾ ਡਿਪਟੀ ਡਾਇਰੈਕਟਰ ਨਿਰੰਜਨ ਸਿੰਘ, ਪੰਜਾਬੀ ਦੇ ਉਘੇ ਲੇਖਕ ਬਲਦੇਵ ਸਿੰਘ ਸੜਕਨਾਮਾ, ਗੁਰਮੇਲ ਸਿੰਘ ਬੌਡੇ, ਸੈਨੇਟ ਮੈਂਬਰ ਪ੍ਰੋ. ਵਰੁਨ ਗੋਇਲ, ਪ੍ਰੋ. ਸਿਮਰਨਜੀਤ ਕੌਰ, ਸੋਸ਼ਲ ਐਕਟਿਵਿਸਟ ਪ੍ਰੀਤੀ ਤਿਆਗੀ, ਜੱਸ ਢਿੱਲੋਂ, ਅਜੇ ਗੋਰਾ ਸੂਦ ਅਤੇ ਡਾ ਕੁਲਦੀਪ ਸਿੰਘ ਗਿੱਲ ਨੇ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਨਾਮ ਅੱਜ ਦਾ ਭਾਰਤ ਵਿਸ਼ੇ ਤੇ ਬੋਲਦਿਆਂ ਉਨ੍ਹਾਂ ਦੀ ਸੋਚ ਅਤੇ ਵਿਚਾਰਧਾਰਾ ਨੂੰ ਅਪਨਾਉਣ ਤੇ ਜ਼ੋਰ ਦਿੰਦਿਆਂ ਕਿਹਾ ਕਿ ਜੇ ਦੇਸ਼ ਅਤੇ ਸੂਬੇ ਦਾ ਸਿਹਤਮੰਦ ਵਿਕਾਸ ਕਰਨਾ ਹੈ ਤਾਂ ਭਗਤ ਸਿੰਘ ਦੇ ਨਾਲ ਨਾਲ ਉਸਦੀ ਵਿਚਾਰਧਾਰਾ ਨੂੰ ਵੀ ਅਪਨਾਉਣਾ ਪਵੇਗਾ। ਇਸ ਮੌਕੇ ਰਾਜਨੀਤਿਕ ਨੇਤਾਵਾਂ ਕਾਂਗਰਸੀ ਆਗੂ ਵਿਨੋਦ ਬਾਂਸਲ, ਲਾਭ ਸਿੰਘ ਆਹਲੂਵਾਲੀਆ, ਸਾਥੀ ਵਿਜੇ ਕੁਮਾਰ, ਧਰਮਪਾਲ ਸਿੰਘ ਡੀ ਪੀ, ਪਰਮਪਾਲ ਸਿੰਘ ਤਖਤੂਪੁਰਾ, ਅਕਾਲੀ ਦਲ ਆਗੂ ਸੰਜੀਤ ਸਿੰਘ ਸੰਨੀ ਗਿੱਲ ਨੇ ਆਪਣੇ ਸੰਬੋਧਨ ਦੌਰਾਨ ਮੰਨਿਆ ਕਿ ਅੱਜ ਦੇਸ਼ ਦੇ ਹਾਲਾਤ ਜਿਆਦਾ ਚੰਗੇ ਨਹੀਂ ਇਸ ਮੌਕੇ ਸਿਵਲ ਸੁਸਾਇਟੀ ਮੈਂਬਰ ਮਹਿੰਦਰ ਪਾਲ ਲੂੰਬਾ, ਅਮਰਜੀਤ ਸਿੰਘ ਜੱਸਲ, ਦਿਆਲ ਸਿੰਘ, ਵੀ ਪੀ ਸੇਠੀ, ਕੰਵਲਜੀਤ ਸਿੰਘ ਮਹੇਸਰੀ, ਅਕਬਰ ਖਾਂ, ਦਲਜੀਤ ਸਿੰਘ ਭੁੱਲਰ, ਪ੍ਰੋ ਰਾਣਾ ਸੂਦ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀ ਹਾਜਰ ਸਨ।

80 ਫੀਸਦੀ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਦੇ ਕੰਮ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਸਰਕਾਰ ਸਮੇਂ ਹੋਏ : ਬਰਾੜ

ਕੋਟਕਪੂਰਾ, 29 ਸਤੰਬਰ (ਗੁਰਪ੍ਰੀਤ ਸਿੰਘ ਔਲਖ): ਗੁਰਦੁਆਰਾ ਸਾਹਿਬ ਮਾਤਾ ਦਇਆ ਕੌਰ ਸੰਧਵਾਂ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਨਿਯੁਕਤੀ ਪੱਤਰ ਵੰਡਣ ਦੇ ਰੱਖੇ ਸਮਾ

ਸਰਕਾਰੀ ਹਸਪਤਾਲਾਂ 'ਚ ਮਰੀਜ਼ਾਂ ਦੀ ਗਿਣਤੀ ਦੇ ਆਧਾਰ 'ਤੇ ਡਾਕਟਰਾਂ ਤੇ ਸਹਾਇਕ ਸਟਾਫ਼ ਨੂੰ ਮਿਲੇਗਾ ਸਪੈਸ਼ਲ ਇੰਸੈਂਟਿਵ - ਮੁੱਖ ਮੰਤਰੀ ਸੈਣੀ

ਚੰਡੀਗੜ੍ਹ, 29 ਸਤੰਬਰ (ਰਾਜੇਂਦਰ ਸਿੰਘ ਜਾਦੌਂ):- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਯੁਸ਼ਮਾਨ ਭਾਰਤ ਅਤੇ ਚਿਰਾਯੂ ਯੋਜਨਾ ਦੇ ਮਰੀਜ਼ਾਂ ਨੂੰ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਕਰਵਾਉਣ ਲਈ ਉਤਸ਼ਾਹਿਤ ਕਰਨ ਵਾਸਤੇ ਸਿਹਤ ਵਿਭਾਗ ਪ੍ਰੋ-ਐਕਟਿਵ ਹੋ ਕੇ ਕੰਮ ਕਰਨ। ਜਿਨ੍ਹਾਂ ਸਰਕਾਰੀ ਹਸਪਤਾਲਾਂ ਵਿੱਚ ਮਰੀਜ਼ਾਂ ਦੀ ਗਿਣਤੀ ਵਧੇਗੀ, ਉਨ੍ਹਾਂ ਦੇ ਡਾਕਟਰਾਂ, ਸਹਾਇਕ ਸਟਾਫ਼ ਅਤੇ ਆਯੁਸ਼ਮਾਨ ਮਿੱਤਰਾਂ ਨੂੰ ਸਪੈਸ਼ਲ ਇੰਸੈਂਟਿਵ ਰਾਸ਼ੀ ਦਿੱਤੀ ਜਾਵੇਗੀ ਮੁੱਖ ਮੰਤਰੀ ਨੇ ਇਹ ਗੱਲ ਮੰਗਲਵਾਰ ਨੂੰ ਹਰਿਆਣਾ ਸਿਵਲ ਸਕੱਤਰੇਤ ਵਿੱਚ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਆਯੋਜਿਤ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਹੀ। ਉਨ੍ਹਾਂ ਕਿਹਾ ਕਿ ਆਯੁਸ਼ਮਾਨ ਭਾਰਤ ਅਤੇ ਚਿਰਾਯੂ ਯੋਜਨਾ ਦੇ ਮਰੀਜ਼ਾਂ ਦੇ ਇਲਾਜ ਦੇ ਬਦਲੇ ਸਰਕਾਰੀ ਹਸਪਤਾਲਾਂ ਨੂੰ ਜੋ ਰਾਸ਼ੀ ਮਿਲੇਗੀ, ਉਸ ਦੀ ਵਰਤੋਂ ਸੰਬੰਧਿਤ ਹਸਪਤਾਲ ਵਿੱਚ ਡਾਕਟਰਾਂ ਤੇ ਸਟਾਫ਼ ਦੇ ਸਪੈਸ਼ਲ ਇੰਸੈਂਟਿਵ, ਹਸਪਤਾਲ ਦੇ ਅਪਗ੍ਰੇਡੇਸ਼ਨ, ਸਫ਼ਾਈ ਦੇ ਕੰਮਾਂ, ਆਯੁਸ਼ਮਾਨ ਮਿੱਤਰਾਂ ਨੂੰ ਉਤਸ਼ਾਹ ਰਾਸ਼ੀ ਆਦਿ ਵਿੱਚ ਖਰਚ ਕੀਤੀ ਜਾਵੇਗੀ। ਇਸ ਸੰਬੰਧ ਵਿੱਚ ਪੇਸ਼ ਕੀਤੇ ਗਏ ਸਿਹਤ ਵਿਭਾਗ ਦੇ ਪ੍ਰਸਤਾਵ ਨੂੰ ਸਰਕਾਰ ਦੁਆਰਾ ਪ੍ਰਵਾਨਗੀ ਦੇ ਦਿੱਤੀ ਗਈ ਹੈ। ਮੀਟਿੰਗ ਵਿੱਚ ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਸ਼੍ਰੀ ਰਾਜੇਸ਼ ਖੁੱਲਰ, ਸਿਹਤ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤ ਮਿਸ਼ਰਾ, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਦੇ ਸਕੱਤਰ ਸੀ.ਜੀ. ਰਜਨੀਕਾਂਥਨ, ਡਾਇਰੈਕਟਰ ਧੀਰੇਂਦਰ ਖੜਗਟਾ, ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

ਯੁੱਧ ਨਸ਼ਿਆਂ ਵਿਰੁੱਧ ਨਸ਼ਾ ਮੁਕਤੀ ਮੋਰਚਾ ਮੁਹਿੰਮ ਤਹਿਤ ਪਿੰਡਾਂ ਵਿੱਚ ਜਾਗਰੂਕਤਾ ਮੀਟਿੰਗਾਂ ਦਾ ਸਿਲਸਿਲਾ ਜਾਰੀ

ਮੋਰਿੰਡਾ, 29 ਸਤੰਬਰ(ਬਲਵੀਰ ਸਿੰਘ ਚਲਾਕੀ): ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਨਸ਼ਾ ਮੁਕਤੀ ਮੋਰਚਾ ਮੁਹਿੰਮ ਤਹਿਤ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਵੱਖ-ਵੱਖ ਪਿੰਡਾਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪਿੰਡ ਪੱਧਰ 'ਤੇ ਜਾਗਰੂਕਤਾ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਇਸੇ ਤਹਿਤ ਅੱਜ ਬਲਾਕ ਮੋਰਿੰਡਾ ਦੇ ਪਿੰਡ ਮੜੌਲੀ ਕਲਾਂ ਵਿਖੇ ਮੀਟਿੰਗ ਕਰਵਾਈ ਗਈ, ਜਿਸ ਵਿੱਚ ਪਿੰਡ ਵਾਸੀਆਂ ਨਾਲ ਨਸ਼ਿਆਂ ਦੀ ਰੋਕਥਾਮ, ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਜ਼ਿਲ੍ਹਾ ਕੋਆਰਡੀਨੇਟਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਸ. ਹਰਪ੍ਰੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਪਿੰਡ ਪੱਧਰ 'ਤੇ ਕਰਵਾਈਆਂ ਜਾ ਰਹੀਆਂ ਇਹ ਮੀਟਿੰਗਾਂ ਮੁਹਿੰਮ ਨੂੰ ਲੋਕਾਂ ਨਾਲ ਸਿੱਧੇ ਤੌਰ 'ਤੇ ਜੋੜਨ ਦਾ ਮਹੱਤਵਪੂਰਨ ਮਾਧਿਅਮ ਹਨ। ਉਨ੍ਹਾਂ ਕਿਹਾ ਕਿ ਅੱਜ ਬਲਾਕ ਮੋਰਿੰਡਾ ਦੇ ਪਿੰਡ ਮੜੌਲੀ ਕਲਾਂ ਵਿਖੇ ਮੀਟਿੰਗ ਹੋਈ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਨਿਰਧਾਰਤ ਸਮੇਂ ਅਨੁਸਾਰ ਬਲਾਕ ਦੇ ਹੋਰਨਾਂ ਪਿੰਡਾਂ ਵਿੱਚ ਵੀ ਮੀਟਿੰਗਾਂ ਕਰਵਾਈਆਂ ਜਾਣਗੀਆਂ ਜ਼ਦਕਿ ਬਲਾਕ ਮੋਰਿੰਡਾ ਦੀਆਂ ਮੀਟਿੰਗਾਂ ਉਪ ਮੰਡਲ ਮੈਜਿਸਟ੍ਰੇਟ ਮੋਰਿੰਡਾ ਚੇਤਨ ਬੰਗੜ ਅਤੇ ਸਬੰਧਤ ਪੁਲਿਸ, ਬਲਾਕ ਵਿਕਾਸ ਤੇ ਪੰਚਾਇਤ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਮੀਟਿੰਗਾਂ ਦੌਰਾਨ ਪਿੰਡ ਵਾਸੀਆਂ ਤੋਂ ਨਸ਼ਿਆਂ ਦੀ ਮੌਜੂਦਾ ਸਥਿਤੀ ਬਾਰੇ ਸਿੱਧੀ ਪ੍ਰਤੀਕਿਰਿਆ ਅਤੇ ਸੁਝਾਅ ਵੀ ਲਏ ਜਾ ਰਹੇ ਹਨ।

ਇਸ ਮੌਕੇ ਪਿੰਡ ਮੜੌਲੀ ਕਲਾਂ ਦੇ ਵਸਨੀਕਾਂ ਨੇ ਦੱਸਿਆ ਕਿ ਪਿਛਲੇ ਸਮੇਂ ਦੇ ਮੁਕਾਬਲੇ ਇਲਾਕੇ ਵਿੱਚ ਨਸ਼ਿਆਂ ਦੀ ਸਮੱਸਿਆ ਵਿੱਚ ਕਮੀ ਮਹਿਸੂਸ ਕੀਤੀ ਜਾ ਰਹੀ ਹੈ ਅਤੇ ਇਸ ਸਬੰਧੀ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ। ਹਲਕਾ ਸ੍ਰੀ ਚਮਕੌਰ ਸਾਹਿਬ ਦੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਕੋਆਰਡੀਨੇਟਰ ਪ੍ਰਸ਼ੋਤਮ ਸਿੰਘ ਮਾਹਲ ਨੇ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਲੋਕਾਂ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡ ਵਾਸੀ ਨਸ਼ਿਆਂ ਦੇ ਖਾਤਮੇ ਲਈ ਪੁਲਿਸ ਪ੍ਰਸ਼ਾਸਨ, ਸਿਵਲ ਪ੍ਰਸ਼ਾਸਨ ਅਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਟੀਮ ਨਾਲ ਮੋਢੇ ਨਾਲ ਮੋਢਾ ਜੋੜ ਕੇ ਚੱਲਣ ਲਈ ਤਿਆਰ ਹਨ।

ਹਰਸ਼ਦੀਪ ਕੌਰ ਨੇ ਓਮੈਕਸ ਵਰਲਡ ਸਟ੍ਰੀਟ ਨੂੰ ਸੰਗੀਤ ਨਾਲ ਕੀਤਾ ਰੌਸ਼ਨ, ਲਾਈਵ ਕੰਸਰਟ 'ਚ 3,000 ਲੋਕਾਂ ਨੇ ਕੀਤੀ ਸ਼ਿਰਕਤ

ਨਿਊ - ਚੰਡੀਗੜ੍ਹ, 29 ਸਤੰਬਰ (ਜੇ.ਕੇ ਬੱਤਰਾ)-ਨਿਊ ਚੰਡੀਗੜ੍ਹ ਸਥਿਤ ਓਮੈਕਸ ਵਰਲਡ ਸਟ੍ਰੀਟ ਸ਼ਨੀਵਾਰ ਸ਼ਾਮ ਇੱਕ ਰੌਣਕ ਭਰੇ ਸੰਗੀਤਕ ਮੰਚ ਵਿੱਚ ਤਬਦੀਲ ਹੋ ਗਈ, ਜਿੱਥੇ ਬਾਲੀਵੁੱਡ ਅਤੇ ਸੂਫੀ ਗਾਇਕਾ ਹਰਸ਼ਦੀਪ ਕੌਰ ਨੇ ਲਗਭਗ 3,000 ਲੋਕਾਂ ਦੇ ਸਾਹਮਣੇ ਲਾਈਵ ਪਰਫਾਰਮੈਂਸ ਦਿੱਤੀ।

'ਓਮੈਕਸ ਜ਼ੋਨ' ਦੇ ਹਿੱਸੇ ਵਜੋਂ ਕਰਵਾਏ ਗਏ ਇਸ ਕੰਸਰਟ ਵਿੱਚ ਟ ਰਾਈਸਿਟੀ ਅਤੇ ਆਸ-ਪਾਸ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਸੰਗੀਤ ਪ੍ਰੇਮੀ ਪਹੁੰਚੇ। ਸ਼ਾਮ 6 ਵਜੇ ਗੇਟ ਖੁੱਲ੍ਹਣ ਤੋਂ ਬਾਅਦ ਪਰਫਾਰਮੈਂਸ ਤੋਂ ਕਾਫ਼ੀ ਪਹਿਲਾਂ ਹੀ ਲੋਕਾਂ ਦੀ ਆਮਦ ਸ਼ੁਰੂ ਹੋ ਗਈ ਸੀ, ਜਿਸ ਨਾਲ ਪੂਰਾ ਮਾਹੌਲ ਸੰਗੀਤ ਅਤੇ ਮਨੋਰੰਜਨ ਲਈ ਤਿਆਰ ਹੋ ਗਿਆ।

ਆਪਣੀ ਵਿਲੱਖਣ ਆਵਾਜ਼ ਅਤੇ ਦਿਲ ਨੂੰ ਛੂਹਣ ਵਾਲੀਆਂ ਗਾਇਕੀ ਲਈ ਜਾਣੀ ਜਾਂਦੀ ਹਰਸ਼ਦੀਪ ਕੌਰ ਨੇ ਲਾਈਵ ਪਰਫਾਰਮੈਂਸ ਨਾਲ ਦਰਸ਼ਕਾਂ ਨੂੰ ਮੋਹ ਲਿਆ। ਉਨ੍ਹਾਂ ਨੇ ਬਾਲੀਵੁੱਡ ਦੇ ਗੀਤਾਂ, ਸੂਫੀ ਰਚਨਾਵਾਂ ਅਤੇ ਪੰਜਾਬੀ ਗੀਤਾਂ ਦੇ ਨਾਲ ਸ਼ਾਮ ਨੂੰ ਸੰਗੀਤਮਈ ਬਣਾ ਦਿੱਤਾ। ਜਾਣੇ-ਪਛਾਣੇ ਗੀਤਾਂ ਦੌਰਾਨ ਦਰਸ਼ਕ ਵੀ ਗਾਇਕਾ ਦੇ ਨਾਲ ਗਾਉਂਦੇ ਨਜ਼ਰ ਆਏ।

ਪਰਫਾਰਮੈਂਸ ਦੇ ਅੱਗੇ ਵਧਣ ਨਾਲ ਮੌਕੇ 'ਤੇ ਉਤਸ਼ਾਹ ਹੋਰ ਵਧਦਾ ਗਿਆ। ਦਰਸ਼ਕ ਗੀਤਾਂ ਨਾਲ ਗਾਉਂਦੇ ਅਤੇ ਹਰ ਪੇਸ਼ਕਾਰੀ 'ਤੇ ਜੋਸ਼ ਨਾਲ ਪ੍ਰਤੀਕਿਰਿਆ ਦਿੰਦੇ ਰਹੇ। ਓਮੈਕਸ ਵਰਲਡ ਸਟ ਰੀਟ ਦਾ ਖੁੱਲ੍ਹਾ ਮਾਹੌਲ ਵੀ ਇਸ ਸ਼ਾਮ ਨੂੰ ਹੋਰ ਖਾਸ ਬਣਾਉਂਦਾ ਰਿਹਾ, ਜਿੱਥੇ ਪਰਿਵਾਰਾਂ, ਨੌਜਵਾਨਾਂ ਅਤੇ ਦੋਸਤਾਂ ਦੇ ਗਰੁੱਪਾਂ ਨੇ ਇਕੱਠੇ ਸਮਾਂ ਬਿਤਾਇਆ।

ਓਮੈਕਸ ਗਰੁੱਪ ਦੇ ਐਗਜ਼ਿਕਿਊਟਿਵ ਡਾਇਰੈਕਟਰ ਜਤਿਨ ਗੌਇਲ ਨੇ ਕਿਹਾ, "ਸੰਗੀਤ ਲੋਕਾਂ ਨੂੰ ਇਕੱਠਾ ਕਰਨ ਦਾ ਇੱਕ ਸ਼ਾਨਦਾਰ ਜ਼ਰੀਆ ਹੈ ਅਤੇ ਹਰਸ਼ਦੀਪ ਕੌਰ ਦੀ ਪਰਫਾਰਮੈਂਸ ਨੂੰ ਮਿਲਿਆ ਹੁੰਗਾਰਾ ਇਸ ਦੀ ਮਿਸਾਲ ਹੈ।

ਇਹ ਕੰਸਰਟ ਨਿਊ ਚੰਡੀਗੜ੍ਹ ਦੇ ਬਦਲਦੇ ਰੂਪ ਨੂੰ ਵੀ ਦਰਸਾਉਂਦਾ ਹੈ, ਜਿੱਥੇ ਮਨੋਰੰਜਨ, ਰਿਟੇਲ, ਡਾਇਨਿੰਗ ਅਤੇ ਲੀਜ਼ਰ ਹੁਣ ਖੇਤਰ ਦੀ ਤੇਜ਼ੀ ਨਾਲ ਵਿਕਸਤ ਹੋ ਰਹੀ ਲਾਈਫਸਟਾਈਲ ਦਾ ਹਿੱਸਾ ਬਣ ਰਹੇ ਹਨ। ਅਜਿਹੇ ਸਮਾਗਮ ਵਸਨੀਕਾਂ ਅਤੇ ਇੱਥੇ ਆਉਣ ਵਾਲੇ ਲੋਕਾਂ ਲਈ ਰਵਾਇਤੀ ਰਿਟੇਲ ਅਤੇ ਵਪਾਰਕ ਗਤੀਵਿਧੀਆਂ ਤੋਂ ਇਲਾਵਾ ਮਨੋਰੰਜਨ ਅਤੇ ਤਜਰਬਿਆਂ ਦੇ ਨਵੇਂ ਮੌਕੇ ਪੈਦਾ ਕਰ ਰਹੇ ਹਨ।

ਦਰਸ਼ਕਾਂ ਲਈ ਇਹ ਸ਼ਾਮ ਪੂਰੀ ਤਰ੍ਹਾਂ ਸੰਗੀਤ ਦੇ ਨਾਮ ਰਹੀ। ਹਰਸ਼ਦੀਪ ਕੌਰ ਦੀ ਦਮਦਾਰ ਆਵਾਜ਼ ਅਤੇ ਉਨ੍ਹਾਂ ਦੇ ਲੋਕਪ੍ਰਿਯ ਗੀਤਾਂ ਦੀ ਗੂੰਜ ਓਮੈਕਸ ਵਰਲਡ ਸਟ ਰੀਟ ਵਿੱਚ ਦੇਰ ਤੱਕ ਸੁਣਾਈ ਦਿੰਦੀ ਰਹੀ ਅਤੇ ਇਸ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਨੂੰ ਇੱਕ ਸਾਂਝੇ ਸੰਗੀਤਕ ਅਨੁਭਵ ਨਾਲ ਜੋੜ ਦਿੱਤਾ।

ਰਾਜੋਆਣਾ ਚੰਡੀਗੜ੍ਹ ਪੀਜੀਆਈ 'ਚ ਦਾਖਿਲ

ਪਟਿਆਲਾ 29 ਸਤੰਬਰ (ਰਾਜਿੰਦਰ ਸਿੰਘ ਬਿੰਦ) : ਪਟਿਆਲਾ ਦੀ ਕੇਂਦਰੀ ਜੇਲ੍ਹ ਵਿਚ ਬੰਦ ਬਲਵੰਤ ਸਿੰਘ ਰਾਜੋਆਣਾ ਨੂੰ ਅੱਜ ਅੱਖਾਂ ਦੀ ਜਾਂਚ ਅਤੇ ਇਲਾਜ ਲਈ ਪੀਜੀਆਈ ਚੰਡੀਗੜ੍ਹ ਲਿਆਂਦਾ ਗਿਆ। ਇਸ ਦੌਰਾਨ ਚੰਡੀਗੜ੍ਹ ਪੁਲਸ ਅਤੇ ਕੇਂਦਰੀ ਸੁਰੱਖਿਆ ਬਲਾਂ ਵੱਲੋਂ ਸੁਰੱਖਿਆ ਦੇ ਸਖ਼ਤ ਬੰਦੋਬਸਤ ਕੀਤੇ ਗਏ ਸਨ। ਜਾਣਕਾਰਾਂ ਮੁਤਾਬਕ ਰਾਜੋਆਣਾ ਦੋ ਤੋਂ ਤਿੰਨ ਘੰਟੇ ਪੀਜੀਆਈ ਦੇ ਡਾਕਟਰਾਂ ਦੀ ਦੇਖ-ਰੇਖ ਹੇਠ ਰਹੇ, ਜਿਸ ਤੋਂ ਬਾਅਦ ਉਨ੍ਹਾਂ ਨੂੰ ਦੁਬਾਰਾ ਪਟਿਆਲਾ ਜੇਲ੍ਹ ਲਈ ਰਵਾਨਾ ਕਰ ਦਿੱਤਾ ਗਿਆ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਲਵੰਤ ਸਿੰਘ ਰਾਜੋਆਣਾ ਨੇ ਕੇਂਦਰ ਸਰਕਾਰ, ਸੁਪਰੀਮ ਕੋਰਟ ਅਤੇ ਦੇਸ਼ ਦੀ ਨਿਆਇਕ ਪ੍ਰਣਾਲੀ ਉੱਤੇ ਤਿੱਖੇ ਨਿਸ਼ਾਨੇ ਸਾਧੇ। ਰਾਜੋਆਣਾ ਨੇ ਕਿਹਾ ਕਿ ਪਿਛਲੇ 15 ਸਾਲਾਂ ਤੋਂ ਉਨ੍ਹਾਂ ਦੀ ਪਟੀਸ਼ਨ ਕੇਂਦਰ ਸਰਕਾਰ ਅਤੇ ਰਾਸ਼ਟਰਪਤੀ ਕੋਲ ਵਿਚਾਰ ਅਧੀਨ ਹੈ, ਜਿਸ ਉੱਤੇ ਅਜੇ ਤੱਕ ਕੋਈ ਅੰਤਿਮ ਫੈਸਲਾ ਨਹੀਂ ਲਿਆ ਗਿਆ। ਰਾਜੋਆਣਾ ਨੇ ਸਪੱਸ਼ਟ ਕੀਤਾ ਕਿ ਮੈਂ ਆਪ ਕਦੇ ਸਰਕਾਰ ਜਾਂ ਰਾਸ਼ਟਰਪਤੀ ਨੂੰ ਇਹ ਅਪੀਲ ਨਹੀਂ ਸੀ ਕੀਤੀ ਕਿ ਮੇਰੀ ਫਾਂਸੀ ਦੀ ਸਜ਼ਾ 'ਤੇ ਰੋਕ ਲਗਾਈ ਜਾਵੇ ਜਾਂ ਮੇਰੀ ਪਟੀਸ਼ਨ ਸਵੀਕਾਰ ਕੀਤੀ ਜਾਵੇ। ਇਹ ਪਟੀਸ਼ਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਾਈ ਗਈ ਸੀ। ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਅਤੇ ਗ੍ਰਹਿ ਮੰਤਰਾਲੇ ਨੇ ਇਸ ਅਪੀਲ ਨੂੰ ਸਵੀਕਾਰ ਕੀਤਾ ਸੀ ਅਤੇ ਫਾਂਸੀ ਉੱਤੇ ਰੋਕ ਲਗਾਈ ਸੀ ਤਾਂ ਹੁਣ ਇਸ ਉੱਤੇ ਅੰਤਿਮ ਫੈਸਲਾ ਕਰਨਾ ਵੀ ਉਨ੍ਹਾਂ ਦਾ ਹੀ ਫਰਜ਼ ਬਣਦਾ ਹੈ। ਜੋ ਵੀ ਫੈਸਲਾ ਸਰਕਾਰ ਕਰਨਾ ਚਾਹੁੰਦੀ ਹੈ, ਉਹ ਜਲਦ ਤੋਂ ਜਲਦ ਕਰੇ। 15 ਸਾਲਾਂ ਤੱਕ ਕਿਸੇ ਮਾਮਲੇ ਨੂੰ ਲਟਕਾ ਕੇ ਰੱਖਣਾ ਆਪਣੇ ਆਪ ਵਿੱਚ ਮਨੁੱਖੀ ਅਧਿਕਾਰਾਂ ਦੀ ਵੱਡੀ ਉਲੰਘਣਾ ਹੈ।

ਬਾਬਾ ਬੰਦਾ ਸਿੰਘ ਬਹਾਦਰ ਇੰਜੀਨਿਅਰਿੰਗ ਕਾਲਜ ਵਿਖੇ ਆਈ.ਕੇ.ਜੀ. ਪੀ.ਟੀ.ਯੂ. ਸਾਊਥ ਜ਼ੋਨ ਯੂਥ ਫੈਸਟੀਵਲ ਦਾ ਸ਼ਾਨਦਾਰ ਆਗਾਜ਼

ਫ਼ਤਹਿਗੜ੍ਹ ਸਾਹਿਬ, 29 ਸਤੰਬਰ (ਅਭਿਸ਼ੇਕ ਮਲਹੋਤਰਾ)-ਫਤਿਹਗੜ੍ਹ ਸਾਹਿਬ, 29 ਸਤੰਬਰ: ਬਾਬਾ ਬੰਦਾ ਸਿੰਘ ਬਹਾਦਰ ਇੰਜਨੀਅਰਿਗ ਕਾਲਜ, ਫਤਿਹਗੜ੍ਹ ਸਾਹਿਬ ਵਿਖੇ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਦਾ ਸਾਊਥ ਜ਼ੋਨ ਯੂਥ ਫੈਸਟੀਵਲ 2026 ਉਤਸ਼ਾਹ ਅਤੇ ਜੋਸ਼ ਨਾਲ ਸ਼ੁਰੂ ਹੋਇਆ। ਦੋ ਦਿਨ ਚੱਲਣ ਵਾਲੇ ਇਸ ਯੂਥ ਫੈਸਟੀਵਲ ਵਿੱਚ 19 ਕਾਲਜਾਂ ਦੇ ਲਗਭਗ 1000 ਵਿਦਿਆਰਥੀ ਵੱਖ-ਵੱਖ ਸੱਭਿਆਚਾਰਕ ਅਤੇ ਸਾਹਿਤਕ ਮੁਕਾਬਲਿਆਂ ਵਿੱਚ ਭਾਗ ਲੈ ਰਹੇ ਹਨ ।ਸਮਾਗਮ ਦੀ ਸ਼ੁਰੂਆਤ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਲਖਵੀਰ ਸਿੰਘ ਨੇ ਮੁੱਖ ਮਹਿਮਾਨ, ਪਤਵੰਤੇ ਸੱਜਣਾਂ, ਵੱਖ-ਵੱਖ ਕਾਲਜਾਂ ਤੋਂ ਪਹੁੰਚੇ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ। ਉਨ੍ਹਾਂ ਨੇ ਯੂਥ ਫੈਸਟੀਵਲ ਨੂੰ ਸਫਲ ਬਣਾਉਣ ਲਈ ਕਾਲਜ ਦੇ ਸਟਾਫ਼ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਸਾਰਿਆਂ ਦਾ ਧੰਨਵਾਦ ਕੀਤਾ ਇਸ ਮੌਕੇ ਪ੍ਰਸਿੱਧ ਪੰਜਾਬੀ ਅਦਾਕਾਰ ਅਤੇ ਕਲਾਕਾਰ ਗੁਰਪ੍ਰੀਤ ਘੁੱਗੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਵੀ ਆਪਣੇ ਕਲਾਤਮਕ ਸਫ਼ਰ ਦੀ ਸ਼ੁਰੂਆਤ ਅਜਿਹੇ ਹੀ ਮੰਚਾਂ ਤੋਂ ਕੀਤੀ ਸੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਯੂਥ ਫੈਸਟੀਵਲ ਵਿੱਚ ਭਾਗ ਲੈਣ ਲਈ ਵਧਾਈ ਦਿੰਦਿਆਂ ਆਪਣੀ ਰੁਚੀ ਅਤੇ ਦਿਲਚਸਪੀ ਵਾਲੇ ਖੇਤਰ ਵਿੱਚ ਲਗਨ ਨਾਲ ਅੱਗੇ ਵਧਣ ਅਤੇ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ ।ਗੁਰਪ੍ਰੀਤ ਘੁੱਗੀ ਨੇ ਵਿਦਿਆਰਥੀਆਂ ਨੂੰ ਸਮਾਰਟ ਫੋਨ ਦੀ ਜ਼ਿੰਮੇਵਾਰ ਅਤੇ ਸਹੀ ਵਰਤੋਂ ਕਰਨ ਦੀ ਸਲਾਹ ਦਿੱਤੀ। ਇਸ ਮੌਕੇ ਕਾਲਜ ਦੇ ਟਰੱਸਟੀ ਰਵਿੰਦਰ ਸਿੰਘ ਖਾਲਸਾ, ਬਲਜੀਤ ਸਿੰਘ ਭੁੱਟਾ, ਮਨਪ੍ਰੀਤ ਸਿੰਘ ਸ਼ਾਹਪੁਰਾ ਅਤੇ ਅਮਰਦੀਪ ਸਿੰਘ ਧਰਨੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਅਮਰਦੀਪ ਸਿੰਘ ਧਰਨੀ ਨੇ ਗੁਰਪ੍ਰੀਤ ਘੁੱਗੀ ਨਾਲ ਜੁੜੀਆਂ ਕੁਝ ਯਾਦਾਂ ਅਤੇ ਦਿਲਚਸਪ ਪਲ ਸਾਂਝੇ ਕਰਦਿਆਂ ਯੂਥ ਫੈਸਟੀਵਲ ਵਿੱਚ ਭਾਗ ਲੈ ਰਹੇ ਸਾਰੇ ਪ੍ਰਤੀਭਾਗੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਸਮਾਗਮ ਦੇ ਅੰਤ ਵਿੱਚ ਡਾ. ਏ.ਪੀ.ਐੱਸ. ਸੇਠੀ, ਡੀਨ ਵਿਦਿਆਰਥੀ ਮਾਮਲੇ, ਨੇ ਵ

ਸੰਪਾਦਕੀ

ਅਫ਼ਵਾਹਾਂ ਤੇ ਅੰਦੋਲਨ

ਸੋਸ਼ਲ ਮੀਡੀਆ ਨੇ ਬਿਨਾਂ ਸ਼ੱਕ ਲੋਕਾਂ ਦੇ ਸੰਚਾਰ ਕਰਨ ਤੇ ਘਟਨਾਵਾਂ ਪ੍ਰਤੀ ਪ੍ਰਤੀਕਿਰਿਆ ਦੇਣ ਦੇ ਢੰਗ ਨੂੰ ਬਦਲ ਦਿੱਤਾ ਹੈ। ਕੋਈ ਵੀ ਧਰਨਾ, ਵੀਡੀਓ, ਸ਼ਿਕਾਇਤ ਜਾਂ ਦੋਸ਼ ਕੁਝ ਹੀ ਮਿੰਟਾਂ 'ਚ ਹਜ਼ਾਰਾਂ ਲੋਕਾਂ ਤੱਕ ਪਹੁੰਚ ਸਕਦਾ ਹੈ। ਜਾਣਕਾਰੀ ਦੇ ਤੇਜ਼ੀ ਨਾਲ ਫੈਲਣ ਦੀ ਇਹ ਸਮਰੱਥਾ ਜਿੱਥੇ ਅਸਲ ਸਮੱਸਿਆਵਾਂ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਜਨਤਕ ਚਰਚਾ ਦਾ ਹਿੱਸਾ ਬਣਾਉਣ 'ਚ ਮਦਦ ਕਰ ਸਕਦੀ ਹੈ, ਉੱਥੇ ਅਧੂਰੀ, ਵਧਾ-ਚੜ੍ਹਾ ਕੇ ਪੇਸ਼ ਕੀਤੀ ਜਾਂ ਗ਼ਲਤ ਜਾਣਕਾਰੀ ਗੰਭੀਰ ਸਮੱਸਿਆਵਾਂ ਵੀ ਪੈਦਾ ਕਰ ਸਕਦੀ ਹੈ। ਕਿਸੇ ਸੰਦੇਸ਼ ਨੂੰ ਵਾਰ-ਵਾਰ ਅੱਗੇ ਭੇਜਣ ਨਾਲ ਉਹ ਤੱਥ ਨਹੀਂ ਬਣ ਜਾਂਦਾ, ਭਾਵੇਂ ਉਸ ਨੂੰ ਸੈਂਕੜੇ ਲੋਕਾਂ ਨੇ ਦੇਖਿਆ, ਪਸੰਦ ਕੀਤਾ ਜਾਂ ਸਾਂਝਾ ਕੀਤਾ ਹੋਵੇ। ਸਮੱਸਿਆ ਉਸ ਸਮੇਂ ਹੋਰ ਗੰਭੀਰ ਹੋ ਜਾਂਦੀ ਹੈ ਜਦੋਂ ਵੀਡੀਓਜ਼ ਨੂੰ ਐਡਿਟ ਕਰ ਕੇ ਪੇਸ਼ ਕੀਤਾ ਜਾਂਦਾ ਹੈ, ਪੁਰਾਣੀ ਵੀਡੀਓ ਨੂੰ ਨਵੀਂ ਘਟਨਾ ਨਾਲ ਜੋੜ ਦਿੱਤਾ ਜਾਂਦਾ ਹੈ ਜਾਂ ਆਮ ਦ੍ਰਿਸ਼ਾਂ ਨਾਲ ਸਨਸਨੀਖੇਜ਼ ਤੇ ਭਾਵਨਾਤਮਕ ਸਿਰਲੇਖ ਜੋੜ ਦਿੱਤੇ ਜਾਂਦੇ ਹਨ। ਡਿਜੀਟਲ ਸਾਧਨਾਂ ਦੀ ਵਰਤੋਂ ਕਰ ਕੇ ਕਿਸੇ ਘਟਨਾ ਦੇ ਸੰਦਰਭ ਅਤੇ ਗੰਭੀਰਤਾ ਨੂੰ ਬਦਲਿਆ ਜਾ ਸਕਦਾ ਹੈ। ਜਦੋਂ ਅਜਿਹੀ ਸਮੱਗਰੀ ਤੇਜ਼ੀ ਨਾਲ ਫੈਲਦੀ ਹੈ ਤਾਂ ਲੋਕਾਂ ਦੀਆਂ ਭਾਵਨਾਤਮਕ ਪ੍ਰਤੀਕਿਰਿਆਵਾਂ ਕਈ ਵਾਰ ਤੱਥਾਂ ਦੀ ਪੁਸ਼ਟੀ ਤੋਂ ਅੱਗੇ ਨਿਕਲ ਜਾਂਦੀਆਂ ਹਨ। ਇਹ ਵਿਦਿਆਰਥੀਆਂ ਨੂੰ ਆਪਣੀਆਂ ਅਸਲ ਸਮੱਸਿਆਵਾਂ ਉਠਾਉਣ, ਘਟਨਾਵਾਂ ਨੂੰ ਦਰਜ ਕਰਨ ਤੇ ਜਵਾਬਦੇਹੀ ਦੀ ਮੰਗ ਕਰਨ ਲਈ ਇਕ ਮੰਚ ਪ੍ਰਦਾਨ ਕਰਦਾ ਹੈ। ਸ਼ਾਂਤੀਪੂਰਨ ਵਿਰੋਧ ਤੇ ਵਿਚਾਰ ਪ੍ਰਗਟ ਕਰਨ ਦੀ ਆਜ਼ਾਦੀ ਲੋਕਤੰਤਰੀ ਸਮਾਜ ਦੇ ਮਹੱਤਵਪੂਰਨ ਹਿੱਸੇ ਹਨ ਪਰ ਕਿਸੇ ਜਾਇਜ਼ ਸ਼ਿਕਾਇਤ ਨੂੰ ਹਿੰਸਾ, ਜਨਤਕ ਜਾਂ ਨਿੱਜੀ ਸੰਪਤੀ ਨੂੰ ਨੁਕਸਾਨ ਪਹੁੰਚਾਉਣ ਜਾਂ ਵਿਅਕਤੀਆਂ ਅਤੇ ਸੰਸਥਾਵਾਂ ਵਿਰੁੱਧ ਅਪ੍ਰਮਾਣਿਤ ਦੋਸ਼ ਫੈਲਾਉਣ ਦਾ ਆਧਾਰ ਨਹੀਂ ਬਣਾਇਆ ਜਾ ਸਕਦਾ। ਇਸ ਲਈ ਜ਼ਿੰਮੇਵਾਰੀ ਹਰ ਪੱਖ ਦੀ ਬਣਦੀ ਹੈ। ਵਿਦਿਆਰਥੀਆਂ ਨੂੰ ਸੰਦੇਸ਼ ਅੱਗੇ ਭੇਜਣ, ਵੀਡੀਓ ਸਾਂਝੀ ਕਰਨ ਜਾਂ ਕਿਸੇ ਆਨਲਾਈਨ ਰੁਝਾਨ ਦਾ ਹਿੱਸਾ ਬਣਨ ਤੋਂ ਪਹਿਲਾਂ ਜਾਣਕਾਰੀ ਦੀ ਪੁਸ਼ਟੀ ਕਰਨੀ ਚਾਹੀਦੀ ਹੈ। ਜਦੋਂ ਅਫ਼ਵਾਹਾਂ ਫੈਲਣ ਲੱਗਣ ਤਾਂ ਯੂਨੀਵਰਸਿਟੀਆਂ ਨੂੰ ਤੁਰੰਤ ਅਤੇ ਪਾਰਦਰਸ਼ੀ ਢੰਗ ਨਾਲ ਤੱਥ ਸਾਹਮਣੇ ਰੱਖਣੇ ਚਾਹੀਦੇ ਹਨ। ਅਧਿਆਪਕਾਂ ਤੇ ਪ੍ਰਸ਼ਾਸਨ ਨੂੰ ਅਟਕਲਾਂ ਲਈ ਜਾਣਕਾਰੀ ਦੀ ਖਾਲੀ ਥਾਂ ਛੱਡਣ ਦੀ ਬਜਾਏ ਸੰਵਾਦ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਨੌਜਵਾਨਾਂ ਨੂੰ ਸਿਰਫ਼ ਡਿਜੀਟਲ ਸਮੱਗਰੀ ਬਣਾਉਣ ਤੇ ਦੇਖਣ ਦੀ ਸਿੱਖਿਆ ਹੀ ਨਹੀਂ ਦਿੱਤੀ ਜਾਣੀ ਚਾਹੀਦੀ, ਸਗੋਂ ਇਹ ਵੀ ਸਿਖਾਇਆ ਜਾਣਾ ਚਾਹੀਦਾ ਹੈ ਕਿ ਜਾਣਕਾਰੀ ਦੇ ਸਰੋਤ 'ਤੇ ਸਵਾਲ ਕਿਵੇਂ ਉਠਾਉਣਾ ਹੈ, ਐਡਿਟ ਕੀਤੀ ਜਾਂ ਹੇਰਾਫੇਰੀ ਕੀਤੀ ਸਮੱਗਰੀ ਦੀ ਪਛਾਣ ਕਿਵੇਂ ਕਰਨੀ ਹੈ, ਵੀਡੀਓ ਜਾਂ ਤਸਵੀਰ ਦੀ ਤਾਰੀਖ ਅਤੇ ਸਥਾਨ ਦੀ ਜਾਂਚ ਕਿਵੇਂ ਕਰਨੀ ਹੈ, ਵੱਖ-ਵੱਖ ਭਰੋਸੇਯੋਗ ਸਰੋਤਾਂ ਨਾਲ ਜਾਣਕਾਰੀ ਦੀ ਤੁਲਨਾ ਕਿਵੇਂ ਕਰਨੀ ਹੈ ਅਤੇ ਤੱਥ ਤੇ ਰਾਏ ਵਿਚਕਾਰ ਅੰਤਰ ਕਿਵੇਂ ਸਮਝਣਾ ਹੈ। ਸਿਰਫ਼ ਇੱਕ ਸਵਾਲ-'ਕੀ ਇਸ ਜਾਣਕਾਰੀ ਦੀ ਪੁਸ਼ਟੀ ਹੋ ਚੁੱਕੀ ਹੈ?'-ਕਿਸੇ ਅਫ਼ਵਾਹ ਨੂੰ ਸੰਕਟ ਬਣਨ ਤੋਂ ਰੋਕਣ 'ਚ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ। ਚਿਤਕਾਰਾ ਯੂਨੀਵਰਸਿਟੀ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨਾਲ ਜੁੜੀਆਂ ਹਾਲੀਆ ਘਟਨਾਵਾਂ ਇਹ ਵੀ ਦਰਸਾਉਂਦੀਆਂ ਹਨ ਕਿ ਆਨਲਾਈਨ ਗ਼ਲਤ ਜਾਂ ਅਪ੍ਰਮਾਣਿਤ ਜਾਣਕਾਰੀ ਦੇ ਪ੍ਰਭਾਵ ਸਿਰਫ਼ ਆਨਲਾਈਨ ਤੱਕ ਸੀਮਿਤ ਨਹੀਂ ਰਹਿੰਦੇ।

ਨਿੱਜੀ ਯੂਨੀਵਰਸਿਟੀਆਂ ਨੂੰ ਸਿਰਫ਼ ਆਮਦਨ ਨਹੀਂ, ਅਕਾਦਮਿਕ ਜ਼ਵਾਬਦੇਹੀ ਦੀ ਵੀ ਲੋੜ ਹੈ

ਲੜੀ ਜੋੜਨ ਲਈ ਪਿਛਲਾ ਅੰਕ ਦੇਖੋ

ਬੁਨਿਆਦੀ ਢਾਂਚਾ ਸਿੱਖਿਆ ਲਈ ਹੋਣਾ ਚਾਹੀਦਾ ਹੈ

ਆਧੁਨਿਕ ਬੁਨਿਆਦੀ ਢਾਂਚੇ ਦੀ ਉੱਚ ਸਿੱਖਿਆ ਵਿੱਚ ਮਹੱਤਵਪੂਰਨ ਭੂਮਿਕਾ ਹੈ। ਲੈਬੋਰਟਰੀਆਂ, ਲਾਇਬ੍ਰੇਰੀਆਂ, ਡਿਜ਼ੀਟਲ ਕਲਾਸਰੂਮ, ਹੋਸਟਲ, ਖੋਜ ਕੇਂਦਰ ਅਤੇ ਨਵੀਨਤਾ ਸਹੂਲਤਾਂ ਸਿੱਖਣ ਦੀ ਪ੍ਰਕਿਰਿਆ ਨੂੰ ਬਿਹਤਰ ਬਣਾ ਸਕਦੀਆਂ ਹਨ।

ਪਰ ਬੁਨਿਆਦੀ ਢਾਂਚਾ ਅਕਾਦਮਿਕ ਉਦੇਸ਼ਾਂ ਦੀ ਪੂਰਤੀ ਕਰੇ, ਨਾ ਕਿ ਉਨ੍ਹਾਂ ਦਾ ਬਦਲ ਬਣੇ।

ਸ਼ਾਨਦਾਰ ਕੈਂਪਸ ਕਮਜ਼ੋਰ ਪੜ੍ਹਾਈ ਦੀ ਭਰਪਾਈ ਨਹੀਂ ਕਰ ਸਕਦਾ। ਆਧੁਨਿਕ ਲੈਬੋਰਟਰੀ ਦੀ ਵੀ ਕੋਈ ਮਹੱਤਤਾ ਨਹੀਂ ਜੇ ਵਿਦਿਆਰਥੀਆਂ ਨੂੰ ਉਸ ਦੀ ਨਿਯਮਿਤ ਵਰਤੋਂ ਦਾ ਮੌਕਾ ਹੀ ਨਾ ਮਿਲੇ। ਵੱਡੀ ਲਾਇਬ੍ਰੇਰੀ ਵੀ ਉਦੋਂ ਹੀ ਅਰਥਪੂਰਨ ਹੈ ਜਦੋਂ ਵਿਦਿਆਰਥੀ ਅਤੇ ਖੋਜਕਰਤਾ ਉਸ ਦੇ ਸਰੋਤਾਂ ਦੀ ਵਰਤੋਂ ਕਰਨ।

ਹਰ ਨਿਵੇਸ਼ ਬਾਰੇ ਇੱਕ ਸਵਾਲ ਪੁੱਛਿਆ ਜਾਣਾ ਚਾਹੀਦਾ ਹੈ—ਇਹ ਨਿਵੇਸ਼ ਸਿੱਖਿਆ, ਖੋਜ ਜਾਂ ਵਿਦਿਆਰਥੀ ਵਿਕਾਸ ਨੂੰ ਕਿਵੇਂ ਬਿਹਤਰ ਬਣਾਉਂਦਾ ਹੈ?

ਯੂਨੀਵਰਸਿਟੀਆਂ ਦੀ ਸਮਾਜਿਕ ਜ਼ਿੰਮੇਵਾਰੀ

ਕੋਈ ਵੀ ਯੂਨੀਵਰਸਿਟੀ ਆਪਣੇ ਆਲੇ-ਦੁਆਲੇ ਦੇ ਸਮਾਜ ਤੋਂ ਵੱਖਰੀ ਨਹੀਂ ਹੁੰਦੀ। ਨਿੱਜੀ ਯੂਨੀਵਰਸਿਟੀਆਂ ਸਕਾਲਰਸ਼ਿਪਾਂ, ਪੇਂਡੂ ਵਿਦਿਆਰਥੀਆਂ ਦੀ ਸਹਾਇਤਾ, ਕਮਿਊਨਿਟੀ ਪ੍ਰੋਗਰਾਮਾਂ, ਨਵੀਨਤਾ ਅਤੇ ਖੇਤਰੀ ਸਮੱਸਿਆਵਾਂ ਉੱਤੇ ਖੋਜ ਰਾਹੀਂ ਸਥਾਨਕ ਵਿਕਾਸ ਵਿੱਚ ਯੋਗਦਾਨ ਪਾ ਸਕਦੀਆਂ ਹਨ।

ਉਹ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਵਿਦਿਆਰਥੀਆਂ ਲਈ ਵੀ ਮੌਕੇ ਪੈਦਾ ਕਰ ਸਕਦੀਆਂ ਹਨ।

ਸਿੱਖਿਆ ਉਦੋਂ ਹੋਰ ਅਰਥਪੂਰਨ ਬਣਦੀ ਹੈ ਜਦੋਂ ਗਿਆਨ ਕੈਂਪਸ ਤੋਂ ਬਾਹਰ ਨਿਕਲ ਕੇ ਸਮਾਜ ਅਤੇ ਭਾਈਚਾਰਿਆਂ ਦੇ ਕੰਮ ਆਉਂਦਾ ਹੈ।

ਇਸ ਲਈ ਯੂਨੀਵਰਸਿਟੀ ਦਾ ਸਮਾਜਿਕ ਯੋਗਦਾਨ ਸਿਰਫ਼ ਜਨਸੰਪਰਕ ਜਾਂ ਪ੍ਰਚਾਰ ਦੀ ਗਤੀਵਿਧੀ ਨਹੀਂ, ਸਗੋਂ ਉਸ ਦੀ ਸੰਸਥਾਗਤ ਜ਼ਿੰਮੇਵਾਰੀ ਦਾ ਹਿੱਸਾ ਹੋਣਾ ਚਾਹੀਦਾ ਹੈ।

ਅਕਾਦਮਿਕ ਆਜ਼ਾਦੀ ਅਤੇ ਇਮਾਨਦਾਰੀ

ਯੂਨੀਵਰਸਿਟੀਆਂ ਵਿੱਚ ਅਜਿਹਾ ਮਾਹੌਲ ਵੀ ਹੋਣਾ ਚਾਹੀਦਾ ਹੈ ਜਿੱਥੇ ਅਧਿਆਪਕ ਅਤੇ ਵਿਦਿਆਰਥੀ ਔਖੇ ਸਵਾਲ ਪੁੱਛ ਸਕਣ ਅਤੇ ਨਵੇਂ ਵਿਚਾਰਾਂ ਦੀ ਖੋਜ ਕਰ ਸਕਣ।

ਅਕਾਦਮਿਕ ਆਜ਼ਾਦੀ ਦਾ ਅਰਥ ਜ਼ਿੰਮੇਵਾਰੀ ਤੋਂ ਮੁਕਤੀ ਨਹੀਂ ਹੈ। ਇਸ ਦਾ ਅਰਥ ਅਜਿਹਾ ਮਾਹੌਲ ਪੈਦਾ ਕਰਨਾ ਹੈ ਜਿੱਥੇ ਸਬੂਤ, ਤਰਕ ਅਤੇ ਵਿਗਿਆਨਕ ਵਿਚਾਰ-ਵਟਾਂਦਰੇ ਦਾ ਸਨਮਾਨ ਹੋਵੇ।

ਅਕਾਦਮਿਕ ਇਮਾਨਦਾਰੀ ਵੀ ਓਤਨੀ ਹੀ ਮਹੱਤਵਪੂਰਨ ਹੈ। ਨਕਲ, ਪਲੇਜਰਿਜ਼ਮ, ਜਾਅਲੀ ਖੋਜ, ਡਾਟਾ ਨਾਲ ਹੇਰਾਫੇਰੀ, ਅਨੁਚਿਤ ਪ੍ਰੀਖਿਆਵਾਂ ਅਤੇ ਗੁੰਮਰਾਹ ਕਰਨ ਵਾਲੇ ਅਕਾਦਮਿਕ ਦਾਅਵੇ ਪੂਰੀ ਸੰਸਥਾ ਦੀ ਭਰੋਸੇਯੋਗਤਾ ਨੂੰ ਨੁਕਸਾਨ ਪਹੁੰਚਾ ਸਕਦੇ ਹਨ।

ਮਜ਼ਬੂਤ ਯੂਨੀਵਰਸਿਟੀਆਂ ਅਜਿਹੀਆਂ ਪ੍ਰਣਾਲੀਆਂ ਬਣਾਉਂਦੀਆਂ ਹਨ ਜੋ ਅਜਿਹੀਆਂ ਪ੍ਰਥਾਵਾਂ ਨੂੰ ਰੋਕਣ ਅਤੇ ਉਨ੍ਹਾਂ ਦੇ ਮਾਮਲਿਆਂ ਵਿੱਚ ਨਿਰਪੱਖ ਕਾਰਵਾਈ ਕਰਨ।

ਸੁਤੰਤਰ ਨਿਗਰਾਨੀ ਦੀ ਲੋੜ

ਨਿੱਜੀ ਯੂਨੀਵਰਸਿਟੀਆਂ ਸਮੇਤ ਸਾਰੀਆਂ ਉੱਚ ਸਿੱਖਿਆ ਸੰਸਥਾਵਾਂ ਨੂੰ ਪ੍ਰਭਾਵਸ਼ਾਲੀ ਬਾਹਰੀ ਜਵਾਬਦੇਹੀ ਤੋਂ ਲਾਭ ਮਿਲ ਸਕਦਾ ਹੈ।

ਨਿਯਮਕ ਸੰਸਥਾਵਾਂ, ਮਾਨਤਾ ਏਜੰਸੀਆਂ ਅਤੇ ਸਰਕਾਰਾਂ ਦੀ ਮਹੱਤਵਪੂਰਨ ਭੂਮਿਕਾ ਹੈ, ਪਰ ਜਵਾਬਦੇਹੀ ਬੇਲੋੜੀ ਨੌਕਰਸ਼ਾਹੀ ਨਹੀਂ ਬਣਨੀ ਚਾਹੀਦੀ। ਉਦੇਸ਼ ਅਜਿਹਾ ਸਮਝਦਾਰ ਨਿਯਮਨ ਹੋਣਾ ਚਾਹੀਦਾ ਹੈ ਜੋ ਵਿਦਿਆਰਥੀਆਂ ਅਤੇ ਅਕਾਦਮਿਕ ਮਿਆਰਾਂ ਦੀ ਰੱਖਿਆ ਕਰੇ ਅਤੇ ਨਾਲ ਹੀ ਸੰਸਥਾਵਾਂ ਨੂੰ ਨਵੀਨਤਾ ਲਈ ਯੋਗ ਆਜ਼ਾਦੀ ਦੇਵੇ।

ਸੁਤੰਤਰ ਅਕਾਦਮਿਕ ਆਡਿਟ, ਪਾਰਦਰਸ਼ੀ ਜਾਣਕਾਰੀ, ਵਿਦਿਆਰਥੀ ਫੀਡਬੈਕ, ਅਧਿਆਪਕਾਂ ਦੀ ਭਾਗੀਦਾਰੀ ਅਤੇ ਜਨਤਕ ਤੌਰ 'ਤੇ ਉਪਲਬਧ ਗੁਣਵੱਤਾ ਸੰਬੰਧੀ ਸੂਚਕ ਭਰੋਸਾ ਮਜ਼ਬੂਤ ਕਰ ਸਕਦੇ ਹਨ।

ਜਵਾਬਦੇਹੀ ਦਾ ਕੇਂਦਰ ਸਿਰਫ਼ ਕਾਗਜ਼ੀ ਕਾਰਵਾਈ ਨਹੀਂ, ਸਗੋਂ ਅਸਲ ਨਤੀਜੇ ਹੋਣੇ ਚਾਹੀਦੇ ਹਨ।

ਮੁਨਾਫ਼ਾ ਅਤੇ ਸਿੱਖਿਆ: ਸੰਤੁਲਨ ਦੀ ਲੋੜ

ਵਿੱਤੀ ਸਥਿਰਤਾ ਅਤੇ ਮੁਨਾਫ਼ਾ-ਕੇਂਦਰਿਤ ਸਿੱਖਿਆ ਵਿਚਕਾਰ ਫ਼ਰਕ ਕਰਨਾ ਜ਼ਰੂਰੀ ਹੈ।

ਇੱਕ ਨਿੱਜੀ ਯੂਨੀਵਰਸਿਟੀ ਮਜ਼ਬੂਤ ਵਿੱਤੀ ਪ੍ਰਬੰਧ ਤੋਂ ਬਿਨਾਂ ਨਹੀਂ ਚੱਲ ਸਕਦੀ। ਨਿਵੇਸ਼ ਅਤੇ ਵਾਜਬ ਵਿੱਤੀ ਰਿਟਰਨ ਸੰਸਥਾ ਨੂੰ ਬੁਨਿਆਦੀ ਢਾਂਚਾ ਕਾਇਮ ਰੱਖਣ, ਯੋਗ ਪ੍ਰਤਿਭਾ ਨੂੰ ਆਕਰਸ਼ਿਤ ਕਰਨ ਅਤੇ ਅਕਾਦਮਿਕ ਮੌਕਿਆਂ ਦਾ ਵਿਸਥਾਰ ਕਰਨ ਵਿੱਚ ਮਦਦ ਕਰ ਸਕਦੇ ਹਨ।

ਮੁੱਦਾ ਇਹ ਨਹੀਂ ਕਿ ਉੱਚ ਸਿੱਖਿਆ ਵਿੱਚ ਪੈਸੇ ਦੀ ਕੋਈ ਥਾਂ ਨਹੀਂ। ਪੈਸਾ ਜ਼ਰੂਰੀ ਹੈ। ਮੁੱਦਾ ਇਹ ਹੈ ਕਿ ਕੀ ਵਿੱਤੀ ਵਿਚਾਰ ਅਕਾਦਮਿਕ ਜ਼ਿੰਮੇਵਾਰੀ ਉੱਤੇ ਹਾਵੀ ਹੋ ਰਹੇ ਹਨ।

ਇੱਕ ਟਿਕਾਊ ਯੂਨੀਵਰਸਿਟੀ ਨੂੰ ਆਪਣੇ ਸਿੱਖਿਆਕ ਉਦੇਸ਼ਾਂ ਨੂੰ ਕਾਇਮ ਰੱਖਣ ਅਤੇ ਸੁਧਾਰਨ ਲਈ ਲੋੜੀਂਦੇ ਸਰੋਤ ਪੈਦਾ ਕਰਨੇ ਚਾਹੀਦੇ ਹਨ। ਇਸ ਦਾ ਵਿੱਤੀ ਮਾਡਲ ਅੰਤ ਵਿੱਚ ਪੜ੍ਹਾਈ, ਖੋਜ, ਵਿਦਿਆਰਥੀ ਭਲਾਈ ਅਤੇ ਸੰਸਥਾਗਤ ਵਿਕਾਸ ਦੀ ਸਹਾਇਤਾ ਕਰੇ।

ਨਿੱਜੀ ਉੱਚ ਸਿੱਖਿਆ ਦਾ ਭਵਿੱਖ

ਭਾਰਤ ਨੂੰ ਆਪਣੀ ਵਧਦੀ ਨੌਜਵਾਨ ਆਬਾਦੀ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਦੇਣ ਲਈ ਹੋਰ ਚੰਗੀਆਂ ਉੱਚ ਸਿੱਖਿਆ ਸੰਸਥਾਵਾਂ ਦੀ ਲੋੜ ਹੈ। ਨਿੱਜੀ ਯੂਨੀਵਰਸਿਟੀਆਂ ਇਸ ਲੋੜ ਨੂੰ ਪੂਰਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀਆਂ ਹਨ।

ਪਰ ਵਿਸਥਾਰ ਦੇ ਨਾਲ ਜ਼ਿੰਮੇਵਾਰੀ ਵੀ ਆਉਣੀ ਚਾਹੀਦੀ ਹੈ।

ਭਵਿੱਖ ਦੀ ਯੂਨੀਵਰਸਿਟੀ ਨੂੰ ਸਿਰਫ਼ ਉਸ ਦੇ ਕੈਂਪਸ ਦੇ ਆਕਾਰ, ਕੋਰਸਾਂ ਦੀ ਗਿਣਤੀ ਜਾਂ ਆਮਦਨ ਨਾਲ ਨਹੀਂ ਮਾਪਿਆ ਜਾਣਾ ਚਾਹੀਦਾ। ਉਸ ਨੂੰ ਉਸ ਦੇ ਗ੍ਰੈਜੂਏਟਾਂ ਦੀ ਗੁਣਵੱਤਾ, ਅਧਿਆਪਕਾਂ ਦੀ ਸਮਰੱਥਾ, ਖੋਜ ਦੀ ਪ੍ਰਸੰਗਿਕਤਾ, ਪ੍ਰਸ਼ਾਸਨ ਦੀ ਪਾਰਦਰਸ਼ਤਾ ਅਤੇ ਸਮਾਜ ਪ੍ਰਤੀ ਯੋਗਦਾਨ ਦੇ ਆਧਾਰ 'ਤੇ ਸਮਝਿਆ ਜਾਣਾ ਚਾਹੀਦਾ ਹੈ।

ਆਮਦਨ ਕਿਸੇ ਸੰਸਥਾ ਨੂੰ ਚਲਾ ਸਕਦੀ ਹੈ, ਪਰ ਅਕਾਦਮਿਕ ਉਦੇਸ਼ ਹੀ ਯੂਨੀਵਰਸਿਟੀ ਨੂੰ ਅਰਥ ਪ੍ਰਦਾਨ ਕਰਦਾ ਹੈ।

ਨਿੱਜੀ ਯੂਨੀਵਰਸਿਟੀਆਂ ਕੋਲ ਗਿਆਨ, ਨਵੀਨਤਾ ਅਤੇ ਸਮਾਜਿਕ ਤਰੱਕੀ ਦੇ ਸ਼ਕਤੀਸ਼ਾਲੀ ਕੇਂਦਰ ਬਣਨ ਦਾ ਮੌਕਾ ਹੈ। ਇਸ ਸਮਰੱਥਾ ਨੂੰ ਹਕੀਕਤ ਬਣਾਉਣ ਲਈ ਉਨ੍ਹਾਂ ਨੂੰ ਵਿਦਿਆਰਥੀਆਂ ਨੂੰ ਸਿਰਫ਼ ਆਮਦਨ ਦਾ ਸਰੋਤ ਨਹੀਂ, ਸਗੋਂ ਸਿੱਖਣ ਵਾਲੇ ਮਨੁੱਖ ਵਜੋਂ ਦੇਖਣਾ ਹੋਵੇਗਾ; ਅਧਿਆਪਕਾਂ ਨੂੰ ਸਿਰਫ਼ ਖਰਚਾ ਨਹੀਂ, ਸਗੋਂ ਬੌਧਿਕ ਸਾਥੀ ਸਮਝਣਾ ਹੋਵੇਗਾ; ਖੋਜ ਨੂੰ ਸਿਰਫ਼ ਅੰਕੜਿਆਂ ਦਾ ਸੰਗ੍ਰਹਿ ਨਹੀਂ, ਸਗੋਂ ਗਿਆਨ ਦੀ ਖੋਜ ਮੰਨਣਾ ਹੋਵੇਗਾ; ਅਤੇ ਜਵਾਬਦੇਹੀ ਨੂੰ ਸਿਰਫ਼ ਨਿਯਮਕ ਰਸਮ ਨਹੀਂ, ਸਗੋਂ ਲਗਾਤਾਰ ਅਕਾਦਮਿਕ ਜ਼ਿੰਮੇਵਾਰੀ ਬਣਾਉਣਾ ਹੋਵੇਗਾ।

ਹਰ ਯੂਨੀਵਰਸਿਟੀ ਨੂੰ ਆਪਣੇ ਆਪ ਤੋਂ ਇੱਕ ਸਧਾਰਨ ਸਵਾਲ ਪੁੱਛਣਾ ਚਾਹੀਦਾ ਹੈ: ਕੀ ਅਸੀਂ ਸਿਰਫ਼ ਇੱਕ ਸਫਲ ਸੰਸਥਾ ਬਣਾ ਰਹੇ ਹਾਂ, ਜਾਂ ਅਜਿਹੀ ਸੰਸਥਾ ਵੀ ਬਣਾ ਰਹੇ ਹਾਂ ਜੋ ਸਮਾਜ ਦੇ ਭਰੋਸੇ ਦੀ ਸੱਚਮੁੱਚ ਹੱਕਦਾਰ ਹੋਵੇ?

ਇਸ ਸਵਾਲ ਦਾ ਜਵਾਬ ਸਿਰਫ਼ ਨਿੱਜੀ ਉੱਚ ਸਿੱਖਿਆ ਦੇ ਭਵਿੱਖ ਨੂੰ ਹੀ ਨਹੀਂ, ਸਗੋਂ ਆਉਣ ਵਾਲੀ ਪੀੜ੍ਹੀ ਨੂੰ ਮਿਲਣ ਵਾਲੀ ਸਿੱਖਿਆ ਦੀ ਗੁਣਵੱਤਾ ਨੂੰ ਵੀ ਪ੍ਰਭਾਵਿਤ ਕਰੇਗਾ।

ਡਾ. ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ, ਪੰਜਾਬ - 152107
ਮੋਬਾਈਲ: 9465682110

ਇੱਕ ਨਜ਼ਰ...

ਭਾਜਪਾ ਵੱਲੋਂ ਚਲਾਈ ਜਾ ਰਹੀ ਨਸ਼ਾ ਮੁਕਤੀ ਮੁਹਿੰਮ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ : ਧਨੇੜਾ

ਸ੍ਰੀ ਅਨੰਦਪੁਰ ਸਾਹਿਬ, 29 ਸਤੰਬਰ (ਦਮਨ ਅਰੋੜਾ) : ਗੁੱਜਰ ਸਮਾਜ ਦੇ ਸੀਨੀਅਰ ਆਗੂ ਤੇ ਭਾਜਪਾ ਦੇ ਬਲਾਕ ਪ੍ਰਧਾਨ ਰਤਨ ਕੁਮਾਰ ਧਨੇੜਾ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਸੂਬਾ ਸਰਕਾਰ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਆਖਿਆ ਕਿ ਭਗਵੰਤ ਮਾਨ ਸਰਕਾਰ ਪਿਛਲੇ ਪੰਜ ਸਾਲਾਂ ਵਿੱਚ ਨਸ਼ਾ ਰੋਕਣ ਵਿੱਚ ਬੁਰੀ ਤਰ੍ਹਾਂ ਅਸਫਲ ਸਾਬਿਤ ਹੋਈ ਹੈ ਉਨ੍ਹਾਂ ਕਿਹਾ ਕਿ ਨਸ਼ੇ ਦਾ ਕਾਰੋਬਾਰ ਬਹੁਤ ਵੱਡੇ ਪੱਧਰ ਤੇ ਆਪਣੇ ਪੈਰ ਪਸਾਰ ਚੁੱਕਾ ਹੈ। ਪਿੰਡਾਂ ਕਸਬਿਆਂ ਦੀ ਗੱਲ ਤਾਂ ਛੱਡੋ ਹੁਣ ਸ਼ਹਿਰਾਂ ਦੇ ਹਰ ਮੁਹੱਲੇ ਗਲੀ ਵਿੱਚ ਨਸ਼ਾ ਵਿਕਦਾ ਨਜ਼ਰ ਆ ਰਿਹਾ ਹੈ, ਨਸ਼ੇ ਕਾਰਨ ਕਈ ਘਰਾ ਦੇ ਘਰ ਤਬਾਹ ਹੋ ਗਏ ਹਨ ਅਤੇ ਨਸ਼ਿਆਂ ਦੀ ਪੂਰਤੀ ਕਰਨ ਵਾਸਤੇ ਨੌਜਵਾਨ ਲੁੱਟਾਂ ਖੋਹਾਂ ਦਾ ਰਸਤਾ ਅਖਤਿਆਰ ਕਰ ਚੁੱਕੇ ਹਨ। ਆਖਿਰ ਵਿੱਚ ਉਨ੍ਹਾਂ ਨੇ ਪੰਜਾਬ ਦੀ ਜਨਤਾ ਨੂੰ ਅਪੀਲ ਕਰਦਿਆਂ ਆਖਿਆ ਕਿ ਜੇ ਪੰਜਾਬ ਨੂੰ ਫਿਰ ਤੋਂ ਨਸ਼ਾ ਮੁਕਤ ਕਰਕੇ ਵਿਕਾਸ ਦੀ ਲੀਹਾਂ ਤੇ ਲਿਆਉਣਾ ਚਾਹੁੰਦੇ ਹੋ ਤਾਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਸ

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਰੋਨ ਸ਼ੋਅ ਨੇ ਗੁਰਦਾਸਪੁਰ 'ਚ ਅਸਮਾਨ ਨੂੰ ਕੀਤਾ ਰੌਸ਼ਨ

ਗੁਰਦਾਸਪੁਰ, 29 ਸਤੰਬਰ (ਗੁਲਸ਼ਨ ਰਣੀਆਂ) ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਸ਼ਾਨਦਾਰ ਡਰੋਨ ਸ਼ੋਅ ਕਰਾਇਆ ਗਿਆ ਜਿਸ ਵਿੱਚ 500 ਡਰੋਨਾਂ ਨੇ ਅਸਮਾਨ ਨੂੰ ਰੁਸ਼ਨਾਉਂਦਿਆਂ ਗੁਰੂ ਜੀ ਦੇ ਜੀਵਨ ਅਤੇ ਮਹਾਨ ਸਿੱਖਿਆਵਾਂ ਬਾਰੇ ਬਾਕਮਾਲ ਪੇਸ਼ਕਾਰੀ ਕੀਤੀ ।ਇਸ ਵਿਲੱਖਣ ਏਰੀਅਲ ਸ਼ੋਅ ਰਾਹੀਂ ਤਕਨਾਲੋਜੀ ਅਤੇ ਅਧਿਆਤਮਿਕਤਾ ਦਾ ਸੁਮੇਲ ਭਾਰੀ ਗਿਣਤੀ ਵਿੱਚ ਮੌਜੂਦ ਸੰਗਤ ਨੇ ਬਹੁਤ ਹੀ ਸ਼ਰਧਾ-ਭਾਵਨਾ ਨਾਲ ਦੇਖਿਆ । ਸ਼ੋਅ ਦੌਰਾਨ 500 ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫ਼ੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ ਜਿਸ ਵਿੱਚ ਗੁਰੂ ਜੀ ਦੇ ਬਰਾਬਰੀ, ਭਾਈਚਾਰਕ ਸਾਂਝ, ਦਇਆ, ਸਮਾਜਿਕ ਨਿਆਂ ਅਤੇ ਮਨੁੱਖੀ ਸਨਮਾਨ ਦਾ ਸਦੀਵੀ ਸੰਦੇਸ਼ ਦੀ ਪੇਸ਼ਕਾਰੀ ਕੀਤੀ ਗਈ ।ਸੰਗਤ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਗੁਰੂ ਜੀ ਦਾ 650ਵਾਂ ਪ੍ਰਕਾਸ਼ ਪੁਰਬ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ ਅਤੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਸੂਬੇ ਭਰ ਵਿਚ ਜਾਰੀ ਹੈ। ਉਨ੍ਹਾਂ ਦੱਸਿਆ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਲਗਾਤਾਰ ਡਰੋਨ ਸ਼ੋਅਜ਼, ਡਾਕੂਮੈਂਟਰੀ, ਵਿਦਿਅਕ ਅਦਾਰਿਆਂ ਵਿਚ ਸੈਮੀਨਾਰ ਅਤੇ ਗੁਰੂ ਜੀ ਦੇ ਜੀਵਨ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਲਈ ਵੱਖ-ਵੱਖ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਡਰੋਨ ਸ਼ੋਅ ਸ੍ਰੀ ਗੁਰੂ ਰਵਿਦਾਸ ਜੀ ਨੂੰ ਢੁਕਵੀਂ ਸ਼ਰਧਾਂਜਲੀ ਹੈ ਅਤੇ ਉਨ੍ਹਾਂ ਦੇ ਸਦੀਵੀ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਨਿਵੇਕਲਾ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਡਰੋਨ ਸ਼ੋਅ ਨਹੀਂ, ਸਗੋਂ ਨਵੀਂ ਪੀੜ੍ਹੀ ਲਈ ਗੁਰੂ ਜੀ ਦੇ ਬਰਾਬਰੀ ਅਤੇ ਮਨੁੱਖੀ ਸਨਮਾਨ ਦੇ ਸੰਦੇਸ਼ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਹੈ ਜਿਸ ਤੋਂ ਸਾਰਿਆਂ ਨੂੰ ਗੁਰੂ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਮਿਲਦੀ ਹੈ।ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਪੂਰੀ ਸ਼ਰਧਾ ਨਾਲ ਮਨਾਉਂਦਿਆ ਆਧੁਨਿਕ ਮਾਧਿਅਮਾਂ ਰਾਹੀਂ ਗੁਰੂ ਜੀ ਦੇ ਸਰਬ-ਸਾਂਝੇ ਫਲਸਫ਼ੇ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ।ਸਮਾਗਮ ਦੌਰਾਨ ਡਿਪਟੀ ਕਮਿਸ਼ਨਰ ਆਦਿਤਿਆ ਉੱਪਲ, ਅਸ਼ੋਕ ਕੁਮਾਰ ਅੱਸ ਡੀ ਐਮ, ਦਵਿੰਦਰ ਚੌਧਰੀ ਅੱਸ ਪੀ ਡੀ, ਸੰਗਠਨ ਇੰਚਾਰਜ ਭਾਰਤ ਭੂਸ਼ਣ ਸ਼ਰਮਾ, ਚੇਅਰਮੈਨ ਗਗਨ ਮਹਾਜਨ, ਜਿਲ੍ਹਾ ਸੈਕਟਰੀ ਜਗਜੀਤ ਸਿੰਘ ਪਿੰਟਾ, ਟਰੇਸਟੀ ਮੈਂਬਰ ਹਿਤੇਸ਼ ਮਹਾਜਨ, ਟਰੱਸਟੀ ਰਘੁਬੀਰ ਸਿੰਘ ਖਾਲਸਾ, ਟਰੇਡ ਕਮਿਸ਼ਨ ਚੈਅਰਮੈਨ ਰਾਜੇਸ਼ ਨੰਦਾ, ਸਰਪੰਚ ਰਾਜੇਸ਼ ਭੰਗਵਾ, ਪਿੰਸੀਪਲ ਅਸ਼ਵਨੀ ਭੱਲਾ, ਪ੍ਰੋਫੈਸਰ ਰਾਜ ਕੁਮਾਰ ਸ਼ਹਮ, ਪਰਮਿੰਦਰ ਸਿੰਘ ਸੈਣੀ ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਗਤ ਮੌਜੂਦ ਸੀ।ਸ਼ੋਅ ਦੌਰਾਨ ਰਾਗੀ ਭਾਈ ਜਸਬੀਰ ਸਿੰਘ, ਭਾਈ ਹਰਵਿੰਦਰ ਸਿੰਘ, ਭਾਈ ਜਗਤਾਰ ਸਿੰਘ ਜਸਵੀਰ ਸਿੰਘ ਜੀ ਨੇ ਗੁਰਬਾਣੀ ਦੇ ਸ਼ਬਦ ਅਤੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ।ਦੱਸਣਯੋਗ ਹੈ ਕਿ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਰੋਨ ਸ਼ੋਅ ਕੱਲ੍ਹ 29 ਸਤੰਬਰ ਨੂੰ ਹੈਲੀਪੈਡ ਗਰਾਊਂਡ ਸਾਹਮਣੇ ਬਰਿਸਤਾ ਰੈਸਟੋਰੈਂਟ ਦੀਨਾਨਗਰ ਵਿਖੇ, 30 ਸਤੰਬਰ ਨੂੰ ਸਿੱਖ ਨੈਸ਼ਨਲ ਕਾਲਜ ਕਾਦੀਆਂ ਵਿਖੇ, 1 ਅਕਤੂਬਰ ਨੂੰ ਆਈ ਟੀ ਆਈ ਗਰਾਊਂਡ ਬਟਾਲਾ ਵਿਖੇ ਅਤੇ 2 ਅਕਤੂਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਸ਼੍ਰੀ ਹਰਗੋਬਿੰਦਪੁਰ ਸਾਹਿਬ ਵਿਖੇ।ਕਰਵਾਇਆ ਜਾਵੇਗਾ।

ਬਲਾਚੌਰ ਚ ਭਾਜਪਾ ਦੀ ਅਹਿਮ ਮੀਟਿੰਗ: ਕੇਂਦਰੀ ਆਗੂਆਂ ਨੇ ਦਿੱਤਾ ਸੰਗਠਨ ਮਜ਼ਬੂਤ ਕਰਨ ਦਾ ਸੁਨੇਹਾ

ਬਲਾਚੌਰ 29 ਸੰਤਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਕੇਂਦਰੀ ਲੀਡਰਸ਼ਿਪ ਵੱਲੋਂ ਅੱਜ ਬਲਾਚੌਰ ਵਿਖੇ ਇੱਕ ਵਿਸ਼ੇਸ਼ ਅਤੇ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦਾ ਮੁੱਖ ਉਦੇਸ਼ ਇਲਾਕੇ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨਾ, ਆਗਾਮੀ ਸਿਆਸੀ ਰਣਨੀਤੀਆਂ ਤੈਅ ਕਰਨਾ ਅਤੇ ਪਾਰਟੀ ਦੇ ਸੰਗਠਨਾਤਮਕ ਢਾਂਚੇ ਨੂੰ ਜ਼ਮੀਨੀ ਪੱਧਰ ਤੇ ਹੋਰ ਮਜ਼ਬੂਤ ਬਣਾਉਣਾ ਸੀ। ਇਸ ਉੱਚ-ਪੱਧਰੀ ਮੀਟਿੰਗ ਵਿੱਚ ਕੇਂਦਰੀ ਰਾਜ ਮੰਤਰੀ ਸ਼੍ਰੀ ਕ੍ਰਿਸ਼ਨ ਪਾਲ ਗੁੱਜਰ ਅਤੇ ਚੌਧਰੀ ਕੁੰਵਰਪਾਲ ਗੁੱਜਰ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਆਪਣੇ ਸੰਬੋਧਨ ਦੌਰਾਨ ਕੇਂਦਰੀ ਆਗੂਆਂ ਨੇ ਪਾਰਟੀ ਵਰਕਰਾਂ ਅਤੇ ਸਥਾਨਕ ਲੀਡਰਸ਼ਿਪ ਨਾਲ ਮੌਜੂਦਾ ਸਿਆਸੀ ਸਮੀਕਰਨਾਂ, ਇਲਾਕੇ ਦੇ ਅਹਿਮ ਜਨਤਕ ਮੁੱਦਿਆਂ ਅਤੇ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਜਨ-ਕਲਿਆਣਕਾਰੀ ਯੋਜਨਾਵਾਂ ਤੇ ਵਿਸਥਾਰਪੂਰਵਕ ਚਰਚਾ ਕੀਤੀ। ਉਨ੍ਹਾਂ ਨੇ ਵਰਕਰਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਉਪਲਬਧੀਆਂ ਨੂੰ ਹਰ ਘਰ ਤੱਕ ਪਹੁੰਚਾਇਆ ਜਾਵੇ ਅਤੇ ਆਪਸੀ ਮਤਭੇਦ ਭੁਲਾ ਕੇ ਇੱਕਜੁੱਟਤਾ ਨਾਲ ਪਾਰਟੀ ਦੀ ਚੜ੍ਹਦੀ ਕਲਾ ਲਈ ਕੰਮ ਕੀਤਾ ਜਾਵੇ। ਮੀਟਿੰਗ ਵਿੱਚ ਬਲਾਚੌਰ ਖੇਤਰ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਸ਼ਾਮਲ ਪ੍ਰਮੁੱਖ ਆਗੂਆਂ ਵਿੱਚ ਸ਼੍ਰੀ ਆਸ਼ੋਕ ਬਾਂਠ, ਵਿਜੇ ਭਾਟੀਆ ਸੰਡਰੇਵਾਲ, ਵਰਿੰਦਰ ਸੈਣੀ, ਗੁਰਨਾਮ ਕਸਾਨਾ, ਸ਼ੁਭਾਸ਼ ਬਾਂਠ, ਅਤੇ ਮੋਹਨ ਲਾਲ ਬਾਗੜੀ ਸਮੇਤ ਕਈ ਹੋਰ ਆਗੂ ਅਤੇ ਸਰਗਰਮ ਵਰਕਰ ਮੌਜੂਦ ਸਨ। ਗੱਲਬਾਤ ਦੌਰਾਨ ਸਥਾਨਕ ਆਗੂਆਂ ਨੇ ਖੇਤਰ ਦੀ ਸਿਆਸੀ ਸਥਿਤੀ ਅਤੇ ਸੰਗਠਨ ਦੇ ਵਿਸਥਾਰ ਸਬੰਧੀ ਆਪਣੇ ਮਹੱਤਵਪੂਰਨ ਸੁਝਾਅ ਕੇਂਦਰੀ ਲੀਡਰਸ਼ਿਪ ਅੱਗੇ ਰੱਖੇ। ਸਥਾਨਕ ਆਗੂਆਂ ਨੇ ਕੇਂਦਰੀ ਮੰਤਰੀਆਂ ਨੂੰ ਭਰੋਸਾ ਦਿਵਾਇਆ ਕਿ ਬਲਾਚੌਰ ਹਲਕੇ ਵਿੱਚ ਭਾਜਪਾ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਬੂਥ ਪੱਧਰ ਤੇ ਪਾਰਟੀ ਨਿਸ਼ਠਾਵਾਨ ਵਰਕਰਾਂ ਦੀ ਲਾਮਬੰਦੀ ਕਰਕੇ ਸੰਗਠਨ ਨੂੰ ਚੱਟਾਨ ਵਾਂਗ ਮਜ਼ਬੂਤ ਬਣਾਇਆ ਜਾਵੇਗਾ।

ਲੋੜਵੰਦ ਲੜਕੀ ਦੇ ਵਿਆਹ ਲਈ ਬਟਾਲਾ ਬੱਸ ਯਾਤਰਾ ਬਣੀ ਸਹਾਰਾ

ਬਟਾਲਾ, 28 ਸਤੰਬਰ (ਸੰਜੀਵ ਨਈਅਰ) ਬਟਾਲਾ ਬੱਸ ਯਾਤਰਾ ਵੱਲੋਂ ਸਮਾਜ ਸੇਵਾ ਦੀ ਲੜੀ ਨੂੰ ਅੱਗੇ ਤੋਰਦਿਆਂ ਅੱਜ ਸ੍ਰੀ ਅਚਲੇਸ਼ਵਰ ਧਾਮ ਦੇ ਗੁਰਦੁਆਰਾ ਸਾਹਿਬ ਵਿਖੇ ਇੱਕ ਲੋੜਵੰਦ ਪਰਿਵਾਰ ਦੀ ਲੜਕੀ ਦਾ ਵਿਆਹ ਕਰਵਾਇਆ ਗਿਆ। ਇਸ ਮੌਕੇ ਵਿਆਹ ਦੀਆਂ ਰਸਮਾਂ ਦੇ ਨਾਲ-ਨਾਲ ਮਿਲਣੀ ਦੀ ਰਸਮ ਵੀ ਕਰਵਾਈ ਗਈ। ਇਸ ਦੌਰਾਨ ਬਟਾਲਾ ਬੱਸ ਯਾਤਰਾ ਦੇ ਮੈਂਬਰਾਂ ਵੱਲੋਂ ਨਵ-ਵਿਆਹੇ ਜੋੜੇ ਨੂੰ ਆਸ਼ੀਰਵਾਦ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਡਾ. ਸ਼ੇਖਾ ਧੀਰ ਨੇ ਦੱਸਿਆ ਕਿ ਬਟਾਲਾ ਬੱਸ ਯਾਤਰਾ ਵੱਲੋਂ ਸਮੇਂ-ਸਮੇਂ 'ਤੇ ਲੋੜਵੰਦ ਪਰਿਵਾਰਾਂ ਦੀ ਮਦਦ ਲਈ ਵੱਖ-ਵੱਖ ਸਮਾਜ ਸੇਵੀ ਉਪਰਾਲੇ ਕੀਤੇ ਜਾਂਦੇ ਹਨ। ਇਸੇ ਲੜੀ ਤਹਿਤ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਵੀ ਕਰਵਾਏ ਜਾਂਦੇ ਹਨ। ਜੇਕਰ ਕਿਸੇ ਲੜਕੇ ਜਾਂ ਲੜਕੀ ਦੇ ਮਾਤਾ-ਪਿਤਾ ਨਹੀਂ ਹਨ ਜਾਂ ਪਰਿਵਾਰ ਕਿਸੇ ਕਾਰਨ ਵਿਆਹ ਦਾ ਖਰਚਾ ਚੁੱਕਣ ਤੋਂ ਅਸਮਰੱਥ ਹੈ ਤਾਂ ਬਟਾਲਾ ਬੱਸ ਯਾਤਰਾ ਵੱਲੋਂ ਅਜਿਹੇ ਪਰਿਵਾਰਾਂ ਦੀ ਹਰ ਸੰਭਵ ਮਦਦ ਕੀਤੀ ਜਾਂਦੀ ਹੈ। ਵਿਆਹ ਕਰਵਾਉਣ ਦੇ ਨਾਲ-ਨਾਲ ਰੋਟੀ-ਪਾਣੀ, ਚਾਹ-ਪਾਣੀ ਅਤੇ ਵਿਆਹ ਨਾਲ ਸਬੰਧਤ ਹੋਰ ਜ਼ਰੂਰੀ ਖਰਚਿਆਂ ਵਿੱਚ ਵੀ ਸੰਸਥਾ ਵੱਲੋਂ ਸਹਿਯੋਗ ਦਿੱਤਾ ਜਾਂਦਾ ਹੈ। ਸੰਸਥਾ ਦਾ ਉਦੇਸ਼ ਲੋੜਵੰਦ ਪਰਿਵਾਰਾਂ ਦਾ ਮੁਸ਼ਕਲ ਸਮੇਂ ਵਿੱਚ ਸਾਥ ਦੇਣਾ ਹੈ। ਜੇਕਰ ਕੋਈ ਲੋੜਵੰਦ ਪਰਿਵਾਰ ਸਹਾਇਤਾ ਦੀ ਲੋੜ ਮਹਿਸੂਸ ਕਰਦਾ ਹੈ ਤਾਂ ਬਟਾਲਾ ਬੱਸ ਯਾਤਰਾ ਵੱਲੋਂ ਆਪਣੀ ਸਮਰੱਥਾ ਅਨੁਸਾਰ ਉਸ ਪਰਿਵਾਰ ਦੀ ਮਦਦ ਕੀਤੀ ਜਾਵੇਗੀ। ਇਸ ਮੌਕੇ ਡਾ. ਸ਼ੇਖਾ ਧੀਰ, ਸੁਭਾਸ਼ ਸਹਿਗਲ, ਰਾਧਿਕਾ ਭੰਡਾਰੀ ਸਮੇਤ ਬਟਾਲਾ ਬੱਸ ਯਾਤਰਾ ਦੇ ਹੋਰ ਮੈਂਬਰ ਵੀ ਹਾਜ਼ਰ ਸਨ।

ਜਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਗੁਰਦਾਸਪੁਰ ਵੱਲੋ ਸਵੱਛਤਾ ਹੀ ਸੇਵਾ ਤਹਿਤ ਵਿਸ਼ੇਸ਼ ਸਫਾਈ ਮੁਹਿੰਮ ਆਰੰਭੀ

ਗੁਰਦਾਸਪੁਰ, 29 ਸਤੰਬਰ (ਗੁਲਸ਼ਨ ਕੁਮਾਰ ਰਣੀਆ) ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਜਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਗੁਰਦਾਸਪੁਰ ਵੱਲੋਂ ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਗਈ। ਕਮਾਂਡਰ ਬਲਜਿੰਦਰ ਵਿਰਕ (ਸੇਵਾਮੁਕਤ), ਜਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਗੁਰਦਾਸਪੁਰ ਵੱਲੋਂ ਦੱਸਿਆ ਗਿਆ ਕਿ ਉਨ੍ਹਾ ਦੇ ਦਫਤਰ ਵੱਲੋਂ ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਦੇ ਬੱਚਿਆਂ ਦੇ ਉਜਵਲ ਭੱਵਿਖ ਲਈ ਚਲਾਏ ਜਾ ਰਹੇ ਪ੍ਰੀਕਿਰਯੂਟਮੈਂਟ ਟ੍ਰੇਨਿੰਗ ਸੈਂਟਰ ਵਿੱਚ ਫੌਜ ਦੀ ਭਰਤੀ ਲਈ ਟ੍ਰੇਨਿੰਗ ਹਾਸ਼ਲ ਕਰ ਰਹੇ ਸਿੱਖਿਆਰਥੀਆਂ, ਸੈਨਿਕ ਵੋਕੇਸ਼ਨਲ ਟ੍ਰੇਨਿੰਗ ਸੈਂਟਰ ਵਿੱਚ ਕੰਪਿਊਟਰ ਦੀ ਪੜਾਈ ਕਰ ਰਹੇ ਵਿਦਿਆਰਥੀਆਂ ਅਤੇ ਦਫਤਰ ਦੇ ਸਟਾਫ ਰਾਹੀਂ ਦਫਤਰ ਅਤੇ ਦਫਤਰ ਤੋਂ ਬਾਹਰ ਬਾਜ਼ਾਰ ਵਿੱਚ ਅਤੇ ਪਿੰਡਾਂ ਵਿੱਚ ਸਫਾਈ ਮੁਹਿੰਮ ਚਲਾਈ ਤੇ ਕਈ ਸਥਾਨਾ ਦੀ ਸਫਾਈ ਕੀਤੀ ਗਈ। ਦੇਸ਼ ਵੱਲੋਂ ਚਲਾਈ ਗਈ ਸਵੱਛਤਾ ਹੀ ਸੇਵਾ ਮੁਹਿੰਮ ਸਬੰਧੀ ਦਫਤਰ ਅੰਦਰ ਪੜਾਈ ਕਰ ਰਹੇ ਸਿਖਿਆਰਥੀਆਂ/ ਵਿਦਿਆਰਥੀਆਂ ਨੂੰ ਉਨ੍ਹਾ ਦੇ ਟੀਚਰਾਂ ਨੇ ਵਿਸ਼ਥਾਰ ਪੂਰਬਕ ਜਾਣਕਾਰੀ ਦਿੱਤੀ। ਇਸ ਮੌਕੇ ਕਮਾਂਡਰ ਬਲਜਿੰਦਰ ਵਿਰਕ (ਸੇਵਾਮੁਕਤ), ਜਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਗੁਰਦਾਸਪੁਰ ਵੱਲੋਂ ਆਮ ਪਬਲਿਕ ਨੂੰ ਸਫਾਈ ਵਿਵਸਥਾ ਵਿੱਚ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਸੜਕਾਂ, ਜਨਤਕ ਥਾਵਾਂ, ਖਾਲੀ ਪਲਾਟਾਂ ਅਤੇ ਹੋਰ ਖੁਲੀਆਂ ਤੇ ਅਣਅਧਿਕਾਰਤ ਥਾਵਾਂ ਤੇ ਕੂੜਾ ਨਾ ਸੁੱਟਿਆ ਜਾਵੇ। ਘਰਾਂ ਅਤੇ ਹੋਰ ਥਾਵਾਂ ਤੋਂ ਪੈਦਾ ਹੋਣ ਵਾਲਾ ਕੂੜਾ ਨਗਰ ਕੌਂਸਲ ਵੱਲੋਂ ਤਾਇਨਾਤ ਕੂੜਾ ਇੱਕਠਾ ਕਰਨ ਵਾਲੇ ਕਰਮਚਾਰੀਆਂ ਨੂੰ ਹੀ ਸੌਂਪਿਆ ਜਾਵੇ ਜਾਂ ਨਿਰਧਾਰਤ ਕੂੜੇ ਦਾਨਾ ਵਿੱਚ ਪਾਇਆ ਜਾਵੇ। ਉਨ੍ਹਾ ਕਿਹਾ ਕਿ ਕੂੜੇ ਦੀ ਸਹੀ ਢੰਗ ਨਾਲ ਛਾਂਟੀ ਅਤੇ ਨਿਪਟਾਰਾ ਕਰਨ ਨਾਲ ਹੀ ਸਾਫ-ਸੁਥਰਾ ਵਾਤਾਵਰਣ ਹਾਸਲ ਕੀਤਾ ਜਾ ਸਕਦਾ ਹੈ।ਉਨ੍ਹਾਂ ਜਿਲ੍ਹਾ ਗੁਰਦਾਸਪੁਰ ਦੀ ਅਵਾਮ ਨੂੰ ਅਪੀਲ ਕੀਤੀ ਕਿ ਸਵੱਛਤਾ ਹੀ ਸੇਵਾ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਲਈ ਆਪਣੀ ਜਿਮੇਂਵਾਰੀ ਨਿਭਾਉਣ ਅਤੇ ਗੁਰਦਾਸਪੁਰ ਨੂੰ ਸਾਫ-ਸੁਥਰਾ ਤੇ ਸੁੰਦਰ ਬਣਾਉਣ ਵਿੱਚ ਪ੍ਰਸ਼ਾਸ਼ਨ ਨਾਲ ਸਹਿਯੋਗ ਕਰਨ।

ਪਿੰਡ ਨਿੱਘੀ ਚ ਸਤਨਾਮ ਜਲਾਲਪੁਰ ਦੀ ਲੋਕ ਮਿਲਣੀ ਨੇ ਧਾਰਿਆ ਵਿਸ਼ਾਲ ਰੈਲੀ ਦਾ ਰੂਪ

ਬਲਾਚੌਰ 29 ਸਤੰਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਇਲਾਕੇ ਦੇ ਪਿੰਡ ਨਿੱਘੀ ਵਿਖੇ ਸਾਬਕਾ ਜਿਲਾ ਯੋਜਨਾ ਬੋਰਡ ਚੇਅਰਮੈਨ ਸਤਨਾਮ ਜਲਾਲਪੁਰ, ਗੁੱਜਰ ਵੈਲਫੇਅਰ ਬੋਰਡ ਪੰਜਾਬ ਦੇ ਡਾਇਰੈਕਟਰ ਰਿਟਾ. ਇੰਸਪੈਕਟਰ ਬਲਦੇਵ ਰਾਜ ਜੀ ਬੱਬੂਵਾਲ ਅਤੇ ਬਲਾਕ ਪਰਧਾਨ ਬਲਵੀਰ ਮੀਲੂ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਲੋਕ ਮਿਲਣੀ ਸਮਾਗਮ ਦਾ ਸ਼ਾਨਦਾਰ ਤੇ ਸਫਲ ਆਯੋਜਨ ਕੀਤਾ ਗਿਆ। ਇਸ ਸਮਾਗਮ ਦੌਰਾਨ ਪਿੰਡ ਵਾਸੀਆਂ ਦੇ ਅਥਾਹ ਉਤਸ਼ਾਹ, ਭਾਰੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਅਤੇ ਵੱਡੇ ਇਕੱਠ ਕਾਰਨ ਇਸ ਲੋਕ ਮਿਲਣੀ ਨੇ ਇੱਕ ਵਿਸ਼ਾਲ ਰੈਲੀ ਦਾ ਰੂਪ ਧਾਰਨ ਕਰ ਲਿਆ। ਮੀਟਿੰਗ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸਤਨਾਮ ਜਲਾਲਪੁਰ ਅਤੇ ਬਲਦੇਵ ਰਾਜ ਨੇ ਆਖਿਆ ਕਿ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸਰਕਾਰ ਆਮ ਲੋਕਾਂ, ਗਰੀਬਾਂ, ਕਿਸਾਨਾਂ ਅਤੇ ਜ਼ਰੂਰਤਮੰਦਾਂ ਦੀ ਭਲਾਈ ਲਈ ਪੂਰੀ ਇਮਾਨਦਾਰੀ ਤੇ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਨੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਪ੍ਰਮੁੱਖ ਭਲਾਈ ਯੋਜਨਾਵਾਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ 600 ਯੂਨਿਟ ਮੁਫ਼ਤ ਬਿਜਲੀ ਦੇ ਕੇ ਆਮ ਪਰਿਵਾਰਾਂ ਦੇ ਬਿਜਲੀ ਬਿਲ ਮਾਫ਼ ਕੀਤੇ ਗਏ ਹਨ, ਲੋਕਾਂ ਦੇ ਆਰਥਿਕ ਬੋਝ ਵਿੱਚ ਵੱਡੀ ਕਮੀ ਆਈ ਹੈ। ਹਰ ਘਰ ਤੱਕ ਮੁਫ਼ਤ ਤੇ ਮਿਆਰੀ ਰਾਸ਼ਨ ਪਹੁੰਚਾ ਕੇ ਗਰੀਬ ਪਰਿਵਾਰਾਂ ਦੀ ਖੁਰਾਕੀ ਸੁਰੱਖਿਆ ਯਕੀਨੀ ਬਣਾਈ ਗਈ ਹੈ॰ ਔਰਤਾਂ ਦੀ ਸੁਰੱਖਿਆ, ਸਨਮਾਨ,

ਜਨਗਣਨਾ-2027: ਜਲੰਧਰ 'ਚ ਫੀਲਡ ਟ੍ਰੇਨਰਾਂ ਨੂੰ ਦਿੱਤੀ ਜਾ ਰਹੀ ਸਿਖਲਾਈ, ਗਿਣਤੀਕਾਰਾਂ ਤੇ ਸੁਪਰਵਾਈਜ਼ਰਾਂ ਨੂੰ ਦੇਣਗੇ ਟ੍ਰੇਨਿੰਗ

ਜਲੰਧਰ, 29 ਸਤੰਬਰ (ਪਰਮਜੀਤ ਸਿੰਘ) ਜਨਗਣਨਾ-2027 ਦੇ ਦੂਜੇ ਪੜਾਅ (ਆਬਾਦੀ ਗਣਨਾ) ਸਬੰਧੀ ਜ਼ਿਲ੍ਹੇ ਵਿੱਚ ਫੀਲਡ ਟ੍ਰੇਨਰਾਂ ਨੂੰ ਤਿੰਨ-ਰੋਜ਼ਾ ਸਿਖਲਾਈ ਪ੍ਰੋਗਰਾਮ ਤਹਿਤ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਇਥੇ ਲਾਇਲਪੁਰ ਖਾਲਸਾ ਕਾਲਜ ਵਿਖੇ ਦਿੱਤੀ ਜਾ ਰਹੀ ਸਿਖਲਾਈ ਦੌਰਾਨ 50 ਫੀਲਡ ਟ੍ਰੇਨਰਾਂ ਨੇ ਹਿੱਸਾ ਲਿਆ। ਸਿਖਲਾਈ ਪ੍ਰਾਪਤ ਕਰਨ ਉਪਰੰਤ ਇਹ ਫੀਲਡ ਟ੍ਰੇਨਰ ਜ਼ਿਲ੍ਹੇ ਵਿੱਚ ਤਾਇਨਾਤ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਸਿਖਲਾਈ ਦੇਣਗੇ। ਸਿਖਲਾਈ ਦਾ ਉਦੇਸ਼ ਫੀਲਡ ਟ੍ਰੇਨਰਾਂ ਨੂੰ ਜਨਗਣਨਾ ਦੀਆਂ ਪ੍ਰਕਿਰਿਆਵਾਂ, ਡਿਜੀਟਲ ਐਪਲੀਕੇਸ਼ਨਾਂ ਸਮੇਤ ਹੋਰ ਪਹਿਲੂਆਂ ਬਾਰੇ ਵਿਆਪਕ ਜਾਣਕਾਰੀ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਉਨ੍ਹਾਂ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸਿਖਲਾਈ ਦੇ ਸਕਣ, ਜੋ ਜ਼ਮੀਨੀ ਪੱਧਰ 'ਤੇ ਜਾ ਕੇ ਕੰਮ ਕਰਨਗੇ। ਜਨਗਣਨਾ 2027, 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਕਰਵਾਈ ਜਾਵੇਗੀ, ਜਿਸ ਤੋਂ ਬਾਅਦ 5 ਜਨਵਰੀ ਤੋਂ 9 ਜਨਵਰੀ 2027 ਤੱਕ ਰਵੀਜ਼ਨਲ ਰਾਊਂਡ ਹੋਵੇਗਾ। ਸਿਖਲਾਈ ਪ੍ਰਾਪਤ ਫੀਲਡ ਟ੍ਰੇਨਰ 5 ਅਕਤੂਬਰ ਤੋਂ 10 ਨਵੰਬਰ 2026 ਤੱਕ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਸਿਖਲਾਈ ਦੇਣਗੇ। ਇਸ ਤੋਂ ਇਲਾਵਾ, 16 ਨਵੰਬਰ ਤੋਂ 30 ਨਵੰਬਰ 2026 ਤੱਕ ਸਵੈ-ਗਣਨਾ (ਸੈਲਫ ਇਨੂਮੀਰੇਸ਼ਨ) ਦੀ ਸਹੂਲਤ ਚਾਲੂ ਰਹੇਗੀ, ਜਿਸ ਰਾਹੀਂ ਪਰਿਵਾਰ ਨਿਰਧਾਰਤ ਆਨਲਾਈਨ ਪੋਰਟਲ ਰਾਹੀਂ ਆਪਣੀ ਜਾਣਕਾਰੀ ਮੁਹੱਈਆ ਕਰਵਾ ਸਕਣਗੇ। ਜਨਗਣਨਾ 2027 ਦੇ ਦੂਜੇ ਪੜਾਅ ਦੌਰਾਨ ਇਹ ਗਿਣਤੀਕਾਰ ਅਤੇ ਸੁਪਰਵਾਈਜ਼ਰ ਘਰ-ਘਰ ਜਾ ਕੇ ਲੋਕਾਂ ਬਾਰੇ ਨਿਰਧਾਰਤ 40 ਪ੍ਰਸ਼ਨਾਂ ਰਾਹੀਂ ਜਾਣਕਾਰੀ ਇਕੱਤਰ ਕਰਨਗੇ ਅਤੇ ਆਬਾਦੀ ਗਣਨਾ ਦਾ ਕੰਮ ਮੁਕੰਮਲ ਕਰਨਗੇ। ਸਿਖਲਾਈ ਸੈਸ਼ਨ ਦੌਰਾਨ ਮਾਸਟਰ ਟ੍ਰੇਨਰਾਂ ਵੱਲੋਂ ਫੀਲਡ ਟ੍ਰੇਨਰਾਂ ਨੂੰ ਜਨਗਣਨਾ ਸਮੇਂ ਪੁੱਛੇ ਜਾਣ ਵਾਲੇ 40 ਸਵਾਲਾਂ ਅਤੇ ਉਨ੍ਹਾਂ ਨੂੰ ਸਹੀ ਢੰਗ ਨਾਲ ਪੁੱਛਣ ਦੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਸਿਖਲਾਈ ਪ੍ਰੋਗਰਾਮ ਦੌਰਾਨ ਡਿਜੀਟਲ ਐਪਲੀਕੇਸ਼ਨਾਂ ਦੀ ਪ੍ਰਭਾਵਸ਼ਾਲੀ ਵਰਤੋਂ ਅਤੇ ਤਕਨੀਕ-ਆਧਾਰਿਤ ਮਰਦਮਸ਼ੁਮਾਰੀ ਪ੍ਰਕਿਰਿਆ ਵਿੱਚ ਸ਼ਾਮਲ ਵੱਖ-ਵੱਖ ਕਾਰਜ-ਵਿਧੀਆਂ 'ਤੇ ਵੀ ਚਾਨਣਾ ਪਾਇਆ ਗਿਆ। ਜਲੰਧਰ ਜ਼ਿਲ੍ਹੇ ਵਿੱਚ ਜਨਗਣਨਾ 2027 ਦੀਆਂ ਤਿਆਰੀਆਂ ਦੇ ਸਿਲਸਿਲੇ ਵਿੱਚ ਚੱਲ ਰਹੀ ਇਹ ਸਿਖਲਾਈ ਇੱਕ ਅਹਿਮ ਪੜਾਅ ਹੈ, ਜਿਸ ਦਾ ਮਕਸਦ ਜਨਗਣਨਾ ਦੇ ਫੀਲਡ ਵਿੱਚ ਜਾ ਕੇ ਕਰਨ ਵਾਲੇ ਕੰਮਕਾਜ ਨੂੰ ਸਹੀ ਢੰਗ ਨਾਲ ਅਤੇ ਸਮੇਂ ਸਿਰ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਉਣਾ ਹੈ।

ਰਾਜਾਸਾਂਸੀ ਚ ਕਾਂਗਰਸੀਆਂ ਦੀਆਂ ਜ਼ਮੀਨਾਂ ਤੇ ਧੱਕੇਸ਼ਾਹੀ ਖਿਲਾਫ਼ 30 ਸਤੰਬਰ ਨੂੰ ਲੱਗੇਗਾ ਏਅਰਪੋਰਟ ਰੋਡ ਤੇ ਧਰਨਾ

ਅੰਮ੍ਰਿਤਸਰ, 29 ਸਤੰਬਰ (ਰਾਜੇਸ਼ ਡੈਨੀ) ਪੰਜਾਬ ਦੇ ਵਿਧਾਨ ਸਭਾ ਹਲਕਾ ਰਾਜਾਸਾਂਸੀ ਵਿੱਚ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾ-ਗਰਮ ਹੋ ਚੁੱਕਾ ਹੈ ਅਤੇ ਆਪ ਸਰਕਾਰ ਖਿਲਾਫ਼ ਕਾਂਗਰਸ ਨੇ ਆਰ-ਪਾਰ ਦੀ ਲੜਾਈ ਦਾ ਬਿਗੁਲ ਵਜਾ ਦਿੱਤਾ ਹੈ। ਹਲਕੇ ਵਿੱਚ ਕਾਂਗਰਸੀ ਵਰਕਰਾਂ ਦੀਆਂ ਜ਼ਮੀਨਾਂ ਉੱਤੇ ਪ੍ਰਸ਼ਾਸਨ ਵੱਲੋਂ ਕੀਤੀ ਜਾ ਰਹੀ ਕਥਿਤ ਧੱਕੇਸ਼ਾਹੀ ਅਤੇ ਝੂਠੀਆਂ 45-ਏ ਬੋਪਣ ਦੇ ਗੰਭੀਰ ਮਾਮਲੇ ਸਾਹਮਣੇ ਆਏ ਹਨ। ਸਥਾਨਕ ਕਾਂਗਰਸੀ ਲੀਡਰਸ਼ਿਪ ਦਾ ਦੋਸ਼ ਹੈ ਕਿ ਆਮ ਆਦਮੀ ਪਾਰਟੀ ਦੀ ਹਲਕਾ ਇੰਚਾਰਜ ਸੋਨੀਆ ਮਾਨ ਦੇ ਇਸ਼ਾਰੇ ਤੇ ਪ੍ਰਸ਼ਾਸਨਿਕ ਅਧਿਕਾਰੀ (ਐਸ.ਡੀ.ਐਮ. ਲੋਪੋਕੇ) ਵੱਲੋਂ ਕਾਂਗਰਸੀ ਵਰਕਰਾਂ ਨੂੰ ਬਦਲਾਖੋਰੀ ਦੀ ਅੱਗ ਵਿੱਚ ਝੋਕ ਰਹੇ ਹਨ ਅਤੇ ਉਨ੍ਹਾਂ ਨੂੰ ਆਪਣੀ ਹੀ ਜ਼ਮੀਨ ਤੋਂ ਝੋਨਾ ਵੱਢਣ ਤੋਂ ਵੀ ਰੋਕਿਆ ਜਾ ਰਿਹਾ ਹੈ। ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਦੀ ਅਗਵਾਈ ਹੇਠ ਲੱਗੇਗਾ ਵੱਡਾ ਧਰਨਾ ਹਲਕੇ ਵਿੱਚ ਹੋ ਰਹੀ ਇਸ ਕਥਿਤ ਧੱਕੇਸ਼ਾਹੀ ਅਤੇ ਬਦਲਾਖੋਰੀ ਦੀ ਰਾਜਨੀਤੀ ਦੇ ਖ਼ਿਲਾਫ਼ ਕਾਂਗਰਸ ਵੱਲੋਂ ਵਿਸ਼ਾਲ ਰੋਸ ਧਰਨਾ ਦਿੱਤਾ ਜਾ ਰਿਹਾ ਹੈ। ਇਹ ਧਰਨਾ ਪ੍ਰਦਰਸ਼ਨ ਹਲਕਾ ਰਾਜਾਸਾਂਸੀ ਦੇ ਸੀਨੀਅਰ ਕਾਂਗਰਸੀ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਦੀ ਅਗਵਾਈ ਹੇਠ ਲਗਾਇਆ ਜਾਵੇਗਾ।

ਵਿਧਾਇਕ ਸਰਕਾਰੀਆ ਦੀ ਅਗਵਾਈ ਵਿੱਚ ਹਲਕੇ ਦੇ ਸਮੁੱਚੇ ਕਾਂਗਰਸੀ ਆਗੂ ਅਤੇ ਵਰਕਰ ਇੱਕਜੁੱਟ ਹੋ ਕੇ ਸਰਕਾਰ ਅਤੇ ਪ੍ਰਸ਼ਾਸਨ ਦੀਆਂ ਸ਼ਰੇਆਮ ਕੀਤੀਆਂ ਜਾ ਰਹੀਆਂ ਧੱਕੇਸ਼ਾਹੀਆਂ ਦਾ ਕਰਾਰਾ ਜਵਾਬ ਦੇਣ ਲਈ ਸੜਕਾਂ ਤੇ ਉਤਰਨਗੇ। ਦਿਲਰਾਜ ਸਰਕਾਰੀਆ ਦਾ ਵੱਡਾ ਧਮਾਕਾ: ਬਰਦਾਸ਼ਤ ਦੀ ਹੱਦ ਪਾਰ ਹੋ ਚੁੱਕੀ ਹੈ ਜ਼ਿਲ੍ਹਾ ਪ੍ਰੀਸ਼ਦ ਅੰਮ੍ਰਿਤਸਰ ਦੇ ਸਾਬਕਾ ਚੇਅਰਮੈਨ ਦਿਲਰਾਜ ਸਿੰਘ ਸਰਕਾਰੀਆ ਨੇ ਆਪਣੇ ਸੋਸ਼ਲ ਮੀਡੀਆ ਪੇਜ ਉੱਤੇ ਇੱਕ ਵੀਡੀਓ ਜਾਰੀ ਕਰਦਿਆਂ ਆਪ ਸਰਕਾਰ ਅਤੇ ਹਲਕਾ ਇੰਚਾਰਜ ਖ਼ਿਲਾਫ਼ ਤਿੱਖੇ ਤੇਵਰ ਅਖ਼ਤਿਆਰ ਕੀਤੇ ਹਨ। ਖੁਲਾਸਾ ਕੀਤਾ ਕਿ ਪ੍ਰਸ਼ਾਸਨ ਨੇ ਪਹਿਲਾਂ ਮੀਟਿੰਗਾਂ ਕਰਕੇ ਮੰਗਲਵਾਰ ਤੱਕ ਮਸਲੇ ਹੱਲ ਕਰਨ ਦਾ ਭਰੋਸਾ ਦੇ ਕੇ ਵਾਅਦਾਖ਼ਿਲਾਫ਼ੀ ਕੀਤੀ ਹੈ। ਸਰਕਾਰੀਆ ਨੇ ਤੰਜ਼ ਕੱਸਦਿਆਂ ਕਿਹਾ ਕਿ ਹੁਣ ਅਫ਼ਸਰਸ਼ਾਹੀ ਅਤੇ ਸੱਤਾਧਾਰੀ ਧਿਰ ਦੀਆਂ ਧੱਕੇਸ਼ਾਹੀਆਂ ਸਬਰ ਦੀ ਹੱਦ ਪਾਰ ਕਰ ਚੁੱਕੀਆਂ ਹਨ, ਜਿਸ ਕਰਕੇ ਕਾਂਗਰਸ ਪਾਰਟੀ ਨੂੰ ਸੜਕਾਂ ਤੇ ਉਤਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ। 30 ਸਤੰਬਰ ਦਿਨ ਬੁੱਧਵਾਰ ਨੂੰ ਹੋਵੇਗਾ ਏਅਰਪੋਰਟ ਰੋਡ ਜਾਮ ਗੁੱਸੇ ਵਿੱਚ ਭਰੇ ਕਾਂਗਰਸੀ ਆਗੂ ਨੇ ਐਲਾਨ ਕੀਤਾ ਹੈ ਕਿ ਕੱਲ੍ਹ ਮਿਤੀ 30 ਸਤੰਬਰ ਦਿਨ ਬੁੱਧਵਾਰ ਨੂੰ ਅੰਮ੍ਰਿਤਸਰ-ਰਾਜਾਸਾਂਸੀ ਏਅਰਪੋਰਟ ਰੋਡ ਨੂੰ ਮੁਕੰਮਲ ਤੌਰ ਤੇ ਜਾਮ ਕਰਕੇ ਵਿਸ਼ਾਲ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ। ਹਲਕੇ ਭਰ ਦੇ ਕਾਂਗਰਸੀ ਵਰਕਰ ਅਤੇ ਆਗੂ ਵੱਡੀ ਗਿਣਤੀ ਵਿੱਚ ਪਹੁੰਚ ਰਹੇ ਹਨ। ਜਨਤਾ ਲਈ ਅਹਿਮ ਸਲਾਹ ਅਤੇ ਜਾਮ ਦੀ ਪੂਰੀ ਜ਼ਿੰਮੇਵਾਰੀ ਆਪ ਸਰਕਾਰ ਤੇ ਕਾਂਗਰਸ ਆਗੂਆਂ ਨੇ ਅੰਮ੍ਰਿਤਸਰ ਜ਼ਿਲ੍ਹੇ ਦੀ ਸਮੁੱਚੀ ਜਨਤਾ ਨੂੰ ਹੱਥ ਬੰਨ੍ਹ ਕੇ ਅਪੀਲ ਕੀਤੀ ਹੈ ਕਿ ਏਅਰਪੋਰਟ ਰੋਡ ਜਾਮ ਹੋਣ ਕਾਰਨ ਆਵਾਜਾਈ ਵਿੱਚ ਭਾਰੀ ਮੁਸ਼ਕਲ ਆ ਸਕਦੀ ਹੈ, ਇਸ ਲਈ ਲੋਕ ਪਹਿਲਾਂ ਹੀ ਆਪਣੇ ਬਦਲਵੇਂ ਰਸਤੇ ਅਤੇ ਪ੍ਰਬੰਧ ਤਿਆਰ ਰੱਖਣ। ਨਾਲ ਹੀ ਉਨ੍ਹਾਂ ਸਾਫ਼ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਹੈ ਕਿ ਇਸ ਧਰਨੇ ਅਤੇ ਆਵਾਜਾਈ ਦੇ ਜਾਮ ਹੋਣ ਕਾਰਨ ਆਮ ਲੋਕਾਂ ਨੂੰ ਹੋਣ ਵਾਲੀ ਖੱਜਲ-ਖੁਆਰੀ ਦੀ ਪੂਰੀ ਜ਼ਿੰਮੇਵਾਰੀ ਸਿਰਫ਼ ਅਤੇ ਸਿਰਫ਼ ਆਪ ਸਰਕਾਰ, ਉਨ੍ਹਾਂ ਦੇ ਹਲਕਾ ਇੰਚਾਰਜ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ।

ਖ਼ਾਲਸਾ ਕਾਲਜ ਵਿਖੇ 'ਤਬਲਾ ਅਤੇ ਇਸ ਦੀਆਂ ਤਕਨੀਕਾਂ' ਵਿਸ਼ੇ 'ਤੇ ਵਰਕਸ਼ਾਪ ਕਰਵਾਈ ਗਈ

ਅੰਮ੍ਰਿਤਸਰ, 29 ਸਤੰਬਰ (ਮੋਹਕਮ ਸਿੰਘ) ਖ਼ਾਲਸਾ ਕਾਲਜ ਦੇ ਸੰਗੀਤ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਤਬਲਾ ਵਜਾਉਣ, ਤਾਲਬੱਧ ਸੰਕਲਪਾਂ ਅਤੇ ਵੱਖ ਵੱਖ ਪ੍ਰਦਰਸ਼ਨ ਤਕਨੀਕਾਂ ਦਾ ਕੀਮਤੀ ਵਿਹਾਰਕ ਗਿਆਨ ਪ੍ਰਦਾਨ ਕਰਨ ਸਬੰਧੀ 'ਤਬਲਾ ਅਤੇ ਇਸ ਦੀਆਂ ਤਕਨੀਕਾਂ' 'ਤੇ ਇਕ ਰੋਜ਼ਾ ਵਰਕਸ਼ਾਪ ਕਰਵਾਈ ਗਈ।ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਸਹਿਯੋਗ ਸਦਕਾ ਉਲੀਕੇ ਗਏ ਪ੍ਰੋਗਰਾਮ ਮੌਕੇ ਆਲ ਇੰਡੀਆ ਰੇਡੀਓ ਦੇ ਬੀ ਪਲਸ ਹਾਈ ਗ੍ਰੇਡ ਤਬਲਾ ਦੇ ਕਲਾਕਾਰ ਅਤੇ ਪੰਜਾਬ ਘਰਾਣੇ ਦੇ ਨਿਪੁੰਨ ਵਿਆਖਿਆਕਾਰ ਸ੍ਰੀ ਅਸ਼ੋਕ ਕੁਮਾਰ ਨੇ ਸ਼ਿਰਕਤ ਕੀਤੀ। ਇਸ ਮੌਕੇ ਵਰਕਸ਼ਾਪ ਦਾ ਸੰਚਾਲਨ ਕਰਦਿਆਂ ਸ੍ਰੀ ਕੁਮਾਰ ਨੇ ਤਬਲਾ ਵਜਾਉਣ ਦੇ ਵੱਖ ਵੱਖ ਪਹਿਲੂਆਂ 'ਤੇ ਵਿਸਤ੍ਰਿਤ ਵਿਹਾਰਕ ਪ੍ਰਦਰਸ਼ਨ ਕੀਤੇ।ਜਿਸ 'ਚ ਹੱਥ ਤਕਨੀਕਾਂ, ਬੋਲਾਂ ਦੀ ਸਪੱਸ਼ਟਤਾ, ਵੱਖ ਵੱਖ ਤਾਲਬੱਧ ਪੈਟਰਨ, ਲੇਅਕਾਰੀ, ਸਹਿਯੋਗੀ ਤਕਨੀਕਾਂ ਅਤੇ ਪ੍ਰਦਰਸ਼ਨ ਅਭਿਆਸ ਸ਼ਾਮਿਲ ਹਨ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਵਿਭਾਗਦੀ ਇਸ ਪਹਿਲਕਦਮੀ ਅਤੇ ਵਿਦਿਆਰਥੀਆਂ ਨੂੰ ਭਾਰਤੀ ਸ਼ਾਸਤਰੀ ਸੰਗੀਤ ਦੀਆਂ ਅਮੀਰ ਪ੍ਰੰਪਰਾਵਾਂ ਸਬੰਧੀ ਜਾਣਕਾਰੀ ਪ੍ਰਦਾਨ ਕਰਨ ਲਈ ਅਜਿਹੀਆਂ ਵਰਕਸ਼ਾਪਾਂ ਦੇ ਆਯੋਜਨ ਦੀ ਸ਼ਲਾਘਾ ਕੀਤੀ।ਇਸ ਮੌਕੇ ਉਨ੍ਹਾਂ ਨਾਲ ਅਕਾਦਮਿਕ ਮਾਮਲੇ ਡੀਨ ਡਾ. ਤਮਿੰਦਰ ਸਿੰਘ, ਵਿਦਿਆਰਥੀ ਭਲਾਈ ਡੀਨ ਡਾ. ਦਲਜੀਤ ਸਿੰਘ ਵੀ ਮੌਜੂਦ ਸਨ।ਇਸ ਮੌਕੇ ਵਿਭਾਗ ਮੁਖੀ ਡਾ. ਅੰਜੂ ਸ਼ਰਮਾ ਨੇ ਵਰਕਸ਼ਾਪ ਦੇ ਆਯੋਜਨ ਲਈ ਪ੍ਰਿੰ: ਡਾ. ਰੰਧਾਵਾ ਵੱਲੋਂ ਦਿੱਤੇ ਗਏ ਸਹਿਯੋਗ ਸਬੰਧੀ ਧੰਨਵਾਦ ਕਰਦਿਆਂ ਵਿਸ਼ੇਸ਼ ਮਾਹਿਰ ਅਤੇ ਫੈਕਲਟੀ ਮੈਂਬਰਾਂ ਦੀ ਪ੍ਰਸ਼ੰਸਾ ਕੀਤੀ। ਕਨਵੀਨਰ ਵਜੋਂ ਵਿਭਾਗ ਇੰਚਾਰਜ ਡਾ. ਅਮਨ ਕੌਰ, ਕੋ-ਕਨਵੀਨਰ ਦੇ ਤੌਰ 'ਤੇ ਪ੍ਰੋ. ਰਾਹੁਲ ਗ੍ਰਿਥ ਅਤੇ ਡਾ.ਅਮਨਦੀਪ ਕੌਰ ਨੇ ਅਹਿਮ ਭੂਮਿਕਾ ਨਿਭਾਈ।ਜਦਕਿ ਪ੍ਰੋਗਰਾਮ ਦਾ ਸੰਚਾਲਨ ਪ੍ਰੋ. ਨੇਹਾ ਵੱਲੋਂ ਕੀਤਾ ਗਿਆ। ਇਸ ਮੌਕੇ ਪ੍ਰੋ. ਨੇਹਾ, ਪ੍ਰੋ. ਰਜਤ, ਡਾ. ਰਾਜਵੀਰ ਕੌਰ ਤੋਂ ਇਲਾਵਾ ਵਿਦਿਆਰਥੀ ਹਾਜ਼ਰ ਸਨ।

ਵਿੱਤ ਮੰਤਰੀ ਵੱਲੋਂ ਸਮਾਜਸੇਵੀ ਸਰਪੰਚ ਕਰਮਜੀਤ ਸਿੰਘ ਗਰੇਵਾਲ ਰਤਨ-ਏ-ਪੰਜਾਬ ਅਵਾਰਡ 2026' ਨਾਲ ਸਨਮਾਨਿਤ

ਕੁੰਮਕਲਾਂ 29 ਸਤੰਬਰ (ਨਵਜੋਤ ਕੌਰ ਭਨੋਟ) ਵਿਧਾਨ ਸਭਾ ਹਲਕਾ ਸਾਹਨੇਵਾਲ ਦੇ ਪਿੰਡ ਖਾਸੀ ਕਲਾਂ ਦੇ ਉੱਘੇ ਸਮਾਜਸੇਵੀ ਤੇ ਪਿੰਡ ਖਾਸੀ ਕਲਾਂ ਦੇ ਸਰਪੰਚ ਸ੍ਰ ਕਰਮਜੀਤ ਸਿੰਘ ਗਰੇਵਾਲ ਨੂੰ ਉਨ੍ਹਾਂ ਦੀਆਂ ਸਮਾਜ ਸੇਵੀ ਗਤੀਵਿਧੀਆਂ ਬਦਲੇ ਰਤਨ-ਏ-ਪੰਜਾਬ ਅਵਾਰਡ 2026 ਨਾਲ ਸਨਮਾਨਿਤ ਕੀਤਾ। ਇਸ ਰਤਨ-ਏ-ਪੰਜਾਬ ਅਵਾਰਡ 2026' ਸਮਾਰੋਹ ਦੌਰਾਨ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਉੱਘੇ ਸਮਾਜਸੇਵੀ ਤੇ ਪਿੰਡ ਖਾਸੀ ਕਲਾਂ ਦੇ ਸਰਪੰਚ ਸ੍ ਕਰਮਜੀਤ ਸਿੰਘ ਗਰੇਵਾਲ ਨੂੰ ਇਹ ਅਵਾਰਡ ਉਨ੍ਹਾਂ ਦੀਆਂ ਸਮਾਜ ਸੇਵੀ ਗਤੀਵਿਧੀਆਂ ਬਦਲੇ ਦਿੱਤਾ ਗਿਆ। ਇਸ ਮੌਕੇ ਵਿੱਤ ਮੰਤਰੀ ਚੀਮਾ ਨੇ ਉਨ੍ਹਾਂ ਦੀਆਂ ਸਮਾਜਸੇਵੀ ਗਤੀਵਿਧੀਆਂ ਦੀ ਸ਼ਲਾਘਾ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸ੍ ਗਰੇਵਾਲ ਵਰਗੀਆਂ ਸਖਸ਼ੀਅਤਾਂ ਤੋਂ ਪ੍ਰੇਰਣਾ ਲੈਕੇ ਸਮਾਜਸੇਵਾ ਦਾ ਕਾਰਜ ਕਰਦੇ ਹੋਏ ਜਰੂਰਮੰਦਾਂ ਲੋਕਾਂ ਦੀ ਬਾਂਹ ਫੜਨ। ਸ੍ ਗਰੇਵਾਲ ਨੇ ਏਹ ਸਨਮਾਨ ਮਿਲਣ ਤੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਮਾਜਸੇਵਾ ਦਾ ਕਾਰਜਾਂ ਨੂੰ ਹੋਰ ਵੀ ਬੇਹਤਰ ਢੰਗ ਨਾਲ ਅਪਣੀ ਪੂਰੀ ਟੀਮ ਨਾਲ ਕਰਦੇ ਰਹਿਣਗੇ। ਦੱਸ ਦੇਈਏ ਕਿ ਕਰਮਜੀਤ ਸਿੰਘ ਗਰੇਵਾਲ ਅਤੇ ਉਨ੍ਹਾਂ ਦੇ ਯੂਐਸਏ ਤੋਂ ਐਨਆਰਆਈ ਸਪੱਤਰ ਘਰ ਚ ਆਏ ਹਰ ਲੋੜਵੰਦ ਦੀ ਸਹਾਇਤਾ ਕਰਨ ਲਈ ਮਸ਼ਹੂਰ ਹਨ। ਉਨ੍ਹਾਂ ਵੱਲੋਂ ਅੱਜ ਤੱਕ ਕੀਤੀ ਲੋਕ ਸੇਵਾ ਬਿਨ੍ਹਾਂ ਕਿਸੇ ਸਵਾਰਥ ਅਤੇ ਭੇਦਭਾਵ ਤੋਂ ਦਿੱਤੀ ਜਾ ਰਹੀ ਹੈ। ਸ੍ ਗਰੇਵਾਲ ਅਤੇ ਉਨ੍ਹਾਂ ਦਾ ਪਰਿਵਾਰ ਇਸ ਸਮਾਜਸੇਵਾ ਨੂੰ ਸੰਤ ਬਾਬਾ ਅਤਰ ਸਿੰਘ ਮਸਤੂਆਣਾ ਵਾਲਿਆਂ ਦੀ ਪ੍ਰੇਰਣਾ ਮੰਨਦਾ ਹੈ ਜਿਨ੍ਹਾਂ ਧਾਰਮਿਕ ਖੇਤਰ ਦੇ ਨਾਲ ਵਿੱਦਿਆ ਦੇ ਖੇਤਰ ਚ ਬਹੁਤ ਵੱਡਾ ਯੋਗਦਾਨ ਪਾਇਆ ਹੋਇਆ ਹੈ। ਇਸ ਮੌਕੇ ਦਲਜੀਤ ਸਿੰਘ ਗਰੇਵਾਲ, ਪੱਪਾ ਗਿੱਲ, ਰਾਜਾ ਸੋਮਲ, ਪ੍ਰਿਤਪਾਲ ਸਿੰਘ ਗਰੇਵਾਲ, ਲਾਲੀ ਗਰੇਵਾਲ, ਨਿੰਤਨ ਬੈਂਸ ਅਤੇ ਹੋਰ ਹਾਜਰ ਸਨ।

ਵਿਧਾਇਕ ਸ਼ੈਰੀ ਕਲਸੀ ਨੇ ਮਾਤਾ ਕਾਲੀ ਦੁਆਰਾ ਮੰਦਿਰ ਵਿਖੇ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ, ਗਲੀ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ

ਬਟਾਲਾ, 29 ਸਤੰਬਰ (ਸੰਜੀਵ ਨਈਅਰ) ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਅੱਜ ਮਾਤਾ ਕਾਲੀ ਦੁਆਰਾ ਮੰਦਿਰ ਵਿਖੇ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ ਅਤੇ ਗਲੀ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੌਕੇ ਮਹੰਤ ਅਮਿਤ ਸ਼ਾਹ, ਮੇਅਰ ਭੁਪਿੰਦਰ ਸਿੰਘ ਬਾਜਵਾ, ਹਨੀ ਚੌਹਾਨ, ਪਰਦੀਪ ਕੁਮਾਰ, ਵਿਜੇ ਸੋਨੀ ਵੀ ਮੌਜੂਦ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਅੰਦਰ ਵਿਕਾਸ ਕਾਰਜ ਨਿਰੰਤਰ ਜਾਰੀ ਹਨ ਅਤੇ ਸ਼ਹਿਰ ਵਾਸੀਆਂ ਦੀਆਂ ਲੰਮੇ ਸਮੇਂ ਤੋਂ ਲਮਕਦੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ।

ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਦਹਾਕਿਆਂ ਤੋਂ ਗਲੀਆਂ ਨਾ ਬਣਨ ਕਾਰਨ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਪਰ ਹੁਣ ਉਹ ਖੁਦ ਲੋਕਾਂ ਤੱਕ ਪਹੁੰਚ

ਥਾਣਾ ਕੋਤਵਾਲੀ ਵਿਖੇ ਐਨ ਡੀ ਪੀ ਐਸ ਮਾਮਲੇ 'ਚ ਬੰਦ ਇੱਕ ਕਥਿਤ ਆਰੋਪੀ ਵੱਲੋਂ ਕੀਤੀ ਖੁਦਕਸ਼ੀ

ਨਾਭਾ, 29 ਸਤੰਬਰ (ਰਾਕੇਸ਼ ਜਿੰਦਲ) : ਨਾਭਾ ਥਾਣਾ ਕਤਵਾਲੀ ਦੀ ਹਵਾਲਾਤ ਦੇ ਅੰਦਰ ਇੱਕ ਐਨਡੀਪੀਐਸ ਮਾਮਲੇ ਦੇ ਵਿੱਚ ਕਥਿਤ ਆਰੋਪੀ ਵੱਲੋਂ ਖੁਦਕੁਸ਼ੀ ਕੀਤੀ ਗਈ ਹੈ ਖਾਨਾ ਕਤਵਾਲੀ ਪੁਲਿਸ ਨੇ 27 ਸਤੰਬਰ ਨੂੰ ਦੋ ਵਿਅਕਤੀਆਂ ਨੂੰ ਮੋਟਰਸਾਈਕਲ ਤੇ 80 ਗਰਮ ਚਿੱਟਾ ਹੈਰੋਇਨ ਸਮੇਤ ਗਿਰਫਤਾਰ ਕੀਤਾ ਸੀ ਜਿਸ ਦਾ ਸੋਮਵਾਰ ਨੂੰ ਮਾਨਯੋਗ ਅਦਾਲਤ ਵੱਲੋਂ ਦੋ ਦਿਨ ਦਾ ਪੁਲਿਸ ਰਿਮਾਂਡ ਦਿੱਤਾ ਗਿਆ ਮੰਗਲਵਾਰ ਨੂੰ ਸਵੇਰੇ 7 ਵਜੇ ਦੇ ਕਰੀਬ ਲਛਮਣ ਨਾਮ ਦੇ ਕਥਿਤ ਆਰੋਪੀ ਵੱਲੋਂ ਆਪਣੇ ਹੀ ਪਜਾਮੇ ਦੇ ਨਾਲ ਹਵਾਲਾਤ ਦੀ ਟੋਇਲਟ ਦੇ ਅੰਦਰ ਖੁਦਕੁਸ਼ੀ ਕਰ ਲਈ ਗਈ। ਇਸ ਮਾਮਲੇ ਵਿੱਚ ਮ੍ਰਿਤਕ ਦਾ ਪਰਿਵਾਰ ਪਹਿਲਾ ਤਾਂ ਕੁਝ ਗੁੱਸੇ ਵਿੱਚ ਸੀ ਪਰ ਜਦੋਂ ਪੁਲਿਸ ਅਧਿਕਾਰੀਆਂ ਦੇ ਨਾਲ ਉਹਨਾਂ ਦੀ ਮੀਟਿੰਗ ਹੋਈ ਅਤੇ ਸੀਸੀਟੀਵੀ ਫੁਟੇਜ਼ ਵੇਖਣ ਤੋਂ ਬਾਅਦ ਪਰਿਵਾਰ ਵੱਲੋਂ ਮੰਨਿਆ ਗਿਆ ਕਿ ਲਛਮਣ ਵੱਲੋਂ ਖੁਦਕੁਸ਼ੀ ਕੀਤੀ ਗਈ ਹੈ ਪਰ ਪਰਿਵਾਰ ਵੱਲੋਂ ਇਹ ਰੋਸ ਜਤਾਇਆ ਗਿਆ ਕਿ ਪੁਲਿਸ ਨੇ ਮੌਤ ਦੀ ਸੂਚਨਾ ਪਰਿਵਾਰ ਨੂੰ ਬਹੁਤ ਦੇਰੀ ਨਾਲ ਦਿੱਤੀ ਹੈ . ਇਸ ਮਾਮਲੇ ਵਿੱਚ ਇੱਕ ਵਾਰ ਤਾ ਥਾਣਾ ਕੋਤਵਾਲੀ ਦੇ ਬਾਹਰ ਮਾਹੌਲ ਕਾਫੀ ਤਨਾਵਪੂਰਨ ਹੋ ਗਿਆ ਜਦੋਂ ਬਹੁਤ ਸਾਰੇ ਨੌਜਵਾਨ ਇਕੱਠੇ ਹੋ ਕੇ ਇਸ ਮਾਮਲੇ ਤੇ ਹੰਗਾਮਾ ਕਰਨ ਲੱਗੇ ਪਰ ਪਟਿਆਲਾ ਦੇ ਐਸਪੀ ਹੈਡਕੁਆਰਟਰ ਰਾਜੇਸ਼ ਛਿੰਬੜ ਅਤੇ ਡੀਐਸਪੀ ਨਾਭਾ

ਗੁਰਿਦਰ ਸਿੰਘ ਬੱਲ ਵੱਲੋਂ ਪੀੜਤ ਪਰਿਵਾਰਾਂ ਨੂੰ ਸਮਝਾਇਆ ਗਿਆ ਜਿਸ ਤੋਂ ਬਾਅਦ ਮਾਹੌਲ ਕਾਬੂ ਵਿੱਚ ਰਿਹਾ ਪੁਲਿਸ ਵੱਲੋਂ ਲਾਸ਼ ਨੂੰ ਸਿਵਿਲ ਹਸਪਤਾਲ ਨਾਭਾ ਦੀ ਮੋਰਚਰੀ ਵਿੱਚ ਰੱਖਿਆ ਗਿਆ ਹੈ ਜਿੱਥੇ ਮਾਨਯੋਗ ਜੱਜ ਸਾਹਿਬਾਨ ਦੀ ਨਿਗਰਾਨੀ ਹੇਠ ਡਾਕਟਰਾਂ ਦੀ ਬੋਰਡ ਵੱਲੋਂ ਮ੍ਰਿਤਕ ਕਥਿਤ ਮੁਜਰਮ ਦਾ ਪੋਸਟਮਾਰਟਮ ਕੀਤਾ ਜਾਵੇਗਾ। ਇਸ ਮਾਮਲੇ ਵਿੱਚ ਮ੍ਰਿਤਕ ਲਛਮਣ ਦੇ ਮਾਮਾ ਜੱਗੀ ਸਿੰਘ ਅਤੇ ਤਾਇਆ ਬਲਵੀਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਉਹਨਾਂ ਦੇ ਬੇਟੇ ਲਛਮਣ ਨੂੰ ਪੁਲਿਸ ਨੇ ਐਨਡੀਪੀਐਸ ਮਾਮਲੇ ਵਿੱਚ ਗਿਰਫਤਾਰ ਕੀਤਾ ਸੀ ਜਿਸ ਸਬੰਧੀ ਅੱਜ ਸਵੇਰੇ ਲਛਮਣ ਵੱਲੋਂ ਥਾਣੇ ਦੀ ਹਵਾਲਾਤ ਦੇ ਅੰਦਰ ਖੁਦਕੁਸ਼ੀ ਕਰ ਲਈ ਗਈ ਹੈ ਇਸ ਸਬੰਧੀ ਉਹਨਾਂ ਵੱਲੋਂ ਸੀਸੀਟੀਵੀ ਫੁਟੇਜ ਵਿੱਚ ਵੇਖਣ ਤੋਂ ਬਾਅਦ ਪੁਲਿਸ ਦੀ ਕਾਰਵਾਈ ਤੇ ਸੰਤੁਸ਼ਟੀ ਜਾਹਿਰ ਕੀਤੀ ਹੈ ਉਹਨਾਂ ਕਿਹਾ ਕਿ ਉਹਨਾਂ ਨੂੰ ਇਸ ਗੱਲ ਦਾ ਰੋਸ ਹੈ ਕਿ ਪੁਲਿਸ ਨੇ ਸਵੇਰੇ 7 ਵਜੇ ਦੀ ਘਟਨਾ ਨੂੰ ਬਹੁਤ ਦੇਰੀ ਨਾਲ ਉਹਨਾਂ ਨੂੰ ਦੱਸਿਆ। ਇਸ ਸਾਰੇ ਮਾਮਲੇ ਵਿੱਚ ਪੁਲਿਸ ਦੀ ਅਗਵਾਈ ਕਰ ਰਹੇ ਐਸਪੀ ਹੈਡ ਕੁਆਰਟਰ ਪਟਿਆਲਾ ਰਾਜੇਸ਼ ਛਿਬੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਥਾਣਾ ਕਥਵਾਲੀ ਪੁਲਿਸ ਨੇ 27 ਸਤੰਬਰ ਨੂੰ ਲਛਮਣ ਅਤੇ ਉਸਦੇ ਸਾਥੀ ਬਿਰਜੂ ਨੂੰ ਅਸੀਂ ਗ੍ਰਾਮ ਚਿੱਟਾ ਨਸ਼ੀਲਾ ਪਦਾਰਥ ਸਮੇਤ ਗ੍ਰਫਤਾਰ ਕੀਤਾ ਸੀ ਜਿਸ ਸਬੰਧੀ ਮਾਨਯੋਗ ਅਦਾਲਤ ਤੋਂ ਰਿਮਾਂਡ ਲੈ ਕੇ ਕਤਵਾਲੀ ਦੀ ਹਵਾਲਾ ਵੀ ਬੰਦ ਕੀਤਾ ਹੋਇਆ ਸੀ ਪਰ ਅੱਜ ਸਵੇਰੇ ਅਚਾਨਕ ਲਛਮਣ ਨੇ ਹਵਾਲਾਤ ਅੰਦਰ ਹੀ ਖੁਦਕੁਸ਼ੀ ਕਰ ਲਈ ਜਿਸ ਸਬੰਧੀ ਪਰਿਵਾਰ ਦੀ ਸੰਤੁਸ਼ਟੀ ਕਰਵਾ ਦਿੱਤੀ ਗਈ ਹੈ ਤੇ ਮਾਨਯੋਗ ਅਦਾਲਤ ਦੇ ਹੁਕਮਾਂ ਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

ਮੋਹਾਲੀ ਵਿੱਚ ਟੀਡੀਆਈ ਸਿਟੀ 'ਤੇ ਈਡੀ ਦਾ ਛਾਪਾ, ਦਸਤਾਵੇਜ਼ ਕੀਤੇ ਜ਼ਬਤ

ਮੋਹਾਲੀ, 29 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਦੀ ਇੱਕ ਟੀਮ ਨੇ ਮੋਹਾਲੀ ਦੇ ਸੈਕਟਰ-119 ਵਿੱਚ ਸਥਿਤ ਟੀਡੀਆਈ ਸਿਟੀ ਦੇ ਦਫ਼ਤਰ ਵਿੱਚ ਛਾਪਾ ਮਾਰਿਆ। ਇਸ ਕਾਰਵਾਈ ਦੌਰਾਨ, ਈਡੀ ਅਧਿਕਾਰੀਆਂ ਨੇ ਦਫ਼ਤਰ ਵਿੱਚ ਮੌਜੂਦ ਵਿਅਕਤੀਆਂ ਦੇ ਮੋਬਾਈਲ ਫੋਨ ਜ਼ਬਤ ਕਰ ਲਏ ਅਤੇ ਵੱਖ-ਵੱਖ ਰਿਕਾਰਡਾਂ ਤੇ ਦਸਤਾਵੇਜ਼ਾਂ ਦੀ ਜਾਂਚ ਕੀਤੀ। ਹਾਲਾਂਕਿ, ਈਡੀ ਵੱਲੋਂ ਇਸ ਮਾਮਲੇ ਸਬੰਧੀ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ ਹੈ। ਚਸ਼ਮਦੀਦਾਂ ਅਨੁਸਾਰ, ਈਡੀ ਦੀ ਟੀਮ ਤਿੰਨ ਗੱਡੀਆਂ ਵਿੱਚ ਟੀਡੀਆਈ ਸਿਟੀ ਦੇ ਦਫ਼ਤਰ ਪਹੁੰਚੀ। ਟੀਮ ਦੇ ਅੰਦਰ ਆਉਂਦਿਆਂ ਹੀ ਉੱਥੇ ਮੌਜੂਦ ਲੋਕਾਂ ਦੇ ਮੋਬਾਈਲ ਫੋਨ ਲੈ ਲਏ ਗਏ। ਸ਼ੁਰੂ ਵਿੱਚ, ਦਫ਼ਤਰ ਦੇ ਅੰਦਰ ਮੌਜੂਦ ਵਿਅਕਤੀਆਂ ਨੂੰ ਬਾਹਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਅਧਿਕਾਰੀਆਂ ਨੇ ਦਫ਼ਤਰ ਦੇ ਵੱਖ-ਵੱਖ ਹਿੱਸਿਆਂ ਵਿੱਚ ਰਿਕਾਰਡ ਅਤੇ ਹੋਰ ਸਮੱਗਰੀ ਦੀ ਜਾਂਚ ਕੀਤੀ। ਇਸ ਪ੍ਰਕਿਰਿਆ ਦੌਰਾਨ ਕੁਝ ਵਿਅਕਤੀਆਂ ਤੋਂ ਪੁੱਛਗਿੱਛ ਵੀ ਕੀਤੀ ਗਈ। ਸੂਤਰਾਂ ਦਾ ਕਹਿਣਾ ਹੈ ਕਿ 54 ਦੀ ਇਹ ਕਾਰਵਾਈ ਪੀਆਰ-6 ਸੜਕ ਲਈ ਐਕੁਆਇਰ ਕੀਤੀ ਗਈ ਜ਼ਮੀਨ ਦੇ ਮੁਆਵਜ਼ੇ ਨਾਲ ਜੁੜੀਆਂ ਲਗਭਗ 6 ਕਰੋੜ ਰੁਪਏ ਦੀਆਂ ਕਥਿਤ ਬੇਨਿਯਮੀਆਂ ਨਾਲ ਸਬੰਧਤ ਹੈ। ਦੋਸ਼ ਹੈ ਕਿ

ਮਾਸਟਰ ਪਲਾਨ ਦੇ ਅਧੀਨ ਆਉਂਦੀ ਜ਼ਮੀਨ ਲਈ ਸੀਐਲਯੂ (ਜ਼ਮੀਨ ਦੀ ਵਰਤੋਂ ਵਿੱਚ ਤਬਦੀਲੀ) ਦੀ ਮਨਜ਼ੂਰੀ ਮਿਲਣ ਤੋਂ ਬਾਅਦ, ਕੰਪਨੀ ਨੇ ਵੱਧ ਮੁਆਵਜ਼ਾ ਹਾਸਲ ਕਰਨ ਲਈ ਜ਼ਮੀਨ ਨੂੰ ਕੁਝ ਰਿਸ਼ਤੇਦਾਰਾਂ ਦੇ ਨਾਂ 'ਤੇ ਰਜਿਸਟਰ ਕਰਵਾ ਦਿੱਤਾ ਸੀ। ਇਹ ਵੀ ਸਾਹਮਣੇ ਆਇਆ ਹੈ ਕਿ ਬਾਅਦ ਵਿੱਚ ਕੰਪਨੀ ਨੇ ਇਨ੍ਹਾਂ ਰਜਿਸਟ੍ਰੇਸ਼ਨਾਂ ਨੂੰ ਰੱਦ ਕਰਵਾਉਣ ਲਈ ਗਮਾਡਾ ਕੋਲ ਅਰਜ਼ੀ ਦਿੱਤੀ ਸੀ। ਈਡੀ ਦੀ ਇਹ ਕਾਰਵਾਈ ਟੀਡੀਆਈ ਇਨਫਰਾਸਟਰਕਚਰ ਲਿਮਟਿਡ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਦੀ ਚੱਲ ਰਹੀ ਜਾਂਚ ਦੌਰਾਨ ਹੋਈ ਹੈ। ਈਡੀ ਸੂਤਰਾਂ ਅਨੁਸਾਰ, ਕੰਪਨੀ ਨੇ 2005 ਅਤੇ 2014 ਦੇ ਵਿਚਕਾਰ ਸੋਨੀਪਤ ਵਿੱਚ 23 ਰਿਹਾਇਸ਼ੀ ਅਤੇ ਵਪਾਰਕ ਪ੍ਰੋਜੈਕਟ ਸ਼ੁਰੂ ਕੀਤੇ ਸਨ। ਦਾਅਵਾ ਕੀਤਾ ਜਾਂਦਾ ਹੈ ਕਿ ਇਨ੍ਹਾਂ ਪ੍ਰੋਜੈਕਟਾਂ ਲਈ 14,000 ਤੋਂ ਵੱਧ ਘਰ ਖਰੀਦਦਾਰਾਂ ਤੋਂ 4,619 ਕਰੋੜ ਰੁਪਏ ਤੋਂ ਵੱਧ ਦੀ ਰਕਮ ਇਕੱਠੀ ਕੀਤੀ ਗਈ ਸੀ। ਇਨ੍ਹਾਂ ਵਿੱਚੋਂ ਬਹੁਤ ਸਾਰੇ ਪ੍ਰੋਜੈਕਟ ਅਧੂਰੇ ਪਏ ਹਨ ਅਤੇ ਕੁਝ ਮਾਮਲਿਆਂ ਵਿੱਚ 16 ਤੋਂ 18 ਸਾਲਾਂ ਦੀ ਦੇਰੀ ਸਾਹਮਣੇ ਆਈ ਹੈ।

ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਨੇ ਵਿੱਤੀ ਸਾਲ 2026 ਵਿੱਚ 5,149 ਕਰੋੜ ਰੁਪਏ ਦੇ ਮੌਤ ਦਾਅਵੇ ਨਿਪਟਾਏ

ਅੰਮ੍ਰਿਤਸਰ, 28 ਸਤੰਬਰ (ਬਿਊਰੋ) : ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਵਿੱਤੀ ਸਾਲ 2026 ਦੌਰਾਨ ਕੁੱਲ 5,149 ਕਰੋੜ ਰੁਪਏ ਦੇ ਮੌਤ ਦਾਅਵਿਆਂ ਦਾ ਨਿਪਟਾਰਾ ਕੀਤਾ। ਕੰਪਨੀ ਮੁਤਾਬਕ ਔਸਤ ਨਿੱਜੀ ਮੌਤ ਦਾਅਵਾ ਰਾਸ਼ੀ ਵਧ ਕੇ ਲਗਭਗ 15 ਲੱਖ ਰੁਪਏ ਹੋ ਗਈ ਹੈ। ਕੰਪਨੀ ਲਗਾਤਾਰ ਦੂਜੇ ਸਾਲ ਇਸ ਮਾਮਲੇ ਵਿੱਚ ਅੱਗੇ ਰਹੀ ਹੈ। ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਵਿੱਚ ਅੰਡਰਰਾਈਟਿੰਗ ਅਤੇ ਰਿਟੇਲ ਕਲੇਮਜ਼ ਦੇ ਮੁਖੀ ਸਾਰੰਗ ਗੋਖਲੇ ਨੇ ਕਿਹਾ ਕਿ ਜੀਵਨ ਬੀਮੇ ਦਾ ਮੁੱਖ ਉਦੇਸ਼ ਪਰਿਵਾਰਾਂ ਨੂੰ ਉਸ ਸਮੇਂ ਵਿੱਤੀ ਸੁਰੱਖਿਆ ਪ੍ਰਦਾਨ ਕਰਨਾ ਹੈ, ਜਦੋਂ ਉਨ੍ਹਾਂ ਨੂੰ ਇਸ ਦੀ ਸਭ ਤੋਂ ਵੱਧ ਲੋੜ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2026 ਵਿੱਚ ਕੰਪਨੀ ਦਾ ਕਲੇਮ ਸੈਟਲਮੈਂਟ ਰੇਸ਼ਿਓ 99.3 ਫੀਸਦੀ ਰਿਹਾ, ਜਦਕਿ ਕੰਪਨੀ ਪੱਧਰ 'ਤੇ ਜਾਂਚ ਦੀ ਲੋੜ ਨਾ ਪੈਣ ਵਾਲੇ ਨਿੱਜੀ ਦਾਅਵਿਆਂ ਵਿੱਚ ਅੰਤਿਮ ਦਸਤਾਵੇਜ਼ ਪ੍ਰਾਪਤ ਹੋਣ ਤੋਂ ਬਾਅਦ ਔਸਤ ਨਿਪਟਾਰਾ ਸਮਾਂ 1.1 ਦਿਨ ਰਿਹਾ। ਜਨਤਕ ਤੌਰ 'ਤੇ ਉਪਲਬਧ ਉਦਯੋਗਿਕ ਅੰਕੜਿਆਂ ਮੁਤਾਬਕ, ਕੰਪਨੀ ਵੱਲੋਂ ਭੁਗਤਾਨ ਕੀਤੀ ਗਈ ਔਸਤ ਨਿੱਜੀ ਮੌਤ ਦਾਅਵਾ ਰਾਸ਼ੀ ਵਿੱਤੀ ਸਾਲ 2021 ਵਿੱਚ ਲਗਭਗ 10 ਲੱਖ ਤੋਂ ਵਧ ਕੇ ਵਿੱਤੀ ਸਾਲ 2026 ਵਿੱਚ 15 ਲੱਖ ਹੋ ਗਈ ਹੈ। ਪਿਛਲੇ ਚਾਰ ਸਾਲਾਂ ਦੌਰਾਨ ਇਹ ਔਸਤ ਰਾਸ਼ੀ ਲਗਭਗ 14-15 ਲੱਖ ਦੇ ਪੱਧਰ 'ਤੇ ਰਹੀ। ਕੰਪਨੀ ਨੇ ਕਿਹਾ ਕਿ ਆਮਦਨ, ਕਰਜ਼ੇ ਅਤੇ ਨਿੱਜੀ ਜ਼ਿੰਮੇਵਾਰੀਆਂ ਵਿੱਚ ਬਦਲਾਅ ਦੇ ਮੱਦੇਨਜ਼ਰ ਪਾਲਿਸੀਧਾਰਕਾਂ ਨੂੰ ਸਮੇਂ-ਸਮੇਂ 'ਤੇ ਆਪਣੇ ਜੀਵਨ ਬੀਮਾ ਕਵਰ ਦੀ ਸਮੀਖਿਆ ਕਰਨੀ ਚਾਹੀਦੀ ਹੈ। ਕੰਪਨੀ ਮੁਤਾਬਕ ਉਹ ਦਾਅਵਿਆਂ ਦੀ ਪ੍ਰਕਿਰਿਆ ਨੂੰ ਸਰਲ ਬਣਾਉਣ ਅਤੇ ਤਕਨਾਲੋਜੀ ਆਧਾਰਿਤ ਸੇਵਾਵਾਂ ਰਾਹੀਂ ਪਰਿਵਾਰਾਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰਨ 'ਤੇ ਧਿਆਨ ਦੇ ਰਹੀ ਹੈ। ਪਾਲਿਸੀਧਾਰਕ ਆਪਣੇ ਬੀਮਾ ਕਵਰ ਜਾਂ ਦਾਅਵਿਆਂ ਸਬੰਧੀ ਸਹਾਇਤਾ ਲਈ ਕੰਪਨੀ ਦੀ ਵੈੱਬਸਾਈਟ ਜਾਂ ਕਸਟਮਰ ਕੇਅਰ ਨਾਲ ਸੰਪਰਕ ਕਰ ਸਕਦੇ ਹਨ।

ICICI PRUDENTIAL LIFE INSURANCE
Trusted by over 20 crore Indians in 25 YEARS
Ke Saath Zimmedari Lagey Pyaari

ਸੋਲਫੇਜ ਸਮਾਰਟ ਇਲੈਕਟ੍ਰਾਨਿਕਸ ਦਾ ਆਈਪੀਓ 30 ਸਤੰਬਰ ਨੂੰ ਖੁੱਲ੍ਹੇਗਾ

ਚੰਡੀਗੜ੍ਹ, 29 ਸਤੰਬਰ (ਬਿਊਰੋ) : ਸੋਲਫੇਜ ਸਮਾਰਟ ਇਲੈਕਟ੍ਰਾਨਿਕਸ ਲਿਮਟਿਡ ਨੇ ਆਪਣੇ ਇਨੀਸ਼ੀਅਲ ਪਬਲਿਕ ਆਫਰ (ਆਈਪੀਓ) ਦਾ ਐਲਾਨ ਕੀਤਾ ਹੈ। ਕੰਪਨੀ ਦਾ ਆਈਪੀਓ ਬੁੱਧਵਾਰ, 30 ਸਤੰਬਰ, 2026 ਨੂੰ ਖੁੱਲ੍ਹੇਗਾ ਅਤੇ ਸੋਮਵਾਰ, 5 ਅਕਤੂਬਰ, 2026 ਨੂੰ ਬੰਦ ਹੋਵੇਗਾ। ਕੰਪਨੀ ਦੇ ਇਕੁਇਟੀ ਸ਼ੇਅਰ ਬੀ.ਐੱਸ.ਈ. ਐੱਸ.ਐੱਮ.ਈ. ਪਲੇਟਫਾਰਮ 'ਤੇ ਸੂਚੀਬੱਧ ਹੋਣਗੇ। ਕੰਪਨੀ ਵੱਲੋਂ 10 ਰੁਪਏ ਦੇ ਅੰਕਿਤ ਮੁੱਲ ਵਾਲੇ 39,60,000 ਇਕੁਇਟੀ ਸ਼ੇਅਰ 55 ਰੁਪਏ ਪ੍ਰਤੀ ਸ਼ੇਅਰ ਦੀ ਇਸ਼ੂ ਕੀਮਤ 'ਤੇ ਪੇਸ਼ ਕੀਤੇ ਜਾ ਰਹੇ ਹਨ। ਇਸ ਆਈਪੀਓ ਰਾਹੀਂ ਕੰਪਨੀ ਕੁੱਲ 21.78 ਕਰੋੜ ਰੁਪਏ ਜੁਟਾਉਣ ਦੀ ਯੋਜਨਾ ਬਣਾ ਰਹੀ ਹੈ। ਆਈਪੀਓ ਬਾਰੇ ਜਾਣਕਾਰੀ ਦਿੰਦਿਆਂ ਸੋਲਫੇਜ ਸਮਾਰਟ ਇਲੈਕਟ੍ਰਾਨਿਕਸ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਉਮੇਸ਼ ਕੁਮਾਰ ਅਗਰਵਾਲ ਨੇ ਕਿਹਾ ਕਿ ਪਿਛਲੇ ਕੁਝ ਸਾਲਾਂ ਦੌਰਾਨ ਸੋਲਫੇਜ ਨੇ ਚੋਣਵੇਂ ਉਤਪਾਦ ਪੋਰਟਫੋਲੀਓ ਅਤੇ ਆਪਣੇ ਐਕਸਪੀਰੀਐਂਸ ਸੈਂਟਰ ਆਧਾਰਿਤ ਤਰੀਕੇ ਰਾਹੀਂ ਪ੍ਰੀਮੀਅਮ ਆਡੀਓ, ਵੀਡੀਓ ਅਤੇ ਸਮਾਰਟ ਹੋਮ ਆਟੋਮੇਸ਼ਨ ਹੱਲ ਗਾਹਕਾਂ ਤੱਕ ਪਹੁੰਚਾ ਕੇ ਆਪਣੀ ਵੱਖਰੀ ਪਛਾਣ ਬਣਾਈ ਹੈ। ਉਨ੍ਹਾਂ ਕਿਹਾ ਕਿ ਕੰਪਨੀ ਦਾ ਮੰਨਣਾ ਹੈ ਕਿ ਪ੍ਰੀਮੀਅਮ ਹੋਮ ਐਂਟਰਟੇਨਮੈਂਟ ਅਤੇ ਕਨੈਕਟਿਡ ਲਿਵਿੰਗ ਦੀ ਵਧ ਰਹੀ ਮੰਗ ਸੋਲਫੇਜ ਵਰਗੀਆਂ ਵਿਸ਼ੇਸ਼ ਖੇਤਰ ਵਿੱਚ ਕੰਮ ਕਰਨ ਵਾਲੀਆਂ ਕੰਪਨੀਆਂ ਲਈ ਨਵੇਂ ਮੌਕੇ ਪੈਦਾ ਕਰ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਕੰਪਨੀ ਆਪਣੀ ਯਾਤਰਾ ਦੇ ਅਗਲੇ ਪੜਾਅ ਵਿੱਚ ਦਾਖਲ ਹੋ ਰਹੀ ਹੈ ਅਤੇ ਇਸ ਦੌਰਾਨ ਬਾਜ਼ਾਰ ਵਿੱਚ ਆਪਣੀ ਮੌਜੂਦਗੀ ਮਜ਼ਬੂਤ ਕਰਨ, ਗਾਹਕਾਂ ਦੇ ਤਜਰਬੇ ਨੂੰ ਹੋਰ ਬਿਹਤਰ ਬਣਾਉਣ ਅਤੇ ਪ੍ਰੀਮੀਅਮ ਹੋਮ ਐਂਟਰਟੇਨਮੈਂਟ ਅਤੇ ਸਮਾਰਟ ਲਿਵਿੰਗ ਹੱਲਾਂ ਦੇ ਖੇਤਰ ਵਿੱਚ ਸੋਲਫੇਜ ਨੂੰ ਇੱਕ ਭਰੋਸੇਮੰਦ ਨਾਮ ਵਜੋਂ ਸਥਾਪਿਤ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ।

ਸ਼ਫ਼ਾ ਇੱਕ ਦੀਆਂ ਬਾਕੀ...

ਗਿਆਨੀ ਕੁਲਦੀਪ ਸਿੰਘ ਗੜਗੱਜ.....

ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਿਸ ਧਰਤੀ 'ਤੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨੇ ਧਾਰਮਿਕ ਆਜ਼ਾਦੀ ਲਈ ਸ਼ਹਾਦਤ ਦਿੱਤੀ, ਉਸੇ ਮੁਲਕ ਵਿੱਚ ਸਿੱਖ ਬੰਦੀਆਂ ਨੂੰ ਆਪਣੇ ਪਰਿਵਾਰਾਂ ਅਤੇ ਮਾਵਾਂ ਨਾਲ ਮਿਲਣ ਲਈ ਵੀ ਲੰਮਾ ਇੰਤਜ਼ਾਰ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਨੂੰ ਬੰਦੀ ਸਿੰਘਾਂ ਦੇ ਮਾਮਲਿਆਂ ਵਿੱਚ ਬਿਨਾਂ ਦੇਰੀ ਨਿਆਂਸੰਗਤ ਅਤੇ ਮਨੁੱਖੀ ਪੱਖ ਨੂੰ ਧਿਆਨ ਵਿੱਚ ਰੱਖਦਿਆਂ ਫ਼ੈਸਲੇ ਕਰਨੇ ਚਾਹੀਦੇ ਹਨ। ਇਸੇ ਦੌਰਾਨ ਮੀਡੀਆ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਪਿਛਲੇ ਕਰੀਬ 32 ਸਾਲਾਂ ਤੋਂ ਜੇਲ੍ਹ ਵਿੱਚ ਬੰਦ ਹਨ ਅਤੇ ਉਨ੍ਹਾਂ ਨੂੰ ਫਾਂਸੀ ਦੀ ਚੱਕੀ ਵਿੱਚ ਬੈਠਿਆਂ ਵੀ 19 ਸਾਲ ਤੋਂ ਵੱਧ ਦਾ ਸਮਾਂ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵਲੋਂ ਦਾਇਰ ਕੀਤੀ ਗਈ ਪਟੀਸ਼ਨ ਦੇ ਜਲਦ ਨਿਪਟਾਰੇ ਲਈ ਭਾਈ ਸਾਹਿਬ ਨੇ ਵਿਸ਼ੇਸ਼ ਤੌਰ 'ਤੇ ਆਖਿਆ ਹੈ। ਉਨ੍ਹਾਂ ਕਿਹਾ ਕਿ ਭਾਈ ਰਾਜੋਆਣਾ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਜੋ ਵੀ ਕੌਮੀ ਸੇਵਾ ਕੀਤੀ ਹੈ, ਉਹ ਬਿਲਕੁਲ ਠੀਕ ਕੀਤੀ ਹੈ ਅਤੇ ਇਸ ਲਈ ਉਹ ਕਿਸੇ ਕਿਸਮ ਦੀ ਮਾਫ਼ੀ ਦੀ ਮੰਗ ਨਹੀਂ ਕਰ ਰਹੇ। ਐਡਵੋਕੇਟ ਧਾਮੀ ਨੇ ਕਿਹਾ ਸ਼ਹਾਦਤ ਸਿੱਖ ਪੰਥ ਦੀ ਜਿੰਦ-ਜਾਨ ਹੈ, ਬੰਦਾ ਜੰਮਦਾ ਹੈ ਤੇ ਇੱਕ ਦਿਨ ਅਕਾਲ ਚਲਾਣਾ ਕਰ ਜਾਂਦਾ ਹੈ, ਪੰਥ ਕੌਮ ਲਈ ਮਰ ਮਿਟਣਾ ਹੀ ਸਿੱਖੀ ਦਾ ਅਸਲ ਮਾਰਗ ਹੈ। ਉਨ੍ਹਾਂ ਦੱਸਿਆ ਕਿ ਭਾਈ ਰਾਜੋਆਣਾ ਨਾਲ ਸਮੁੱਚੀ ਸਥਿਤੀ ਬਾਰੇ ਵਿਸਥਾਰਪੂਰਵਕ ਵਿਚਾਰਾਂ ਹੋਈਆਂ ਹਨ ਅਤੇ ਇਸ ਸਬੰਧੀ ਬਹੁਤ ਜਲਦ ਕੋਈ ਠੋਸ ਫ਼ੈਸਲਾ ਲਿਆ ਜਾਵੇਗਾ। ਦੇਸ਼ ਦੇ ਕਾਨੂੰਨੀ ਤੇ ਪ੍ਰਸ਼ਾਸਨਿਕ ਢਾਂਚੇ 'ਤੇ ਸਵਾਲ ਚੁੱਕਦਿਆਂ ਉਨ੍ਹਾਂ ਕ

70ਵੀਂ ਸਕੂਲ ਐਥਲੈਟਿਕਸ ਮੀਟ ਵਿੱਚ ਆਕਸਫੋਰਡ ਸਕੂਲ ਦੀ ਝੋਲੀ ਪਏ 15 ਗੋਲਡ, 9 ਸਿਲਵਰ ਤੇ 10 ਬਰੋਨਜ ਮੈਡਲ

ਭਗਤਾ ਭਾਈ, 29 ਸਤੰਬਰ (ਸਿਕੰਦਰ ਸਿੰਘ ਕੋਇਰ ਸਿੰਘ ਵਾਲਾ): 'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ' ਇੱਕ ਅਜਿਹੀ ਵਿੱਦਿਅਕ ਸੰਸਥਾ ਹੈ ਜਿਸ ਦੇ ਵਿਦਿਆਰਥੀ ਪੜ੍ਹਾਈ ਨਾਲ-ਨਾਲ ਖੇਡ ਜਗਤ ਦੇ ਵੀ ਚਮਕਦਾਰ ਸਿਤਾਰੇ ਹਨ।ਇਸ ਸੰਸਥਾ ਦੇ ਵਿਦਿਆਰਥੀ ਜਿਥੇ ਵਿੱਦਿਅਕ ਖੇਤਰ ਵਿੱਚ ਧਰੂ-ਧਾਰੇ ਵਾਂਗ ਚਮਕਦੇ ਹਨ, ਉੱਥੇ ਉਹ ਖੇਡਾਂ ਵਿੱਚ ਵੀ ਵਿਸ਼ੇਸ਼ ਮੱਲਾਂ ਮਾਰਦੇ ਹੋਏ ਆਪਣੇ ਸਕੂਲ ਦਾ ਨਾਮ ਰੌਸ਼ਨ ਕਰ ਰਹੇ ਹਨ। 70ਵੀਂ ਸਕੂਲ ਐਥਲੇਟਿਕਸ ਮੀਟ ਵਿੱਚ ਇਸ ਸੰਸਥਾ ਦੇ ਖਿਡਾਰੀਆਂ ਨੇ ਆਪਣੀ ਖੇਡ ਕਲਾ ਦਾ ਪ੍ਰਦਰਸ਼ਨ ਕਰਦੇ ਹੋਏ 34 ਮੈਡਲ ਇਸ ਸੰਸਥਾ ਦੀ ਝੋਲੀ ਪਾਏ।ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਭਗਤਾ ਭਾਈਕਾ ਦੇ ਖੇਡ ਮੈਦਾਨ ਵਿੱਚ ਜ਼ੋਨਲ ਭਗਤਾ ਭਾਈਕਾ ਦੇ ਖੇਡ ਮੁਕਾਬਲੇ ਹੋਏ।ਇਨ੍ਹਾਂ ਮੁਕਾਬਲਿਆਂ ਵਿੱਚ 100 ਮੀ.,400 ਮੀ.,400 ਮੀ. ਹਡਲ ਰੇਸ,110 ਮੀ. ਲੰਮੀ ਛਾਲ (ਲੌਂਗ ਜੰਪ) ਨੇਜ਼ਾ ਸੁੱਟਣਾ, ਟ੍ਰਿਪਲ ਜੰਪ,ਹਾਈ ਜੰਪ, ਜੈਵਲਿਨ ਥ੍ਰੋ,ਅਤੇ ਰਿਲੇਅ ਰੇਸ ਵਿੱਚ ਗੋਲਡ ਮੈਡਲ ਪ੍ਰਾਪਤ ਕਰਕੇ ਆਕਸਫੋਰਡ ਦੇ ਖਿਡਾਰੀ ਚੈਂਪੀਅਨ ਬਣੇ।ਇਸ ਤੋਂ ਇਲਾਵਾ ਇਨ੍ਹਾਂ ਸਰਦ ਰੁੱਤ ਖੇਡਾਂ ਵਿੱਚ ਇਸ ਸੰਸਥਾ ਦੇ ਖਿਡਾਰੀਆਂ ਨੇ 15 ਗੋਲਡ ,09 ਸਿਲਵਰ ਮੈਡਲ ਅਤੇ 10 ਤਾਂਬੇ ਦੇ ਮੈਡਲਾਂ ਉੱਤੇ ਵੀ ਕਬਜ਼ਾ ਕੀਤਾ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਖੇਡ ਵਿਭਾਗ ਦੇ ਮੁਖੀ ਪ੍ਰਦਮਨ ਸਿੰਘ , ਤੇਜਿੰਦਰ ਸਿੰਘ , ਸੁਖਵਿੰਦਰ ਸਿੰਘ, ਗੁਰਜਿੰਦਰ ਸਿੰਘ , ਜਗਜੀਤ ਸਿੰਘ , ਮਨਪ੍ਰੀਤ ਕੌਰ ਅਤੇ ਪੂਨਮ ਰਾਣੀ ਸਮੇਤ ਸਾਰੇ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਹੋਰ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਉਨ੍ਹਾਂ ਨੇ ਖਿਡਾਰੀਆਂ ਨੂੰ ਸੰਬੋਧਨ ਹੁੰਦੇ ਹੋਏ ਕਿ ਜ਼ਿਲਾ , ਸਟੇਟ ਖੇਡ ਕੇ ਹੀ ਅਸੀਂ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਖਿਡਾਗੀ ਬਣ ਸਕਦੇ ਹਾਂ।ਇਸ ਸਮੇਂ ਸਕੂਲ ਦੇ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਗਤਾ ਭਾਈ ਕਾ),ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ),ਪਰਮਪਾਲ ਸਿੰਘ ਸ਼ੈਰੀ (ਵਾਈਸ ਚੇਅਰਮੈਨ) ,ਅਤੇ ਰਾਜਵਿੰਦਰ ਸਿੰਘ ਸੋਢੀ ਅਤੇ ਗੁਰਮੀਤ ਸਿੰਘ ਗਿੱਲ (ਸਰਪੰਚ) ਨੇ ਸਮੂਹ ਖਿਡਾਰੀਆਂ ਦੀ ਕਾਰਗੁਜ਼ਾਰੀ ਦੀ ਵਡਿਆਈ ਕਰਦੇ ਹੋਏ,ਉਨ੍ਹਾਂ ਨੂੰ ਇਸ ਸੰਸਥਾ ਦਾ, ਇਲਾਕੇ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।

ਕੇਵਲ ਢਿੱਲੋਂ ਨੇ ਮਾਂ ਕਾਲਿਕਾ ਨੰਦੀ ਕਲੇਸ਼ਵਰ ਮੰਦਰ 'ਚ ਮੱਥਾ ਟੇਕਿਆ

ਐਸ.ਪੀ. ਬਘੇਲ ਦੀ ਅਗਵਾਈ ਹੇਠ ਯਾਤਰਾ ਮੇਹਤਪੁਰ ਪਹੁੰਚੀ

➢ਇਸੇ ਦੌਰਾਨ ਭਾਜਪਾ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ 'ਨਸ਼ਾ ਮੁਕਤ ਪੰਜਾਬ ਯਾਤਰਾ' ਕੇਂਦਰੀ ਮੰਤਰੀ ਐਸ.ਪੀ. ਬਘੇਲ ਦੀ ਅਗਵਾਈ ਹੇਠ ਕਪੂਰਥਲਾ ਤੋਂ ਸ਼ਾਹਕੋਟ ਹੁੰਦੀ ਹੋਈ ਮੇਹਤਪੁਰ ਪਹੁੰਚੀ। ਮੇਹਤਪੁਰ ਪਹੁੰਚਣ 'ਤੇ ਭਾਜਪਾ ਆਗੂਆਂ ਅਤੇ ਸਥਾਨਕ ਲੋਕਾਂ ਵੱਲੋਂ ਕੇਂਦਰੀ ਮੰਤਰੀ ਐਸ.ਪੀ. ਬਘੇਲ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।

ਜਲੰਧਰ, 29 ਸਤੰਬਰ (ਕੰਵਲਜੀਤ ਸਿੰਘ ਮੱਕੜ ਤੇ ਜੇ ਐਸ ਸੰਧੂ): ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਦੇ ਖ਼ਲਾਫ਼ ਭਾਰਤੀ ਜਨਤਾ ਪਾਰਟੀ (ਭਾਜਪਾ) ਵੱਲੋਂ ਸ਼ੁਰੂ ਕੀਤੀ ਗਈ 'ਨਸ਼ਾ ਮੁਕਤ ਪੰਜਾਬ ਯਾਤਰਾ' ਤਹਿਤ ਪਾਰਟੀ ਦੀਆਂ ਗਤੀਵਿਧੀਆਂ ਤੇਜ਼ ਹੋ ਗਈਆਂ ਹਨ। ਇਸੇ ਲੜੀ ਤਹਿਤ ਭਾਜਪਾ ਪੰਜਾਬ ਪ੍ਰਧਾਨ ਕੇਵਲ ਢਿੱਲੋਂ ਅੱਜ ਭਗਵਾਨ ਵਾਲਮੀਕਿ ਚੌਕ ਨੇੜੇ ਸਥਿਤ ਮਾਂ ਕਾਲਿਕਾ ਨੰਦੀ ਕਲੇਸ਼ਵਰ ਮੰਦਰ ਵਿਖੇ ਮੱਥਾ ਟੇਕਣ ਲਈ ਪਹੁੰਚੇ।

ਮੰਦਰ ਵਿਖੇ ਮਾਤਾ ਦਾ ਆਸ਼ੀਰਵਾਦ ਲੈਣ ਉਪਰੰਤ ਕੇਵਲ ਢਿੱਲੋਂ ਨੇ ਪੰਜਾਬ ਦੀ ਖੁਸ਼ਹਾਲੀ ਅਤੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਅਰਦਾਸ ਕੀਤੀ।ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਆਪਣੇ ਆਪ ਨੂੰ ਖੁਸ਼ਕਿਸਮਤ ਸਮਝਦੇ ਹਨ ਕਿ ਉਨ੍ਹਾਂ ਨੂੰ ਇਸ ਪਵਿੱਤਰ ਅਸਥਾਨ 'ਤੇ ਮੱਥਾ ਟੇਕਣ ਦਾ ਮੌਕਾ ਮਿਲਿਆ। ਉਨ੍ਹਾਂ ਦੱਸਿਆ ਕਿ 'ਨਸ਼ਾ ਮੁਕਤ ਪੰਜਾਬ ਯਾਤਰਾ' ਨੂੰ ਲੈ ਕੇ ਲੋਕਾਂ ਵਿੱਚ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਕੇਵਲ ਢਿੱਲੋਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਗੰਭੀਰ ਮੁੱਦਾ ਹੈ ਅਤੇ ਭਾਜਪਾ ਵੱਲੋਂ ਇਸ ਦੇ ਖ਼ਲਾਫ਼ ਲੋਕਾਂ ਨੂੰ ਜਾਗਰੂਕ ਕਰਨ ਅਤੇ ਉਨ੍ਹਾਂ ਨੂੰ ਮੁਹਿੰਮ ਨਾਲ ਜੋੜਨ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਮਾਜ ਦੇ ਹਰ ਵਰਗ ਦੀ ਭੂਮਿਕਾ ਜ਼ਰੂਰੀ ਹੈ। ਭਾਜਪਾ ਆਗੂਆਂ ਅਨੁਸਾਰ 'ਨਸ਼ਾ ਮੁਕਤ ਪੰਜਾਬ ਯਾਤਰਾ' ਸੂਬੇ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚੋਂ ਲੰਘ ਰਹੀ ਹੈ। ਪਾਰਟੀ ਦਾ ਕਹਿਣਾ ਹੈ ਕਿ ਇਸ ਮੁਹਿੰਮ ਦਾ ਮਕਸਦ ਲੋਕਾਂ ਨੂੰ ਨਸ਼ਿਆਂ ਖ਼ਲਾਫ਼ ਇਕਜੁੱਟ ਕਰਨਾ ਅਤੇ ਇਸ ਮੁੱਦੇ ਨੂੰ ਜਨ ਅੰਦੋਲਨ ਦਾ ਰੂਪ ਦੇਣਾ ਹੈ। ਯਾਤਰਾ ਦਾ 30 ਸਤੰਬਰ ਨੂੰ ਜਲੰਧਰ ਵਿੱਚ ਹੋਣ ਵਾਲੇ ਇੱਕ ਸਮਾਗਮ ਨਾਲ ਸਮਾਪਤੀ ਹੋਣ ਦੀ ਗੱਲ ਕਹੀ ਗਈ ਹੈ।

'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਮਸਤੂਆਣਾ ਸਾਹਿਬ ਵਿਖੇ ਜ਼ਿਲ੍ਹਾ ਪੱਧਰੀ ਲੜਕੀਆਂ ਦੇ ਫੁੱਟਬਾਲ ਮੁਕਾਬਲੇ

ਸੰਗਰੂਰ, 29 ਸਤੰਬਰ (ਜਸਪਾਲ ਸਰਾਓ): ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਅਕਾਲ ਕਾਲਜ ਕੌਂਸਲ, ਮਸਤੂਆਣਾ ਸਾਹਿਬ ਦੇ ਵਿਸ਼ੇਸ਼ ਸਹਿਯੋਗ ਨਾਲ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਜ਼ਿਲ੍ਹਾ ਪੱਧਰੀ ਫੁੱਟਬਾਲ ਟੂਰਨਾਮੈਂਟ (ਲੜਕੀਆਂ) ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਹ ਟੂਰਨਾਮੈਂਟ ਮਹਾਨ ਤਪੱਸਵੀ ਸੰਤ ਬਾਬਾ ਅਤਰ ਸਿੰਘ ਜੀ ਦੀ 100ਵੀਂ ਬਰਸੀ ਦੇ ਸਮਾਗਮਾਂ ਨੂੰ ਸਮਰਪਿਤ ਕੀਤਾ ਗਿਆ।ਖੇਡਾਂ ਦੌਰਾਨ ਵੱਖ-ਵੱਖ ਉਮਰ ਵਰਗਾਂ ਦੇ ਬਹੁਤ ਹੀ ਫਸਵੇਂ ਅਤੇ ਰੋਮਾਂਚਕ ਮੁਕਾਬਲੇ ਦੇਖਣ ਨੂੰ ਮਿਲੇ। ਟੂਰਨਾਮੈਂਟ ਵਿੱਚ ਅੰਡਰ-14 ਦੀਆਂ 8, ਅੰਡਰ-17 ਦੀਆਂ 8 ਅਤੇ ਅੰਡਰ-21 ਉਮਰ ਵਰਗ ਦੀਆਂ 2 ਟੀਮਾਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਖਿਡਾਰਨਾਂ ਨੇ ਮੈਦਾਨ ਵਿੱਚ ਆਪਣੀ ਖੇਡ ਕਲਾ ਅਤੇ ਖੇਡ ਭਾਵਨਾ ਦਾ ਬਹਿਤਰੀਨ ਪ੍ਰਦਰਸ਼ਨ ਕੀਤਾ। ਖ਼ਬਰ ਲਿਖੇ ਜਾਣ ਤੱਕ ਸੈਮੀਫਾਇਨਲ ਮੁਕਾਬਲੇ ਚੱਲ ਰਹੇ ਸਨ।

ਸਮਾਗਮ ਦੇ ਮੁੱਖ ਮਹਿਮਾਨ ਅਕਾਲ ਕਾਲਜ ਕੌਂਸਲ ਦੇ ਸਕੱਤਰ ਸ੍ਰ. ਜਸਵੰਤ ਸਿੰਘ ਖਹਿਰਾ ਨੇ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਮਨੁੱਖੀ ਸ਼ਖ਼ਸੀਅਤ ਦੇ ਸਰਬਪੱਖੀ ਵਿਕਾਸ ਲਈ ਸਭ ਤੋਂ ਵਧੀਆ ਸਾਧਨ ਹਨ। ਇਸ ਟੂਰਨਾਮੈਂਟ ਦੇ ਸਫ਼ਲ ਆਯੋਜਨ ਵਿੱਚ ਸ੍ਰ. ਮਨਜੀਤ ਸਿੰਘ ਬਾਲੀਆਂ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਪ੍ਰਮੁੱਖ ਤੌਰ 'ਤੇ ਡਾ. ਸੁਖਜੀਤ ਸਿੰਘ ਸਮੇਤ ਫੁੱਟਬਾਲ ਕੋਚ ਪਰਦੀਪ ਸਿੰਘ, ਅਮਨਦੀਪ ਸਿੰਘ, ਗੁਰਸੇਵਕ ਸਿੰਘ ਅਤੇ ਸੁਖਵਿੰਦਰ ਸਿੰਘ ਵਰਗੀਆਂ ਸ਼ਖ਼ਸ਼ੀਅਤਾਂ ਹਾਜ਼ਰ ਸਨ। ਟੂਰਨਾਮੈਂਟ ਨੂੰ ਸੁਚੱਜੇ ਅਤੇ ਨਿਰਪੱਖ ਢੰਗ ਨਾਲ ਕਰਵਾਉਣ ਲਈ ਅਕਾਲ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ ਦੇ ਵਿਦਿਆਰਥੀਆਂ ਨੇ ਆਫ਼ੀਸ਼ੀਅਲਜ਼ ਵਜੋਂ ਅਹਿਮ ਭੂਮਿਕਾ ਨਿਭਾਈ

ਨਾਭਾ ਜ਼ੋਨਲ ਐਥਲੈਟਿਕ ਵਿੱਚ ਜੀ ਬੀ ਆਈ ਐੱਸ. ਰਿਹਾ ਪਹਿਲੇ ਸਥਾਨ 'ਤੇ

ਨਾਭਾ, 29 ਸਤੰਬਰ (ਰਾਕੇਸ਼ ਜਿੰਦਲ ਸ਼ੁਭਮ ਜਿੰਦਲ): ਮਿਤੀ 22 ਸਤੰਬਰ ਤੋਂ 25 ਸਤੰਬਰ 2026 ਤੱਕ ਕਰਵਾਏ ਗਏ ਨਾਭਾ ਜ਼ੋਨਲ ਐਥਲੈਟਿਕ 2026-27 ਵਿੱਚ ਨਾਭਾ ਸਥਿਤ ਜੀ ਬੀ ਇੰਟਰਨੈਸ਼ਨਲ ਸਕੂਲ ਨੇ ਸਕੂਲ ਦੇ ਚੇਅਰਮੈਨ ਸ੍ਰੀ ਸੰਦੀਪ ਬਾਂਸਲ ਦੀ ਅਗਵਾਈ ਹੇਠ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਓਵਰਆਲ ਪਹਿਲਾ ਸਥਾਨ ਹਾਸਲ ਕਰਕੇ ਜੀ ਬੀ ਪਰਿਵਾਰ ਨੂੰ ਮਾਣ ਮਹਿਸੂਸ ਕਰਵਾਇਆ। ਜ਼ਿਕਰਯੋਗ ਹੈ ਕਿ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਜੀ ਬੀ ਆਈ ਐੱਸ ਦੇ 19 ਵਿਦਿਆਰਥੀਆਂ ਦੀ ਜ਼ਿਲ੍ਹਾ ਪੱਧਰੀ ਮੁਕਾਬਲੇ ਲਈ ਚੋਣ ਹੋਈ। ਇਸ ਮੁਕਾਬਲੇ ਵਿੱਚ ਨਾਭਾ ਸ਼ਹਿਰ ਦੇ 70 ਸਰਕਾਰੀ ਅਤੇ ਨਿੱਜੀ ਸਕੂਲਾਂ ਦੇ ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਵੱਖ-ਵੱਖ ਐਥਲੈਟਿਕ ਮੁਕਾਬਲਿਆਂ ਵਿੱਚ ਜੀ ਬੀ ਆਈ ਐੱਸ ਦੇ ਖਿਡਾਰੀਆਂ ਨੇ ਆਪਣੀ ਪ੍ਰਤਿਭਾ, ਮਿਹਨਤ ਅਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕੁੱਲ 53 ਤਮਗੇ ਜਿੱਤ ਕੇ ਨਾਭਾ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਜੀ ਬੀ ਆਈ ਐੱਸ ਨੇ 15 ਸੋਨ ਤਮਗੇ, 16 ਚਾਂਦੀ ਦੇ ਤਮਗੇ ਅਤੇ 22 ਕਾਂਸੀ ਦੇ ਤਮਗੇ ਜਿੱਤ ਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ। ਸਕੂਲ ਦੀ ਪ੍ਰਿੰਸੀਪਲ ਡਾ. ਇੰਦਰਜੀਤਪਾਲ ਕੌਰ ਗਰੇਵਾਲ ਨੇ ਵੀ ਜੇਤੂ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਜੀ ਬੀ ਆਈ ਐੱਸ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਖੇਡ ਪ੍ਰਤਿਭਾਵਾਂ ਨੂੰ ਨਿਖਾਰਨ ਲਈ ਲਗਾਤਾਰ ਮੌਕੇ ਪ੍ਰਦਾਨ ਕਰਦਾ ਹੈ। ਇਸ ਸ਼ਾਨਦਾਰ ਉਪਲਬਧੀ ਨਾਲ ਸਕੂਲ ਪਰਿਵਾਰ ਵਿੱਚ ਖੁਸ਼ੀ ਅਤੇ ਮਾਣ ਦੀ ਲਹਿਰ ਦੌੜ ਗਈ।

ਖੇਡਾਂ ਵਤਨ ਪੰਜਾਬ ਦੀਆਂ 2026-27 ' ਸੀਜਨ-4 ਜ਼ਿਲ੍ਹਾ ਪੱਧਰੀ ਖੇਡਾਂ ਦਾ ਨਵਾਂਸ਼ਹਿਰ ਵਿਖੇ ਕੀਤਾ ਉਦਘਾਟਨ- ਜ਼ਿਲ੍ਹਾ ਖੇਡ ਅਫਸਰ

ਨਵਾਂਸ਼ਹਿਰ, 29 ਸਤੰਬਰ (ਤਜਿੰਦਰ ਜੋਤ ਜਸਵਿੰਦਰ ਕੌਰ): ਪੰਜਾਬ ਸਰਕਾਰ ਵਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ 2026-27 ਸੀਜਨ-4 ਦੇ ਜਿਲ੍ਹਾ ਪੱਧਰੀ ਖੇਡਾਂ ਦਾ ਉਦਘਾਟਨ ਸਹਾਇਕ ਕਮਿਸ਼ਨਰ ਰਮਨਜੀਤ ਵਲੋਂ ਕੀਤਾ ਗਿਆ। ਇਸ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸ੍ਰੀਮਤੀ ਵੰਦਨਾ ਚੌਹਾਨ ਜਿਲ੍ਹਾ ਖੇਡ ਅਫਸਰ ਸ਼ਹੀਦ ਭਗਤ ਸਿੰਘ ਨਗਰ ਨੇ ਦੱਸਿਆ ਕਿ ਇਸ ਖੇਡਾਂ ਵਤਨ ਪੰਜਾਬ ਦੀਆਂ 2026 ਦੇ ਜਿਲ੍ਹਾ ਪੱਧਰੀ ਖੇਡਾਂ ਦੇ ਉਦਘਾਟਨ ਸਮਾਰੋਹ ਦੇ ਮੌਕੇ 'ਤੇ ਨਵਾਂਸ਼ਹਿਰ ਦੇ ਹਲਕਾ ਇੰਚਾਰਜ ਜਸਪ੍ਰੀਤ ਸਿੰਘ ਰੋਬੀ ਕੰਗ, ਸ੍ਰ. ਸਤਨਾਮ ਸਿੰਘ ਜਲਵਾਹਾ ਚੇਅਰਮੈਨ ਇੰਪਰੂਵਮੈਂਟ ਟਰਸਟ ਨਵਾਂਸ਼ਹਿਰ, ਸ੍ਰੀਮਤੀ ਸੋਨੀਆ ਵਾਲੀਆ ਪ੍ਰਿੰਸੀਪਲ ਕੈਂਬਰੇਜ ਇੰਟਰਨੈਸ਼ਨਲ ਸਕੂਲ ਕਰੀਹਾ ਵਿਸ਼ੇਸ਼ ਤੌਰ ਤੇ ਹਾਜਰ ਹੋਏ। ਅੱਜ ਉਦਘਾਟਨੀ ਮੌਕੇ ਕਰਵਾਏ ਗਏ ਖੇਡ ਮੁਕਾਬਲਿਆਂ ਦੌਰਾਨ ਅੰਡਰ 14 (ਲੜਕੀਆਂ) 600 ਮੀਟਰ ਦੇ ਮੁਕਾਬਲਿਆਂ ਵਿੱਚ ਬਾਣੀ ਈਸ਼ਵਰੀ ਨੇ ਪਹਿਲਾ, ਬਲਵਿੰਦਰ ਕੌਰ ਨੇ ਦੂਜਾ ਅਤੇ ਮਾਨਵੀ ਨੇ ਤੀਜਾ ਸਥਾਨ ਹਾਸਲ ਕੀਤਾ ਅੰਡਰ 14 (ਲੜਕੇ) 600 ਮੀਟਰ ਮੁਕਾਬਲਿਆਂ ਵਿੱਚ ਹਰਕੀਰਤ ਕੁਮਾਰ ਨੇ ਪਹਿਲਾ, ਹਿਮਾਂਸ਼ੂ ਨੇ ਦੂਜਾ ਅਤੇ ਹਰਸ਼ਿਤ ਨੇ ਤੀਜਾ ਸਥਾਨ ਹਾਸਲ ਕੀਤਾ ਕਬੱਡੀ (ਸਰਕਲ ਸਟਾਇਲ) ਮੁਕਾਬਲਿਆਂ ਵਿੱਚ ਅੰਡਰ 17 ਵਿੱਚ ਮਾਈ ਭਾਗੋ ਜਗਤਪੁਰ ਨੇ ਪਹਿਲਾ, ਬਾਬਾ ਸਧੀ ਰਾਮ ਅਖਾੜਾ ਕਾਠਗੜ ਨੇ ਦੂਜਾ ਅਤੇ ਮਹਿਮੂਦਪੁਰ ਨੇ ਤੀਜਾ ਸਥਾਨ ਹਾਸਲ ਕੀਤਾ ਇਸ ਮੌਕੇ ਤੇ ਸ੍ਰ ਮਲਕੀਤ ਸਿੰਘ, ਅਨਾਮਿਕਾ, ਮਨਜਿੰਦਰ ਸਿੰਘ, (ਸਾਰੇ ਐਥਲੈਟਿਕ ਕੋਚ), ਨਵੀਨ ਕੁਮਾਰ, ਮਨਪ੍ਰੀਤ ਸਿੰਘ (ਦੋਨੋਂ ਵਾਲੀਬਾਲ ਕੋਚ, ਜਸਵਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਨੰਗਲ ਜੱਟਾਂ ਫੁਟਬਾਲ ਕੋਚ, ਨਵੀਨ ਕੁਮਾਰ ਕੁਮਾਰਕੁਲਜੀਤ ਸਿੰਘ ਹਾਕੀ ਕੋਚ, ਰਮਨਦੀਪ ਸਿੰਘ ਬੈਡਮਿੰਟਨ ਕੋਚ, ਗੁਰਤੇਜ ਸਿੰਘ ਸੁਪਰਵਾਈਜਰ, ਸ੍ਰ ਕਸ਼ਮੀਰ ਸਿੰਘ ਅੰਤਰਰਾਸ਼ਟਰੀ ਫੁੱਟਬਾਲ ਖਿਡਾਰੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖਿਡਾਰੀ/ਬੱਚੇ ਹਾਜਰ ਸਨ। ਸਟੇਜ ਸੰਚਾਲਕੀ ਦੀ ਭੂਮਿਕਾ ਬਲਵੀਰ ਕੁਮਾਰ ਕਲਰਕ ਵਲੋਂ ਬਾਖੂਬੀ ਨਿਭਾਈ ਗਈ।

ਖੇਡਾਂ ਵਤਨ ਪੰਜਾਬ ਦੀਆਂ: ਜ਼ਿਲ੍ਹਾ ਪੱਧਰੀ ਖੇਡਾਂ ਦੀ ਸ਼ੁਰੂਆਤ

ਸੰਗਰੂਰ, 29 ਸਤੰਬਰ (ਜਸਪਾਲ ਸਰਾਓ): ਖੇਡ ਵਿਭਾਗ ਪੰਜਾਬ ਵਲੋਂ ਖੇਡਾਂ ਵਤਨ ਪੰਜਾਬ ਦੀਆਂ (ਸੀਜ਼ਨ-04)-2026 ਅਧੀਨ ਬਲਾਕ ਪੱਧਰੀ ਖੇਡਾਂ ਤੋਂ ਬਾਅਦ ਹੁਣ ਜ਼ਿਲ੍ਹਾ ਪੱਧਰੀ ਖੇਡਾਂ ਤਹਿਤ ਕੁੱਲ 39 ਵੱਖ-ਵੱਖ ਖੇਡਾਂ ਕਰਵਾਈਆਂ ਜਾ ਰਹੀਆਂ ਹਨ ਤੇ ਇਹਨਾਂ ਜ਼ਿਲ੍ਹਾ ਪੱਧਰੀ ਖੇਡਾਂ ਦੌਰਾਨ ਖੇਡ ਫੁੱਟਬਾਲ, ਚੈੱਸ, ਆਰਚਰੀ, ਲਾਅਨ ਟੈਨਿਸ, (ਲੜਕੇ/ਲੜਕੀਆਂ) ਦਾ ਅੱਜ ਆਗਾਜ਼ ਕੀਤਾ ਗਿਆ। ਇਸ ਵਿਸ਼ੇਸ਼ ਮੌਕੇ ਸ੍ਰੀ ਗੁਰਮੇਲ ਸਿੰਘ ਘਰਾਚੋਂ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਵੱਲੋਂ ਗੇਮ ਚੈੱਸ ਦਾ ਉਦਘਾਟਨ ਕੀਤਾ ਗਿਆ ਜੋ ਕਿ ਅਗਰਵਾਲ ਧਰਮਸ਼ਾਲ, ਸੁਨਾਮੀ ਗੇਟ, ਨੇੜੇ ਵੱਡਾ ਚੌਕ, ਸੰਗਰੂਰ ਵਿਖੇ ਕਰਵਾਈ ਜਾ ਰਹੀ ਹੈ। ਗੇਮ ਆਰਚਰੀ ਜੀ.ਸੀ.ਐੱਮ. ਕਾਨਵੈਂਟ ਸਕੂਲ, ਦਿੜਬਾ ਵਿਖੇ ਅਤੇ ਫੁੱਟਬਾਲ ਗੇਮ ਅਕਾਲ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ ਸ੍ਰੀ ਮਸਤੂਆਣਾ ਸਾਹਿਬ ਵਿਖੇ ਆਯੋਜਿਤ ਕਰਵਾਈ ਜਾ ਰਹੀ ਹੈ। ਮੁੱਖ ਮਹਿਮਾਨ ਵੱਲੋਂ ਖਿਡਾਰੀਆਂ ਨੂੰ ਸ਼ੁਭ ਇਛਾਵਾਂ ਦਿੱਤੀਆਂ ਗਈਆ

ਸ਼ਹੀਦ ਭਗਤ ਸਿੰਘ ਜਰਨਲਿਸਟ ਐਸੋਸੀਏਸ਼ਨ ਵੱਲੋਂ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਜੀ ਦਾ 119ਵਾਂ ਜਨਮਦਿਨ ਮਨਾਇਆ

ਅੰਮ੍ਰਿਤਸਰ 29 ਸਿਤੰਬਰ (ਰਾਜੇਸ਼ ਡੈਨੀ) ਸ਼ਹੀਦ ਭਗਤ ਸਿੰਘ ਜਰਨਲਿਸਟ ਐਸੋਸੀਏਸ਼ਨ (ਰਜਿ.) ਪੰਜਾਬ ਵੱਲੋਂ ਅੱਜ ਅੰਮ੍ਰਿਤਸਰ ਵਿਖੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦਾ 119ਵਾਂ ਜਨਮਦਿਨ ਬੜੇ ਉਤਸ਼ਾਹ, ਉਮੰਗ ਅਤੇ ਧਾਰਮਿਕ-ਸਮਾਜਿਕ ਸ਼ਰਧਾ ਨਾਲ ਮਨਾਇਆ ਗਿਆ। ਇਸ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਐਸੋਸੀਏਸ਼ਨ ਦੇ ਸੂਬਾਈ ਤੇ ਜ਼ਿਲ੍ਹਾ ਪੱਧਰੀ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਦਿਆਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਜੀ ਦੀ ਤਸਵੀਰ ਤੇ ਫੁੱਲ ਅਰਪਿਤ ਕੀਤੇ ਅਤੇ ਉਨ੍ਹਾਂ ਦੀ ਅਦੁੱਤੀ ਕੁਰਬਾਨੀ ਤੇ ਇਨਕਲਾਬੀ ਵਿਚਾਰਧਾਰਾ ਨੂੰ ਸਜਦਾ ਕੀਤਾ। ਸ਼ਹੀਦਾਂ ਦੀ ਕੁਰਬਾਨੀ ਨਾਲ ਮਿਲੀ ਆਜ਼ਾਦੀ ਦੀ ਕਦਰ ਕਰਨਾ ਸਾਡਾ ਫਰਜ਼: ਪ੍ਰਧਾਨ ਰਣਜੀਤ ਸਿੰਘ ਮਸੌਣ ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਐਸੋਸੀਏਸ਼ਨ ਦੇ ਪੰਜਾਬ ਪ੍ਰਧਾਨ ਰਣਜੀਤ ਸਿੰਘ ਮਸੌਣ ਨੇ ਪੱਤਰਕਾਰ ਭਾਈਚਾਰੇ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਅੱਜ ਦੇ ਸਮੇਂ ਵਿੱਚ ਸਾਨੂੰ ਸ਼ਹੀਦ ਭਗਤ ਸਿੰਘ ਜੀ ਦੇ ਦਰਸਾਏ ਮਾਰਗ ਤੇ ਚੱਲਦਿਆਂ ਪੂਰੀ ਇਮਾਨਦਾਰੀ, ਨਿਰਪੱਖਤਾ ਅਤੇ ਨਿਡਰਤਾ ਨਾਲ ਆਪਣੀ ਕਲਮ ਚਲਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਜੀ ਨੇ ਬਹੁਤ ਹੀ ਛੋਟੀ ਉਮਰ ਵਿੱਚ ਦੇਸ਼ ਦੀ ਆਜ਼ਾਦੀ ਲਈ ਜੋ ਮਹਾਨ ਕੁਰਬਾਨੀ ਦਿੱਤੀ, ਉਸ ਦੀ ਮਿਸਾਲ ਪੂਰੀ ਦੁਨੀਆ ਵਿੱਚ ਨਹੀਂ ਮਿਲਦੀ। ਉਨ੍ਹਾਂ ਦੇ ਅੰਦਰ ਦੇਸ਼ ਅਤੇ ਸਮਾਜ ਪ੍ਰਤੀ ਜੋ ਅਥਾਹ ਜੋਸ਼, ਜਜ਼ਬਾ, ਨਿਡਰਤਾ ਅਤੇ ਸਮਰਪਣ ਭਾਵਨਾ ਸੀ, ਉਸ ਨੂੰ ਅੱਜ ਦੀ ਨੌਜਵਾਨ ਪੀੜ੍ਹੀ ਅਤੇ ਵਿਸ਼ੇਸ਼ ਤੌਰ ਤੇ ਪੱਤਰਕਾਰਾਂ ਲਈ ਪ੍ਰੇਰਣਾ ਸਰੋਤ ਬਣਾਉਣ ਦੀ ਅਤਿਅੰਤ ਲੋੜ ਹੈ। ਪ੍ਰਧਾਨ ਰਣਜੀਤ ਸਿੰਘ ਮਸੌਣ ਨੇ ਜ਼ੋਰ ਦੇ ਕੇ ਕਿਹਾ ਕਿ ਸਾਨੂੰ ਉਸ ਆਜ਼ਾਦੀ ਦੀ ਕਦਰ ਕਰਨੀ ਚਾਹੀਦੀ ਹੈ, ਜਿਸ ਨੂੰ ਹਾਸਲ ਕਰਨ ਲਈ ਸਾਡੇ ਹਜ਼ਾਰਾਂ ਦੇਸ਼ਭਗਤਾਂ, ਪਰਵਾਨਿਆਂ ਅਤੇ ਸ਼ਹੀਦਾਂ ਨੇ ਆਪਣੀਆਂ ਜਾਨਾਂ ਨਿਛਾਵਰ ਕੀਤੀਆਂ ਹਨ। ਪੱਤਰਕਾਰਾਂ ਦੀ ਏਕਤਾ ਅਤੇ ਸੁਰੱਖਿਆ ਸਮੇਂ ਦੀ ਮੁੱਖ ਲੋੜ: ਜੋਗਾ ਸਿੰਘ ਰਾਜਪੂਤ ਇਸ ਮੌਕੇ ਐਸੋਸੀਏਸ਼ਨ ਦੇ ਜਨਰਲ ਸਕੱਤਰ ਜੋਗਾ ਸਿੰਘ ਰਾਜਪੂਤ ਨੇ ਬੋਲਦਿਆਂ ਕਿਹਾ ਕਿ ਮੌਜੂਦਾ ਦੌਰ ਵਿੱਚ ਪੱਤਰਕਾਰ ਭਾਈਚਾਰੇ ਨੂੰ ਆਪਸੀ ਏਕਤਾ ਅਤੇ ਇਕਜੁੱਟਤਾ ਦੀ ਸਭ ਤੋਂ ਵੱਧ ਲੋੜ ਹੈ। ਜੇਕਰ ਪੱਤਰਕਾਰ ਇੱਕਮੁੱਠ ਹੋ ਕੇ ਆਪਣੀ ਸਮਾਜਿਕ ਜ਼ਿੰਮੇਵਾਰੀ ਨਿਭਾਉਣ, ਤਾਂ ਸਮਾਜ ਵਿੱਚ ਫੈਲੀਆਂ ਭ੍ਰਿਸ਼ਟਾਚਾਰ ਵਰਗੀਆਂ ਬੁਰਾਈਆਂ, ਨਸ਼ਿਆਂ ਅਤੇ ਗਲਤ ਪ੍ਰਥਾਵਾਂ ਨੂੰ ਉਜਾਗਰ ਕਰਕੇ ਇੱਕ ਨਰੋਏ ਸਮਾਜ ਦੀ ਸਿਰਜਣਾ ਵਿੱਚ ਅਹਿਮ ਭੂਮਿਕਾ ਨਿਭਾਈ ਜਾ ਸਕਦੀ ਹੈ। ਜੋਗਾ ਸਿੰਘ ਰਾਜਪੂਤ ਨੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਦਿਨ-ਰਾਤ ਜੋਖਮ ਭਰੇ ਮਾਹੌਲ ਵਿੱਚ ਫੀਲਡ ਅੰਦਰ ਕੰਮ ਕਰ ਰਹੇ ਪੱਤਰਕਾਰਾਂ ਦੀ ਜਾਨ-ਮਾਲ ਦੀ ਸੁਰੱਖਿਆ ਪੂਰੀ ਤਰ੍ਹਾਂ ਯਕੀਨੀ ਬਣਾਈ ਜਾਵੇ। ਮੁੱਦਾ ਚੁੱਕਦਿਆਂ ਕਿਹਾ ਕਿ ਆਰਥਿਕ ਤੌਰ ਤੇ ਕਮਜ਼ੋਰ ਅਤੇ ਗਰੀਬੀ ਰੇਖਾ ਤੋਂ ਹੇਠਾਂ ਜੀਵਨ ਬਤੀਤ ਕਰ ਰਹੇ ਪੱਤਰਕਾਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਬਾਂਹ ਫੜਨਾ ਸਰਕਾਰ ਦਾ ਮੁਢਲਾ ਫਰਜ਼ ਹੈ। ਸਰਕਾਰ ਵੱਲੋਂ ਅਜਿਹੇ ਪੱਤਰਕਾਰਾਂ ਲਈ ਰਿਹਾਇਸ਼ (ਪਲਾਟ/ਮਕਾਨ), ਮੁਫ਼ਤ ਇਲਾਜ ਸਹੂਲਤਾਂ ਅਤੇ ਬੱਚਿਆਂ ਦੀ ਪੜ੍ਹਾਈ ਲਈ ਵਿਸ਼ੇਸ਼ ਆਰਥਿਕ ਸਹਾਇਤਾ ਤੇ ਵਜ਼ੀਫ਼ਾ ਫੰਡ ਮੁਹੱਈਆ ਕਰਵਾਏ ਜਾਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਪੱਤਰਕਾਰ ਸਮਾਜ ਦੀਆਂ ਦਰਪੇਸ਼ ਮੁਸ਼ਕਲਾਂ ਅਤੇ ਆਮ ਲੋਕਾਂ ਦੀ ਆਵਾਜ਼ ਨੂੰ ਸਰਕਾਰ ਤੱਕ ਪਹੁੰਚਾਉਣ ਵਿੱਚ ਸਮਾਜ ਦੇ ਚੌਥੇ ਸਤੰਭ ਵਜੋਂ ਭੂਮਿਕਾ ਨਿਭਾਉਂਦੇ ਹਨ, ਇਸ ਲਈ ਉਨ੍ਹਾਂ ਦੀਆਂ ਆਪਣੀਆਂ ਸਮਾਜਿਕ ਅਤੇ ਆਰਥਿਕ ਸੁਰੱਖਿਆ ਨਾਲ ਜੁੜੀਆਂ ਮੁਸ਼ਕਲਾਂ ਵੱਲ ਵੀ ਸਰਕਾਰ ਨੂੰ ਗੰਭੀਰਤਾ ਨਾਲ ਧਿਆਨ ਦੇਣਾ ਚਾਹੀਦਾ ਹੈ। ਸਮਾਗਮ ਵਿੱਚ ਪਹੁੰਚੀਆਂ ਪ੍ਰਮੁੱਖ ਸ਼ਖ਼ਸੀਅਤਾਂ ਇਸ ਪ੍ਰਭਾਵਸ਼ਾਲੀ ਸਮਾਗਮ ਵਿੱਚ ਐਸੋਸੀਏਸ਼ਨ ਦੇ ਸਪਰਸਤ ਹਰੀਸ਼ ਸ਼ੂਰੀ, ਚੇਅਰਮੈਨ ਰਮੇਸ਼ ਰਾਮਪੁਰਾ, ਵਾਈਸ ਪ੍ਰਧਾਨ ਰਾਘਵ ਅਰੋੜਾ ਤੇ ਰਜਨੀਸ਼ ਕੌਸਲ, ਜ਼ਿਲਾ ਵਾਈਸ ਪ੍ਰਧਾਨ ਖੁਸ਼ਹਾਲ ਸ਼ਰਮਾ, ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਸੋਨੂ, ਜੁਆਇੰਟ ਜ਼ਿਲ੍ਹਾ ਪ੍ਰਧਾਨ ਫੁੱਲਜੀਤ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ, ਜ਼ਿਲ੍ਹਾ ਕੋਆਰਡੀਨੇਟਰ ਰਣਜੀਤ ਸਿੰਘ, ਜ਼ਿਲ੍ਹਾ ਵਾਈਸ ਪ੍ਰਧਾਨ ਵਿਸ਼ਾਲ ਸ਼ਰਮਾ, ਅਜੇ ਕੁਮਾਰ, ਲੋਕੇਸ਼ ਕੁਮਾਰ, ਅਜੇ ਸਿੰਗਾਰੀ, ਮੈਡਮ ਅਮਿਤਾ ਸ਼ਰਮਾ, ਰਾਜਨ, ਵਿਸਾਲ ਸ਼ਰਮਾ, ਰਜਨੇਸ਼ ਸਰਮਾਂ, ਗੁਰਪ੍ਰੀਤ ਸਿੰਘ ਫਾਸਟਵੇ ਨਿਊਜ਼, ਮੰਗਲ ਸਿੰਘ, ਮਨਿੰਦਰ ਸਿੰਘ ਅਤੇ ਪਵਨ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਪੱਤਰਕਾਰ ਭਾਈਚਾਰੇ ਦੇ ਆਗੂ, ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਮੌਜੂਦ ਸਨ, ਜਿਨ੍ਹਾਂ ਨੇ ਸ਼ਹੀਦ ਭਗਤ ਸਿੰਘ ਜੀ ਦੀ ਸੋਚ ਤੇ ਪਹਿਰਾ ਦੇਣ ਦਾ ਅਹਿਦ ਲਿਆ।

ਜ਼ਿਲ੍ਹਾ ਅੰਮ੍ਰਿਤਸਰ ਵਿੱਚ ਵੱਖ-ਵੱਖ ਭਲਾਈ ਸਕੀਮਾਂ ਸਬੰਧੀ ਲਗਾਏ ਜਾਣਗੇ 15 ਵਿਸ਼ੇਸ਼ ਕੈਂਪ: ਡਿਪਟੀ ਕਮਿਸ਼ਨਰ

ਅੰਮ੍ਰਿਤਸਰ, 29 ਸਤੰਬਰ (ਰਾਜੇਸ਼ ਡੈਨੀ) ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਲੋਕਾਂ ਤੱਕ ਪਹੁੰਚਾਉਣ ਲਈ ਜ਼ਿਲ੍ਹਾ ਅੰਮ੍ਰਿਤਸਰ ਵਿੱਚ 24 ਦਸੰਬਰ 2026 ਤੱਕ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਨ੍ਹਾਂ ਕੈਂਪਾਂ ਦੌਰਾਨ ਦਿਵਿਆਂਗਜਨਾਂ ਦੇ ”494 ਕਾਰਡ ਲਈ ਅਸੈਸਮੈਂਟ, ਆਰਥਿਕ ਤੌਰ ਤੇ ਕਮਜ਼ੋਰ ਵਰਗ ਦੇ ਬੱਚਿਆਂ ਲਈ ਸਕੂਲ ਦਾਖਲਾ ਮੁਹਿੰਮ, ਲੋੜਵੰਦ ਬੱਚਿਆਂ ਲਈ ਸਪਾਂਸਰਸ਼ਿਪ ਅਤੇ ਫੋਸਟਰ ਕੇਅਰ ਸਕੀਮ ਅਤੇ ਬੱਚਿਆਂ ਦੇ ਆਧਾਰ ਕਾਰਡ ਲਈ ਲਾਜ਼ਮੀ ਬਾਇਓਮੈਟ੍ਰਿਕ ਅਪਡੇਟ ਸਬੰਧੀ ਸੇਵਾਵਾਂ ਮੁਹੱਈਆ ਕਰਵਾਈਆਂ ਜਾਣਗੀਆਂ ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਇਹ ਕੈਂਪ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਲਗਾਏ ਜਾਣਗੇ, ਜਿਨ੍ਹਾਂ ਦਾ ਸਮਾਂ ਸਵੇਰੇ 9:30 ਵਜੇ ਤੋਂ ਦੁਪਹਿਰ 1:30 ਵਜੇ ਤੱਕ ਹੋਵੇਗਾ। ਉਨ੍ਹਾਂ ਦੱਸਿਆ ਕਿ ਕੈਂਪਾਂ ਦਾ ਸ਼ਡਿਊਲ ਇਸ ਪ੍ਰਕਾਰ ਹੈ: 1 ਅਕਤੂਬਰ ਨੂੰ ਸਰਕਾਰੀ ਹਾਈ ਸਕੂਲ, ਮਾਹਲ; 9 ਅਕਤੂਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮੱਤੇਵਾਲ; 16 ਅਕਤੂਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਟਾਹਲੀ ਸਾਹਿਬ; 23 ਅਕਤੂਬਰ ਨੂੰ ਸਰਕਾਰੀ ਮਿਡਲ ਸਕੂਲ, ਨਵਾਂ ਪਿੰਡ; 30 ਅਕਤੂਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਵਰਪਾਲ; 6 ਨਵੰਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਰਈਆ; 13 ਨਵੰਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ/ਸਰਕਾਰੀ ਹਾਈ ਸਕੂਲ, ਸਠਿਆਲਾ; 20 ਨਵੰਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸੰਗਤਪੁਰਾ; 27 ਨਵੰਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਚਮਿਆਰੀ; 4 ਦਸੰਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਚਵਿੰਡਾ ਦੇਵੀ; 11 ਦਸੰਬਰ ਨੂੰ ਸਰਕਾਰੀ ਹਾਈ ਸਕੂਲ, ਸ਼ਾਮ ਨਗਰ; 18 ਦਸੰਬਰ ਨੂੰ ਸਰਕਾਰੀ ਮੈਰੀਟੋਰੀਅਸ ਸਕੂਲ, ਛੇਹਰਟਾ ਅਤੇ 24 ਦਸੰਬਰ ਨੂੰ ਸਰਕਾਰੀ ਪ੍ਰਾਇਮਰੀ ਸਕੂਲ, ਮਕਬੂਲਪੁਰਾ ਵਿਖੇ ਕੈਂਪ ਲਗਾਏ ਜਾਣਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਬੰਧਤ ਵਿਭਾਗਾਂ ਨੂੰ ਕੈਂਪਾਂ ਦੌਰਾਨ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਕੈਂਪਾਂ ਵਿੱਚ ਜਾਗਰੂਕਤਾ ਗਤੀਵਿਧੀਆਂ, ਸਾਈਨ ਬੋਰਡ, ਬੈਠਣ, ਪੀਣ ਵਾਲੇ ਪਾਣੀ, ਸਫ਼ਾਈ, ਕੰਪਿਊਟਰ ਸਿਸਟਮ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦੇ ਪ੍ਰਬੰਧ ਕਰਨ ਲਈ ਵੀ ਕਿਹਾ ਗਿਆ ਹੈ। ਜ਼ਿਲ੍ਹਾ ਪ੍ਰਸ਼ਾਸਨ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਨੇੜਲੇ ਨਿਰਧਾਰਤ ਕੈਂਪ ਵਿੱਚ ਪਹੁੰਚ ਕੇ ਸਬੰਧਤ ਭਲਾਈ ਸਕੀਮਾਂ ਅਤੇ ਆਧਾਰ ਸੇਵਾਵਾਂ ਦਾ ਲਾਭ ਲੈਣ ਅਤੇ ਲੋੜੀਂਦੇ ਦਸਤਾਵੇਜ਼ ਆਪਣੇ ਨਾਲ ਲੈ ਕੇ ਆਉਣ।

ਡੇਅਰੀ ਸਵੈ-ਰੋਜ਼ਗਾਰ ਸਿਖਲਾਈ ਕੋਰਸ ਲਈ ਕਾਊਂਸਲਿੰਗ 5 ਅਕਤੂਬਰ ਨੂੰ

ਅੰਮ੍ਰਿਤਸਰ, 29 ਸਤੰਬਰ (ਰਾਜੇਸ਼ ਡੈਨੀ) ਪੰਜਾਬ ਸਰਕਾਰ ਦੇ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਵੱਲੋਂ ਡੇਅਰੀ ਫਾਰਮਰਾਂ ਨੂੰ ਸਵੈ-ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਡੇਅਰੀ ਕਿੱਤੇ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਦੋ ਹਫ਼ਤਿਆਂ ਦਾ ਡੇਅਰੀ ਸਿਖਲਾਈ ਕੋਰਸ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ, ਵੇਰਕਾ ਵਿਖੇ 5 ਅਕਤੂਬਰ ਤੋਂ 16 ਅਕਤੂਬਰ 2026 ਤੱਕ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਭਾਗ ਦੇ ਡਿਪਟੀ ਡਾਇਰੈਕਟਰ ਸ. ਵਰਿਆਮ ਸਿੰਘ ਨੇ ਦੱਸਿਆ ਕਿ ਮਾਨਯੋਗ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡੇਅਰੀ ਸਵੈ-ਰੋਜ਼ਗਾਰ ਸਿਖਲਾਈ ਕੋਰਸ ਲਈ ਚਾਹਵਾਨ ਡੇਅਰੀ ਫਾਰਮਰਾਂ ਦੀ ਕਾਊਂਸਲਿੰਗ 5 ਅਕਤੂਬਰ 2026 ਨੂੰ ਸਵੇਰੇ 9 ਵਜੇ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ, ਵੇਰਕਾ ਵਿਖੇ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਕੋਰਸ ਦੌਰਾਨ ਸਿਖਿਆਰਥੀਆਂ ਨੂੰ ਦੁੱਧ ਤੋਂ ਵੱਖ-ਵੱਖ ਦੁੱਧ ਪਦਾਰਥ ਤਿਆਰ ਕਰਨ, ਡੇਅਰੀ ਫਾਰਮ ਦੇ ਪ੍ਰਬੰਧਨ, ਦੁਧਾਰੂ ਪਸ਼ੂਆਂ ਦੀ ਨਸਲ ਸੁਧਾਰ ਅਤੇ ਸੰਤੁਲਿਤ ਪਸ਼ੂ ਖੁਰਾਕ ਸਬੰਧੀ ਆਧੁਨਿਕ ਤਕਨੀਕਾਂ ਬਾਰੇ ਵਿਸਥਾਰਪੂਰਵਕ ਸਿਖਲਾਈ ਦਿੱਤੀ ਜਾਵੇਗੀ, ਤਾਂ ਜੋ ਡੇਅਰੀ ਫਾਰਮਰ ਆਪਣੇ ਕਿੱਤੇ ਨੂੰ ਹੋਰ ਲਾਹੇਵੰਦ ਬਣਾ ਸਕਣ ਅਤੇ ਸਵੈ-ਰੋਜ਼ਗਾਰ ਦੇ ਮੌਕੇ ਪ੍ਰਾਪਤ ਕਰ ਸਕਣ। ਉਨ੍ਹਾਂ ਜ਼ਿਲ੍ਹਾ ਅੰਮ੍ਰਿਤਸਰ ਦੇ ਚਾਹਵਾਨ ਡੇਅਰੀ ਫਾਰਮਰਾਂ ਨੂੰ ਅਪੀਲ ਕੀਤੀ ਕਿ ਉਹ ਕਾਊਂਸਲਿੰਗ ਲਈ 5 ਅਕਤੂਬਰ ਨੂੰ ਆਪਣੇ ਪੰਜਵੀਂ, ਦਸਵੀਂ ਜਾਂ ਬਾਰ੍ਹਵੀਂ ਪਾਸ ਦੇ ਸਰਟੀਫਿਕੇਟ, ਆਧਾਰ ਕਾਰਡ ਅਤੇ ਪਾਸਪੋਰਟ ਸਾਈਜ਼ ਫੋਟੋ ਸਮੇਤ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ, ਵੇਰਕਾ ਵਿਖੇ ਸਵੇਰੇ 9 ਵਜੇ ਹਾਜ਼ਰ ਹੋਣ। ਅਨੁਸੂਚਿਤ ਜਾਤੀ ਨਾਲ ਸਬੰਧਤ ਫਾਰਮਰਾਂ ਨੂੰ ਆਪਣਾ ਡਿਜੀਟਲ ਜਾਤੀ ਸਰਟੀਫਿਕੇਟ ਵੀ ਨਾਲ ਲਿਆਉਣਾ ਲਾਜ਼ਮੀ ਹੋਵੇਗਾ। ਸਿਖਲਾਈ ਕੋਰਸ ਲਈ ਜਨਰਲ ਵਰਗ ਦੇ ਸਿਖਿਆਰਥੀਆਂ ਦੀ ਫੀਸ 1,000 ਰੁਪਏ ਅਤੇ ਅਨੁਸੂਚਿਤ ਜਾਤੀ ਵਰਗ ਦੇ ਸਿਖਿਆਰਥੀਆਂ ਦੀ ਫੀਸ 750 ਰੁਪਏ ਨਕਦ ਨਿਰਧਾਰਤ ਕੀਤੀ ਗਈ ਹੈ। ਇਸ ਸਿਖਲਾਈ ਸਬੰਧੀ ਨਿਰਧਾਰਤ ਪ੍ਰੋਫਾਰਮਾ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ, ਵੇਰਕਾ ਤੋਂ ਪ੍ਰਾਪਤ ਕੀਤਾ ਜਾ ਸਕਦਾ ਹੈ। ਵਧੇਰੇ ਜਾਣਕਾਰੀ ਲਈ ਚਾਹਵਾਨ ਡੇਅਰੀ ਫਾਰਮਰ ਮੋਬਾਈਲ ਨੰਬਰ 8872918300 ਅਤੇ 9465725610 ਤੇ ਸੰਪਰਕ ਕਰ ਸਕਦੇ ਹਨ।

ਖਾਨ ਪਿਆਰਾ ਦੇ 40 ਪਰਿਵਾਰ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਹੋਏ ਸ਼ਾਮਿਲ

ਬਟਾਲਾ 29 ਸਤੰਬਰ (ਸੰਜੀਵ ਨਈਅਰ) ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਬਟਾਲਾ ਦੀ ਮੀਟਿੰਗ ਪਿੰਡ ਖਾਨ ਪਿਆਰਾ ਵਿੱਚ ਹੋਈ। ਜਿਸ ਵਿੱਚ ਪ੍ਰਿਥੀਪਾਲ ਸਿੰਘ ਬਟਾਲਾ ਕਾਰਜਕਾਰਨੀ ਕਮੇਟੀ ਮੈਂਬਰ ਤੇ ਇੰਚਾਰਜ ਹਲਕਾ ਬਟਾਲਾ, ਜਸਬੀਰ ਸਿੰਘ ਗੋਬਿੰਦ ਨਗਰ, ਖੁਸ਼ਕਰਨ ਸਿੰਘ ਹੇਅਰ, ਸੁਖਜੀਤ ਸਿੰਘ ਸਹਾਬਪੁਰਾ, ਹਰਵੰਤ ਸਿੰਘ ਸੂਬੇਦਾਰ, ਬੀਬੀ ਪ੍ਰਭਜੋਤ ਕੌਰ ਬਟਾਲਾ ,ਬੀਬੀ ਕਵਲਪ੍ਰੀਤ ਕੌਰ ਖਤੀਬ, ਬੀਬੀ ਰਾਜਵਿੰਦਰ ਕੌਰ, ਜੱਜ ਵੋਹਰਾ,ਹਰਦੀਪ ਸਿੰਘ ਧਾਰੀਵਾਲ ਭੋਜਾ,ਜਥੇ ਦਾਰਾ ਸਿੰਘ ਧੁੱਪਸੜੀ, ਹਰਮੀਤ ਸਿੰਘ,ਗੁਰਦੀਪਕ ਸਿੰਘ ਯੂਥ ਆਗੂ, ਅਤੇ ਅਭਿਸ਼ੇਕ ਕੁਮਾਰ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਖਾਨ ਪਿਆਰਾ ਦੇ 35 ਪਰਿਵਾਰਾਂ ਨੇ ਅਕਾਲੀ ਦਲ ਵਾਰਿਸ ਪੰਜਾਬ ਦੇਪਾਰਟੀ ਵਿੱਚ ਸ਼ਾਮਿਲ ਹੋ ਕੇ ਭਾਈ ਅੰਮ੍ਰਿਤਪਾਲ ਸਿੰਘ ਦਾ ਸਾਥ ਦੇਣ ਦਾ ਐਲਾਨ ਕੀਤਾ। ਪ੍ਰਿਥੀਪਾਲ ਸਿੰਘ ਬਟਾਲਾ ਨੇ ਕਿਹਾ ਕਿ ਕਾਂਗਰਸ, ਬੀਜੇਪੀ, ਅਕਾਲੀ ਦਲ ਬਾਦਲ, ਆਮ ਆਦਮੀ ਪਾਰਟੀ ਨੇ ਪੰਜਾਬ ਨੂੰ ਤਬਾਹੀ ਦੇ ਕੰਢੇ ਤੇ ਲਿਆ ਕੇ ਖੜਾ ਕਰ ਦਿੱਤਾ ਹੈ। ਪੰਜਾਬ ਹੁਣ ਤੱਕ ਦੇ ਸਭ ਤੋਂ ਮਾੜੇ ਦੌਰ ਵਿੱਚੋਂ ਗੁਜਰ ਰਿਹਾ ਹੈ। ਬੀਬੀ ਪ੍ਰਭਜੋਤ ਕੌਰ ਨੇ ਕਿਹਾ ਕਿ ਜੇ ਪੰਜਾਬ ਵਿੱਚੋਂ ਨਸ਼ਿਆਂ ਦਾ ਖਾਤਮਾ ਕਰਨਾ ਹੈ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਦੀ ਵਾਗਡੋਰ ਸੰਭਾਲਣੀ ਪਵੇਗੀ। ਜਸਬੀਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਰੁਜਗਾਰ ਨਹੀਂ ਦਿੱਤਾ ਜਾ ਰਿਹਾ ਸਗੋਂ ਬਾਹਰਲੇ ਸੂਬਿਆਂ ਦੇ ਲੋਕਾਂ ਨੂੰ ਰੁਜ਼ਗਾਰ ਦਿੱਤਾ ਗਿਆ ਹੈ। ਅਕਾਲੀ ਦਲ ਬਾਦਲ ਨੇ ਸਿੱਖਾਂ ਦੀਆਂ ਸੰਸਥਾਵ

ਡਾ. ਬੀ.ਆਰ ਅੰਬੇਡਕਰ ਦੇ ਬੁੱਤ ਦੇ ਰੱਖ ਰਖਾਵ ਸਬੰਧੀ ਡਾਕ ਬੀ ਆਰ ਅੰਬੇਡਕਰ ਏਕਤਾ ਮਿਸ਼ਨ ਦੇ ਵਫਦ ਨੇ ਡੀ.ਸੀ. ਨੂੰ ਦਿੱਤਾ ਮੰਗ ਪੱਤਰ

•ਪ੍ਰਸ਼ਾਸਨ ਨੂੰ ਦਿੱਤੇ ਕਈ ਸੁਝਾਅ

ਲੁਧਿਆਣਾ, 29 ਸਤੰਬਰ (ਸੂਰਜ) ਲੁਧਿਆਣਾ ਜਲੰਧਰ ਬਾਈਪਾਸ ਚੌਕ ਸਥਿਤ ਸੰਵਿਧਾਨ ਨਿਰਮਾਤਾ ਡਾ. ਬੀ ਆਰ ਅੰਬੇਡਕਰ ਦੇ ਬੁੱਤ ਦੇ ਰੱਖ ਰਖਾਵ ਸਬੰਧੀ ਸੁਝਾਅ ਦਿੰਦੇ ਹੋਏ, ਡਾ. ਅੰਬੇਡਕਰ ਏਕਤਾ ਮਿਸ਼ਨ ਪੰਜਾਬ ਦੇ ਵਫਦ ਵੱਲੋਂ ਅੱਜ ਇੱਕ ਮੰਗ ਪੱਤਰ ਡਿਪਟੀ ਕਮਿਸ਼ਨਰ ਲੁਧਿਆਣਾ ਸ਼੍ਰੀ ਹਿਮਾਂਸ਼ੂ ਜੈਨ ਨੂੰ ਸੌਂਪਿਆ ਗਿਆ। ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਕਿਸੇ ਸ਼ਰਾਰਤੀ ਅਨਸਰ ਵੱਲੋਂ ਬਾਬਾ ਸਾਹਿਬ ਅੰਬੇਡਕਰ ਦੇ ਬੁੱਤ ਦਾ ਅਪਮਾਨ ਕਰਨ ਦੀ ਕੋਝੀ ਹਰਕਤ ਕੀਤੀ ਗਈ ਸੀ, ਜਿਸਨੂੰ ਲੈ ਕੇ ਦਲਿਤ ਭਾਈਚਾਰੇ ਵਿੱਚ ਭਾਰੀ ਰੋਸ ਹੈ। ਪੰਜਾਬ ਕਾਂਗਰਸ ਦੇ ਸਾਬਕਾ ਜਨਰਲ ਸਕੱਤਰ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਤੇ ਸੰਸਥਾ ਦੇ ਪ੍ਰਧਾਨ ਦੀਪਕ ਹੰਸ ਦੀ ਅਗਵਾਈ ਹੇਠ ਇਕ ਵਫਦ ਵਲੋਂ ਡੀਸੀ ਨੂੰ ਸੌਂਪੇ ਗਏ ਮੰਗ ਪੱਤਰ ਵਿੱਚ ਸੁਝਾਅ ਦਿੱਤੇ ਗਏ ਹਨ ਕਿ ਬੁੱਤ ਦੇ ਆਲੇ ਦੁਆਲੇ ਐਚ.ਡੀ. ਸੀਸੀਟੀਵੀ ਕੈਮਰੇ ਲਗਾਏ ਜਾਣ, ਸੋਲਰ ਲਾਈਟਾਂ ਲਗਵਾਈਆਂ ਜਾਣ, ਗਰਿੱਲਾਂ ਦੀ ਹਾਈਟ ਉੱਚੀ ਕੀਤੀ ਜਾਵੇ, ਬੁੱਤ ਵਾਲੀ ਪਾਰਕ ਵਿੱਚੋਂ ਯੂਨੀਪੋਲ ਬਾਹਰ ਕਢਵਾਇਆ ਜਾਵੇ, ਨਗਰ ਨਿਗਮ ਵੱਲੋਂ ਨੋਟਿਸ ਲਗਵਾਇਆ ਜਾਵੇ ਕਿ ਇਸ ਚੌਕ ਦੀਆਂ ਗਰਿੱਲਾਂ ਉਪਰ ਬੋਰਡ, ਬੈਨਰ, ਪੋਸਟਰ, ਝੰਡੇ ਆਦਿ ਲਗਾਉਣਾ ਮਨ੍ਹਾ ਹੈ, ਪਾਰਕ ਦੇ ਸੁੰਦਰਤਾ ਯਕੀਨੀ ਬਣਾਉਣ ਲਈ ਪੱਕੇ ਤੌਰ ਤੇ ਮਾਲੀ ਦੀ ਡਿਊਟੀ ਲਗਾਈ ਜਾਵੇ ਤੇ ਬਾਬਾ ਸਾਹਿਬ ਅੰਬੇਡਕਰ ਦੇ ਬੁੱਤ ਦੇ ਆਲੇ ਦੁਆਲੇ ਬੁਲਟ ਪਰੂਫ ਸ਼ੀਸ਼ਾ ਲਗਾਇਆ ਜਾਵੇ।ਵਫਦ ਨੇ ਦੱਸਿਆ ਕਿ ਉਹਨਾਂ ਵੱਲੋਂ ਬਾਬਾ ਸਾਹਿਬ ਅੰਬੇਡਕਰ ਦੇ ਬੁੱਤ ਦੀ ਸੁਰੱਖਿਆ ਅਤੇ ਰੱਖ ਰਖਾਅ ਨੂੰ ਯਕੀਨੀ ਬਣਾਉਣ ਵਾਸਤੇ ਇਹ ਸੁਝਾਅ ਦਿੱਤੇ ਗਏ ਹਨ। ਜਿਨ੍ਹਾਂ ਸੁਝਾਅਾਂ ਨੂੰ ਧਿਆਨ ਪੂਰਵਕ ਸੁਣਨ ਤੋਂ ਬਾਅਦ ਡਿਪਟੀ ਕਮਿਸ਼ਨਰ ਨੇ ਭਰੋਸਾ ਦਿੱਤਾ ਕਿ ਪ੍ਰਸ਼ਾਸਨ ਵਲੋਂ ਇਨ੍ਹਾਂ ਉੱਪਰ ਕੰਮ ਕੀਤਾ ਜਾਵੇਗਾ ਅਤੇ ਜਲਦੀ ਹੀ ਸਾਰੇ ਵਿਸ਼ੇ ਹੱਲ ਕੀਤੇ ਜਾਣਗੇ। ਇਸ ਮੌਕੇ ਵਫਦ ਦੇ ਮੈਂਬਰਾਂ ਵਿੱਚ ਇੰਦਰਜੀਤ ਕਪੂਰ, ਨੇਤਾ ਜੀ ਸੋਂਧੀ, ਸ਼ੀਤਲ ਆਦੀਵੰਸ਼ੀ, ਅਨਿਲ ਘਈ, ਈਸ਼ਵਰ ਕਲਿਆਣ, ਸੰਨੀ ਕਾਲੂ, ਅਮਰ ਆਦਿ ਸ਼ਾਮਿਲ ਸਨ।

ਅਕਾਲ ਯੂਨੀਵਰਸਿਟੀ ਵਿਖੇ ਉਤਸ਼ਾਹ ਨਾਲ ਮਨਾਇਆ ਗਿਆ ਐੱਨ.ਐੱਸ.ਐੱਸ. ਦਿਵਸ

ਤਲਵੰਡੀ ਸਾਬ/ 29 ਸਤੰਬਰ (ਰਾਣਾ ਸ਼ਰਮਾ) ਅਕਾਲ ਯੂਨੀਵਰਸਿਟੀ ਵਿਖੇ ਨੈਸ਼ਨਲ ਸਰਵਿਸ ਸਕੀਮ ਯੂਨਿਟ ਵੱਲੋਂ ਐੱਨ.ਐੱਸ.ਐੱਸ. ਦਿਵਸ ਬਹੁਤ ਉਤਸ਼ਾਹ ਨਾਲਮਨਾਇਆ ਗਿਆ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸਮਾਜ ਸੇਵਾ, ਭਾਈਚਾਰਕ ਜ਼ਿੰਮੇਵਾਰੀ ਅਤੇਸਰਗਰਮ ਨਾਗਰਿਕਤਾ ਦੀ ਭਾਵਨਾ ਨੂੰ ਪੈਦਾ ਕਰਨਾ ਸੀ। ਸਮਾਗਮ ਵਿੱਚ ਲਗਭਗ 100 ਵਿਦਿਆਰਥੀ ਵਲੰਟੀਅਰਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਸਮਾਗਮ ਦੀ ਸ਼ੁਰੂਆਤ ਐੱਨ.ਐੱਸ.ਐੱਸ. ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਕੰਮਲਪ੍ਰੀਤ ਕੌਰ ਦੇ ਸਵਾਗਤੀ ਭਾਸ਼ਣ ਨਾਲ ਹੋਈ। ਉਨ੍ਹਾਂ ਨੇ ਐੱਨ.ਐੱਸ.ਐੱਸ. ਵਲੰਟੀਅਰਾਂ ਦਾ ਸਵਾਗਤ ਕੀਤਾ ਅਤੇ ਸਮਾਜ ਤੇ ਦੇਸ਼ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਵਿਕਸਤ ਕਰਨ ਵਿੱਚ ਐੱਨ.ਐੱਸ.ਐੱਸ. ਦੀ ਅਹਿਮ ਭੂਮਿਕਾ ;ਤੇ ਚਾਨਣਾ ਪਾਇਆ। ਪ੍ਰੋਗਰਾਮ ਦੌਰਾਨ, ਪਹਿਲਾਂ ਨੈਸ਼ਨਲ ਕੈਂਪਾਂ ਵਿੱਚ ਹਿੱਸਾ ਲੈ ਚੁੱਕੇ ਪੁਰਾਣੇ ਵਲੰਟੀਅਰਾਂ ਨੇ ਨਵੇਂ ਰਜਿਸਟਰਡ ਵਲੰਟੀਅਰਾਂਨਾਲ ਆਪਣੇ ਤਜ਼ਰਬੇ ਸਾਂਝੇ ਕੀਤੇ। ਉਨ੍ਹਾਂ ਨੇ ਰਾਸ਼ਟਰੀ ਪੱਧਰ ਦੇ ਕੈਂਪਾਂ ਦੇ ਆਪਣੇ ਅਨੁਭਵ ਦੱਸਦਿਆਂ ਵੱਖ-ਵੱਖ ਗਤੀਵਿਧੀਆਂ, ਜ਼ਿੰਮੇਵਾਰੀਆਂ ਅਤੇ ਸਿੱਖਣ ਦੇ ਮੌਕਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸੀਨੀਅਰ ਵਲੰਟੀਅਰਾਂ

ਹਲਕਾ ਮੌੜ ਅੰਦਰ ਐਡਵੋਕੇਟ ਨਵਦੀਪ ਜੀਦਾ ਨੇ ਲੋਕਾਂ ਨਾਲ ਰਾਬਤਾ ਕਰਕੇ ਸੁਣੀਆਂ ਸਮੱਸਿਆਵਾਂ

2 ਅਕਤੂਬਰ ਨੂੰ ਮੌੜ ਵਿਖੇ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾ ਕੇ ਨਵਾ ਦਫ਼ਤਰ ਖੋਲ੍ਹਿਆ ਜਾਵੇਗਾ- ਚੇਅਰਮੈਨ ਜੀਦਾ

ਬਠਿੰਡਾ (ਦਿਹਾਤੀ), 29 ਸਤੰਬਰ (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ): ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਸ਼ੂਗਰਫੈਡ ਦੇ ਚੇਅਰਮੈਨ ਐਡਵੋਕੇਟ ਨਵਦੀਪ ਸਿੰਘ ਜੀਦਾ ਵੱਲੋਂ ਜ਼ਿਲ੍ਹੇ ਦੇ ਹਲਕਾ ਮੌੜ ਦੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਲਈ 2 ਅਕਤੂਬਰ ਨੂੰ ਨਵਾ ਦਫ਼ਤਰ ਖੋਲ੍ਹਿਆ ਜਾ ਰਿਹਾ ਹੈ। ਰਾਮਪੁਰਾ ਫੂਲ-ਮੌੜ ਮੰਡੀ ਸੜਕ @ਤੇ ਮੌੜ ਮੰਡੀ ਕੈਚੀਆ ਨੇੜੇ ਬਿਜਲੀ ਬੋਰਡ ਦੇ ਦਫ਼ਤਰ ਦੇ ਸਾਹਮਣੇ ਖੋਲ੍ਹੇ ਜਾ ਰਹੇ ਇਸ ਦਫ਼ਤਰ ਦਾ ਆਗਾਜ਼ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਵੇਗਾ। ਸਵੇਰੇ 10 ਵਜੇ ਪਾਠ ਦੇ ਭੋਗ ਉਪਰੰਤ ਦਫ਼ਤਰ ਦਾ ਉਦਘਾਟਨ ਕੀਤਾ ਜਾਵੇਗਾ। ਐਡਵੋਕੇਟ ਨਵਦੀਪ ਸਿੰਘ ਜੀਦਾ ਨੇ ਗੱਲਬਾਤ ਕਰਦਿਆ ਦੱਸਿਆ ਕਿ ਇਹ ਦਫ਼ਤਰ ਕਿਸੇ ਇੱਕ ਵਰਗ ਜਾ ਪਾਰਟੀ ਤੱਕ ਸੀਮਤ ਨਹੀ ਰਹੇਗਾ, ਸਗੋਂ ਮੌੜ ਹਲਕੇ ਦੇ ਲੋਕਾ ਦੀ ਸੇਵਾ ਲਈ ਕੇਂਦਰ ਵਜੋਂ ਕੰਮ ਕਰੇਗਾ। ਉਨ੍ਹਾ ਕਿਹਾ ਕਿ ਹਲਕੇ ਦੇ ਲੋਕ ਆਪਣੀਆ ਸਮਸਿਆਵਾ, ਸੁਝਾਅ ਅਤੇ ਵਿਕਾਸ ਕਾਰਜਾ ਨਾਲ ਸਬੰਧਤ ਮਸਲੇ ਸਿੱਧੇ ਤੌਰ @ਤੇ ਉਨ੍ਹਾਂ ਤੱਕ ਪਹੁੰਚਾ ਸਕਣਗੇ। ਲੋਕਾਂ ਦੀਆ ਮੁਸ਼ਕਲਾ ਸੁਣਨਾ ਅਤੇ ਉਨ੍ਹਾ ਦੇ ਸੰਭਵ ਹੱਲ ਲਈ ਯਤਨ ਕਰਨਾ ਦਫ਼ਤਰ ਦੀ ਮੁੱਖ ਤਰਜੀਹ ਹੋਵੇਗੀ। ਜੀਦਾ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ ਅਤੇ ਲੋਕ-ਸੇਵਾਵਾ ਦੇ ਖੇਤਰ ਵਿੱਚ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾ ਅਨੁਸਾਰ ਲੋਕਾ ਨੂੰ ਸਰਕਾਰੀ ਸੇਵਾਵਾ ਆਸਾਨੀ ਨਾਲ ਮੁਹੱਈਆ ਕਰਵਾਉਣ ਅਤੇ ਪ੍ਰਸ਼ਾਸਨਿਕ ਕੰਮਕਾਜ ਨੂੰ ਹੋਰ ਪਾਰਦਰਸ਼ੀ ਤੇ ਜਵਾਬਦੇਹ ਬਣਾਉਣ ਲਈ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾ ਦਾਅਵਾ ਕੀਤਾ ਕਿ ਸਰਕਾਰ ਦੇ ਕੰਮਾ ਨੂੰ ਲੈ ਕੇ ਲੋਕਾਂ ਵਿੱਚ ਸੰਤੁਸ਼ਟੀ ਹੈ ਅਤੇ ਪਾਰਟੀ ਵਰਕਰਾ ਵਿੱਚ 2027 ਦੀਆ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਉਤਸ਼ਾਹ ਹੈ। ਉਨ੍ਹਾ ਕਿਹਾ ਕਿ ਮੌੜ ਹਲਕੇ ਦੀਆ ਸਥਾਨਕ ਸਮੱਸਿਆਵਾ ਅਤੇ ਵਿਕਾਸ ਸਬੰਧੀ ਮਸਲਿਆ ਨੂੰ ਪਹਿਲ ਦੇ ਆਧਾਰ @ਤੇ ਹੱਲ ਕਰਵਾਉਣ ਲਈ ਯਤਨ ਜਾਰੀ ਰਹਿਣਗੇ। ਐਡਵੋਕੇਟ ਜੀਦਾ ਨੇ ਇਲਾਕਾ ਵਾਸੀਆ, ਪਾਰਟੀ ਵਰਕਰਾ, ਅਹੁਦੇਦਾਰਾ ਅਤੇ ਸਮਰਥਕਾ ਨੂੰ 2 ਅਕਤੂਬਰ ਦੇ ਸਮਾਗਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।

ਪਟਿਆਲਾ 'ਚ ਸਾਬਕਾ ਫ਼ੌਜੀ ਹਥਿਆਰ ਤਸਕਰੀ 'ਚ ਗ੍ਰਿਫ਼ਤਾਰ, ਲਾਰੈਂਸ ਗੈਂਗ ਤੋਂ ਖ਼ਰੀਦ ਕੇ ਅੱਗੇ ਕਰਦਾ ਸੀ ਸਪਲਾਈ; 7 ਪਿਸਤੌਲ ਬਰਾਮਦ

ਪਟਿਆਲਾ 29 ਸਤੰਬਰ (ਰਾਜਿੰਦਰ ਸਿੰਘ ਥਿੰਦ) ਪੁਲਿਸ ਨੇ ਲਾਰੈਂਸ ਬਿਸ਼ਨੋਈ ਗੈਂਗ ਨਾਲ ਸਬੰਧਤ ਦੋ ਕਥਿਤ ਸਰਗਰਮ ਮੈਂਬਰਾਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ ਸੱਤ ਪਿਸਤੌਲ ਅਤੇ 23 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਪੁਲਿਸ ਅਨੁਸਾਰ ਮੁਲਜ਼ਮ ਲਾਰੈਂਸ ਬਿਸ਼ਨੋਈ ਗੈਂਗ ਤੋਂ ਗੈਰਕਾਨੂੰਨੀ ਹਥਿਆਰ ਲਿਆ ਕੇ ਅਪਰਾਧ ਕਰਨ ਵਾਲਿਆ ਨੂੰ ਵੇਚਦੇ ਹਨ। ਦੋਵਾਂ ਨੂੰ 28 ਸਤੰਬਰ ਨੂੰ ਸਾਧੂ ਬੇਲਾ ਰੋਡ ਤੋਂ ਕਾਬੂ ਕੀਤਾ ਗਿਆ।ਐੱਸਐੱਸਪੀ ਹਰਮਨਦੀਪ ਸਿੰਘ ਹੰਸ ਨੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਚੱਲ ਰਹੀ 'ਗੈਂਗਸਟਰਾਂ ਖ਼ਿਲਾਫ਼ ਜੰਗ' ਮੁਹਿੰਮ ਤਹਿਤ ਡੀਆਈਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸੀਆਈਏ ਪਟਿਆਲਾ ਦੀ ਟੀਮ ਨੇ ਇਹ ਕਾਰਵਾਈ ਕੀਤੀ। ਟੀਮ ਦੀ ਅਗਵਾਈ ਐੱਸਪੀ ਸਿਟੀ ਮੋਹਿਤ ਕੁਮਾਰ ਅਗਰਵਾਲ, ਡੀਐੱਸਪੀ (ਡੀ) ਗੁਰਵੀਰ ਸਿੰਘ ਅਤੇ ਸੀਆਈਏ ਇੰਚਾਰਜ ਇੰਸਪੈਕਟਰ ਸਿਮਰਜੀਤ ਸਿੰਘ ਸ਼ੇਰਗਿੱਲ ਨੇ ਕੀਤੀ। ਮੁਲਜ਼ਮਾਂ ਦੀ ਪਛਾਣ ਤੇਜਿੰਦਰ ਸਿੰਘ ਉਰਫ਼ ਫੌਜੀ ਵਾਸੀ ਪਿੰਡ ਦੌਣ ਕਲਾਂ ਅਤੇ ਰਾਹੁਲ ਉਰਫ਼ ਦਾਨਾ ਵਾਸੀ ਹਰੀਦਾਸ ਕਲੋਨੀ, ਨਾਭਾ ਵਜੋਂ ਹੋਈ ਹੈ। ਪੁਲਿਸ ਅਨੁਸਾਰ ਤੇਜਿੰਦਰ ਕੋਲੋਂ ਛੇ 32 ਬੋਰ ਪਿਸਤੌਲ ਅਤੇ 19 ਕਾਰਤੂਸ, ਜਦਕਿ ਇਕ 30 ਬੋਰ ਪਿਸਤੌਲ ਅਤੇ ਚਾਰ ਕਾਰਤੂਸ ਬਰਾਮਦ ਹੋਏ ਹਨ।ਐੱਸ.ਐੱਸ.ਪੀ. ਨੇ ਦੱਸਿਆ ਕਿ ਤੇਜਿੰਦਰ ਸਿੰਘ ਫੌਜੀ ਪਹਿਲਾਂ ਭਾਰਤੀ ਫ਼ੌਜ ਦੀ 152 ਸਿੱਖ ਰੈਜੀਮੈਂਟ ਵਿੱਚ ਸਿਪਾਹੀ ਸੀ ਅਤੇ ਉਸ ਨੂੰ ਬਰਖ਼ਾਸਤ ਕੀਤਾ ਜਾ ਚੁੱਕਾ ਹੈ।

ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਲੌਂਗੋਵਾਲ ਵੱਲੋਂ ਸ਼ਹੀਦ ਭਗਤ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਚੇਤਨਾ, ਸਮਾਗਮ ਕਰਵਾਇਆ

ਲੌਂਗੋਵਾਲ 29 ਸਤੰਬਰ (ਰਵੀ ਗਰਗ)-- ਨਸ਼ਿਆਂ ਦੀ ਦਲ੍ਹ ਦਲ ਵਿੱਚ ਫ਼ਸੇ ਸਮਾਜ ਅਤੇ ਨੌਜਵਾਨਾਂ ਨੂੰ ਬਾਹਰ ਕੱਢਣ ਲਈ ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ.) ਇਕਾਈ ਲੌਂਗੋਵਾਲ ਵੱਲੋਂ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਚੇਤਨਾ ਸਮਾਗਮ ਦਾ ਆਯੋਜਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੁੱਗਾਂ ਵਿਖੇ ਕਰਵਾਇਆ ਗਿਆ।ਸਮਾਗਮ ਵਿੱਚ ਜੁਝਾਰ ਲੌਂਗੋਵਾਲ ਅਤੇ ਬਲਬੀਰ ਲੌਂਗੋਵਾਲ (ਤਰਕਸ਼ੀਲ ਕਾਰਕੁਨ) ਵੱਲੋਂ ਸ਼ਹੀਦ ਭਗਤ ਸਿੰਘ ਜੀ ਦੇ ਜੀਵਨ, ਵਿਚਾਰਧਾਰਾ ਅਤੇ ਤਰਕਸ਼ੀਲ ਅਤੇ ਵਿਗਿਆਨਿਕ ਸੋਚ ਬਾਰੇ ਵਿਦਿਆਰਥੀਆਂ ਨਾਲ ਸੰਵਾਦ ਰਚਾਇਆ ਗਿਆ। ਸ਼ਹੀਦ ਭਗਤ ਸਿੰਘ ਸਿਰਫ ਇੱਕ ਯੋਧਾ ਹੀ ਨਹੀਂ, ਸਗੋਂ ਇੱਕ ਮਹਾਨ ਚਿੰਤਕ ਅਤੇ ਤਰਕਸ਼ੀਲ ਵਿਚਾਰਕ ਸਨ ਜਿਨ੍ਹਾਂ ਨੇ ਮੈਂ ਨਾਸਤਿਕ ਕਿਉਂ ਹਾਂ ਤੇ ਅਨੇਕਾਂ ਹੋਰ ਸਿਆਸੀ ਲਿਖਤਾਂ ਲਿਖ ਕੇ ਨੌਜਵਾਨਾਂ ਨੂੰ ਸਵਾਲ ਕਰਨ ਦੀ ਪ੍ਰੇਰਨਾ ਦਿੱਤੀ। ਆਗੂਆਂ ਨੇ ਕਿਹਾ ਕਿ ਅੱਜ ਦੇ ਸਮਿਆਂ ਵਿੱਚ ਚਿੱਟੇ ਵਰਗੇ ਮਾਰੂ ਨਸ਼ਿਆ ਵਿੱਚ ਨੌਜਵਾਨ ਅਤੇ ਸਮਾਜ ਨੂੰ ਫਸਾਇਆ ਜਾ ਰਿਹਾ ਹੈ ਜਿਸ ਵਿੱਚੋ ਨਿਕਲਣ ਲਈ ਅਪਣੇ ਲੋਕ ਨਾਇਕਾਂ ਦੀ ਵਿਚਾਰਧਾਰਾ ਦੇ ਲੜ ਲੱਗਣਾ ਸਮੇਂ ਦੀ ਲੋੜ ਹੈ।ਸਕੂਲ ਵੱਲੋਂ ਮਾ ਸਤਨਾਮ ਉਭਾਵਾਲ ਨੇ ਮੰਚ ਸੰਚਾਲਨ ਕੀਤਾ ਗਿਆ।ਇਸ ਮੌਕੇ ਇਕਾਈ ਮੁਖੀ ਬੀਰਬਲ ਸਿੰਘ ਅਤੇ ਵਿੱਤ ਮੁਖੀ ਸੰਦੀਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਦੇ ਦੌਰ ਵਿੱਚ ਭਗਤ ਸਿੰਘ ਦੇ ਵਿਚਾਰਾਂ ਨੂੰ ਸਮਝਣਾ ਬਹੁਤ ਜ਼ਰੂਰੀ ਹੈ। ਭਗਤ ਸਿੰਘ ਦੇ ਜੀਵਨ ਤੇ ਇਕ ਦੋ ਵਰਕੀ ਵੀ ਵੰਡੀ ਗਈ।ਵਿਦਿਆਰਥੀਆ ਨੇ ਭਗਤ ਸਿੰਘ ਦੇ ਪਰਿਵਾਰ ਅਤੇ ਜੀਵਨ ਨਾਲ ਸਬੰਧਤ ਸਵਾਲ ਕੀਤੇ ਗਏ ਜਿਸ ਦਾ ਆਗੂਆਂ ਵੱਲੋਂ ਜਵਾਬ ਦਿਤਾ ਗਿਆ। ਹਰਕੀਰਤ ਸਿੰਘ ਲੈਕਚਰਾਰ, ਮਾ ਹਰਬੰਸ ਸਿੰਘ ਨੇ ਵੀ ਭਗਤ ਸਿੰਘ ਦੇ ਜੀਵਨ ਤੇ ਗੱਲਬਾਤ ਕੀਤੀ।ਇਸ ਮੌਕੇ ਮੈਡਮ ਸੁਮਿਤਰਾ, ਅਧਿਆਪਕਾ ਜਸਵੀਰ ਕੌਰ, ਅਜੈ ਪਾਲ ਆਹਲੂਵਾਲੀਆ ਵੀ ਹਾਜ਼ਰ ਸਨ।

ਡੀ.ਏ.ਵੀ ਕਾਲਜ ਬਠਿੰਡਾ ਵਿਖੇ ਮਧੂ-ਮੱਖੀਆਂ ਅਤੇ ਜੈਵ ਵਿਭਿੰਨਤਾ: ਛੋਟੇ ਕੀੜੇ, ਵੱਡਾ ਪ੍ਰਭਾਵ ਵਿਸ਼ੇ ਤੇ ਵਰਕਸ਼ਾਪ



ਬਠਿੰਡਾ 29 ਸਤੰਬਰ (ਰਾਣਾ ਸ਼ਰਮਾ) ਡੀ.ਏ.ਵੀ ਕਾਲਜ ਬਠਿੰਡਾ ਦੇ ਈਕੋ ਕਲੱਬ ਨੇ ਵਾਤਾਵਰਣ ਸਿੱਖਿਆ ਪ੍ਰੋਗਰਾਮ ਅਧੀਨ 24 ਸਤੰਬਰ, 2026 ਨੂੰ ਮਾਨ ਮਾਖੀ ਫਾਰਮ, ਤੁੰਗਵਾਲੀ ਦੇ ਸਹਿਯੋਗ ਨਾਲ ਮਧੂ-ਮੱਖੀਆਂ ਅਤੇ ਜੈਵ ਵਿਭਿੰਨਤਾ: ਛੋਟੇ ਕੀੜੇ, ਵੱਡਾ ਪ੍ਰਭਾਵ ਸਿਰਲੇਖ ਵਾਲੀ ਇੱਕ ਦਿਲਚਸਪ ਅਤੇ ਜਾਣਕਾਰੀ ਭਰਪੂਰ ਵਰਕਸ਼ਾਪ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਨੂੰ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ,ਭਾਰਤ ਸਰਕਾਰ ਅਤੇ ਪੰਜਾਬ ਰਾਜ ਵਿਗਿਆਨ ਅਤੇ ਤਕਨਾਲੌਜੀ ਪ੍ਰੀਸ਼ਦ ਦੁਆਰਾ ਉਤਪ੍ਰੇਰਕ ਅਤੇ ਸਮਰਥਨ ਦਿੱਤਾ ਗਿਆ। ਇਸ ਵਰਕਸ਼ਾਪ ਤੋਂ 48 ਵਿਦਿਆਰਥੀਆਂ ਨੂੰ ਲਾਭ ਪ੍ਰਾਪਤ ਹੋਇਆ।ਇਸ ਵਰਕਸ਼ਾਪ ਦਾ ਉਦੇਸ਼ ਭਾਗੀਦਾਰਾਂ ਨੂੰ ਖੇਤੀਬਾੜੀ ਅਤੇ ਵਾਤਾਵਰਣ ਪ੍ਰਣਾਲੀਆਂ ਵਿੱਚ ਮਧੂ-ਮੱਖੀਆਂ ਦੀ ਮਹੱਤਵਪੂਰਨ ਭੂਮਿਕਾ ਤੋਂਜਾਣੂੰ ਕਰਵਾਉਣਾ ਸੀ, ਨਾਲ ਹੀ ਮਧੂ-ਮੱਖੀ ਪਾਲਣ ਦੇ ਤਕਨੀਕੀ ਅਤੇ ਵਿਹਾਰਕ ਪਹਿਲੂਆਂ ਬਾਰੇ ਸੂਝ ਪ੍ਰਦਾਨ ਕਰਨਾ ਸੀ। ਵਰਕਸ਼ਾਪ ਵਿੱਚ ਗੁਰਚਰਨ ਸਿੰਘ ਮੰਡ, ਮਾਨ ਮਾਖੀ ਫਾਰਮ, ਤੁੰਗਵਾਲੀ ਅਤੇ ਚੇਅਰਮੈਨ ਹਨੀ ਕਲੱਸਟਰ, ਬਠਿੰਡਾ ਦੁਆਰਾ ਇੱਕ ਮਾਹਿਰ ਭਾਸ਼ਣ ਦਿੱਤਾ ਗਿਆ ਜਿਸ ਵਿੱਚ ਮਧੂ-ਮੱਖੀਆਂ ਦੇ ਜੀਵ ਵਿਗਿਆਨ, ਟਿਕਾਊ ਖੇਤੀ ਅਭਿਆਸਾਂ, ਅਤੇ ਪਰਾਗਣ ਅਤੇ ਈਕੋਸਿਸਟਮ ਸਿਹਤ ਵਿੱਚ ਮਧੂ-ਮੱਖੀਆਂ ਦੀ ਭੂਮਿਕਾ ਬਾਰੇ ਸੂਝ ਸਾਂਝੀ ਕੀਤੀ ਗਈ। ਇਹ ਭਾਸ਼ਣ ਮੁੱਖ ਤੌਰ ;ਤੇ ਮਧੂ-ਮੱਖੀਆਂ ਦੀ ਬਸਤੀ ਦੇ ਅੰਦਰ ਗੁੰਝਲਦਾਰ ਭੂਮਿਕਾਵਾਂ ;ਤੇ ਕੇਂਦ੍ਰਿਤ ਸੀ, ਜਿਸ ਵਿੱਚ ਰਾਣੀ, ਵਰਕਰ ਮਧੂ-ਮੱਖੀਆਂ ਅਤੇ ਡਰੋਨ ਦੇ ਕਾਰਜ ਸ਼ਾਮਿਲ

ਧਰਮਕੋਟ ਵਿਖੇ 47 ਵਾਂ ਮਹੀਨਾਵਾਰੀ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ

-ਇਸ ਵਾਰ ਕੈਂਪ ਦੀ ਸੇਵਾ ਸ੍ਰੀ ਰਾਜੀਵ ਕੁਮਾਰ ਨਰੂਲਾ ਵੱਲੋਂ ਕੀਤੀ ਗਈ

ਧਰਮਕੋਟ, 29 ਸਤੰਬਰ(ਸੰਜੀਵ ਸੂਦ / ਜਗਰਾਜ ਸੰਘਾ)) ਬਲੱਡ ਡੋਨਰਜ ਕਲੱਬ ਐਂਡ ਵੈਲਫੇਅਰ ਸੋਸਾਇਟੀ ਤੇ ਨਿਰੰਜਨ ਦਾਸ ਗਰੋਵਰ ਮੈਮੋਰੀਅਲ ਵੈਲਫੇਅਰ ਸੋਸਾਇਟੀ ਧਰਮਕੋਟ ਵੱਲੋਂ ਮਹੀਨਾ ਵਾਰੀ ਸ਼ੂਗਰ ਜਾਂਚ ਕੈਂਪ ਗੁਰਦੁਆਰਾ ਬਾਬਾ ਜੀਵਨ ਸਿੰਘ ਰਜਿੰਦਰਾ ਰੋਡ ਧਰਮਕੋਟ ਵਿਖੇ ਲਗਾਇਆ ਗਿਆ ਇਸ ਕੈਂਪ ਵਿੱਚ ਡਾ ਸੁਰਿੰਦਰਪਾਲ ਜੁਨੇਜਾ ਦੇ ਸਹਿਯੋਗ ਸਦਕਾ ਟੌਰਸ ਕੰਪਨੀ ਵਲੋਂ ਸ਼ੂਗਰ ਦੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੰਡੀਆਂ ਗਈਆਂ ਅਤੇ ਵੈਦ ਸ੍ਰੀ ਜੈ ਭਗਵਾਨ ਸਿੱਧਵਾਂਬੇਟ ਵਾਲਿਆਂ ਵੱਲੋਂ ਅੱਖਾਂ ਦੀ ਦਵਾਈ ਮੁਫਤ ਵੰਡੀ ਗਈ ਡਾਕਟਰ ਤੇਜਵੀਰ ਸਿੰਘ ਰਿੰਕੀ ਗੁਰੂ ਨਾਨਕ ਹਸਪਤਾਲ ਵਲੋਂ ਮੁਫਤ ਸ਼ੂਗਰ ਚੈਕ ਕੀਤਾ ਗਿਆ ਇਸ ਵਾਰ ਕੈਂਪ ਦੀ ਸੇਵਾ ਬਲੱਡ ਡੋਨਰਜ ਕਲੱਬ ਐਂਡ ਵੈਲਫੇਅਰ ਸੋਸਾਇਟੀ ਦੇ ਸੀਨੀਅਰ ਮੈਂਬਰ ਸ਼੍ਰੀ ਰਾਜੀਵ ਕੁਮਾਰ ਨਰੂਲਾ ਵੱਲੋਂ ਕੀਤੀ ਗਈ। ਕੈਂਪ ਦੇ ਵਿੱਚ ਵੱਖ ਵੱਖ ਬੀਮਾਰੀਆਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਇਸ ਮੌਕੇ ਤੇ ਆਚਾਰਿਆ ਪੰਡਿਤ ਸੂਰੀਆ ਮੋਹਨ ਚੈਅਰਮੈਨ ਪ੍ਰੀਤਮ ਲਾਲ ਭਾਰਦਵਾਜ ? ਪ੍ਰਧਾਨ ਜਸਵਿੰਦਰ ਸਿੰਘ ਰੱਖਰਾ ਨਾਇਬ ਸਿੰਘ ਪਟਵਾਗੀ ਰਾਮ ਖਿਲਾਵਨ ਫ਼ੋਰਮੈਨ ਸਪਨ ਗੁਪਤਾ ਨਰਿੰਦਰ ਗਰੋਵਰ ? ਡਾਕਟਰ ਸੁਰਿੰਦਰ ਪਾਲ ਜੁਨੇਜਾ ਡਾਕਟਰ ਤੇਜਵੀਰ ਸਿੰਘ ਰਿੰਕੀ ਮਾਸਟਰ ਮੋਹਿਤ ਕੁਮਾਰ ਮੁਕੇਸ਼ ਕੁਮਾਰ ਬਿੱਟੂ ਬਲਕਾਰ ਸਿੰਘ ਛਾਬੜਾ ਸਤੀਸ ਕੁਮਾਰ ਪੱਪੂ ਅਸ਼ਵਨੀ ਕੁਮਾਰ ਜੱਸੀ ਰਾਜੀਵ ਕੁਮਾਰ ਨਰੂਲਾ ਸਤਵਿੰਦਰ ਸਿੰਘ ਨੀਟਾ ਸਰਦਾਰ ਸੂਬਾ ਸਿੰਘ ਬਾਬਾ ਧਰਮਿੰਦਰ ਸਿੰਘ ਅਤੇ ਹੋਰ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਹਾਜ਼ਰ ਸਨ ਇਸ ਮੌਕੇ ਚੈਅਰਮੈਨ ਪ੍ਰੀਤਮ ਲਾਲ ਭਾਰਦਵਾਜ਼ ਨੇ ਕਿਹਾ ਕਿ ਸਾਨੂੰ ਇਹੋ ਜਿਹੇ ਸਮਾਜ ਭਲਾਈ ਦੇ ਕੰਮ ਵੱਧ ਚੜ੍ਹ ਕੇ ਕਰਨੇ ਚਾਹੀਦੇ ਹਨ ਅਤੇ ਜੇਕਰ ਕਿਸੇ ਵੀਰ ਨੇ ਸੇਵਾ ਲੈਣੀ ਹੋਵੇ ਤਾਂ ਸਾਡੀ ਸੰਸਥਾ ਦੇ ਕਿਸੇ ਵੀ ਮੈਂਬਰ ਨਾਲ ਸੰਪਰਕ ਸਕਦੇ ਹੱਨ ਇਸ ਮੌਕੇ ਤੇ ਪ੍ਰਧਾਨ ਜਸਵਿੰਦਰ ਸਿੰਘ ਰੱਖਰਾ ਮਾਸਟਰ ਅਸਵਨੀ ਕੁਮਾਰ ਜੱਸੀ ਨੇ ਦੱਸਿਆ ਕਿ ਸਾਡੀ ਸੰਸਥਾ ਸਮੇਂ ਸਮੇਂ ਤੇ ਵੱਖ-ਵੱਖ ਤਰ੍ਹਾਂ ਦੇ ਕੈਂਪ ਲਗਾਉਂਦੀ ਹੈ ਅਸੀਂ ਸ਼ਹਿਰ ਵਾਸੀਆਂ ਦੇ ਵੱਡੇ ਸਹਿਯੋਗ ਦਾ ਧੰਨਵਾਦ ਕਰਦੇ ਹਾਂ।

72 ਸਾਲਾ ਗੁਰਸਿੱਖ ਬਜ਼ੁਰਗ ਵੱਲੋਂ ਸੱਤ ਸਾਲਾ ਬੱਚੀ ਨਾਲ ਕਥਿਤ ਅਣਉਚਿਤ ਵਿਹਾਰ ਦੀ ਕੋਸ਼ਿਸ਼, ਬਜ਼ੁਰਗ ਖ਼ਿਲਾਫ਼ ਮਾਮਲਾ ਦਰਜ

ਸਨੌਰ 29, ਸਤੰਬਰ (ਰਾਜਿੰਦਰ ਸਿੰਘ ਥਿੰਦ): ਭੁੱਨਰਹੇੜੀ ਇਲਾਕੇ ਵਿੱਚ ਸੱਤ ਸਾਲਾ ਬੱਚੀ ਨਾਲ ਕਥਿਤ ਤੌਰ 'ਤੇ ਅਣਉਚਿਤ ਵਿਹਾਰ ਕਰਨ ਦੀ ਕੋਸ਼ਿਸ਼ ਦਾ ਮਾਮਲਾ ਸਾਹਮਣੇ ਆਇਆ ਹੈ। ਬੱਚੀ ਦੇ ਮਾਪਿਆਂ ਵੱਲੋਂ ਦਿੱਤੀ ਸ਼ਿਕਾਇਤ ਦੇ ਆਧਾਰ 'ਤੇ ਥਾਣਾ ਸਦਰ ਪੁਲਿਸ ਨੇ ਕਰੀਬ 72 ਸਾਲਾ ਗੁਰਸਿੱਖ ਵਿਅਕਤੀ ਪ੍ਰੀਤਮ ਸਿੰਘ ਖ਼ਿਲਾਫ਼ ਮਾਮਲਾ ਦਰਜ ਕਰਕੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੂੰ ਦਿੱਤੀ ਸ਼ਿਕਾਇਤ ਅਨੁਸਾਰ ਬੱਚੀ ਗਲੀ ਵਿੱਚ ਖੇਡ ਰਹੀ ਸੀ। ਇਸ ਦੌਰਾਨ ਗੁਆਂਢ ਵਿੱਚ ਰਹਿੰਦੇ ਉਕਤ ਬਜ਼ੁਰਗ ਵਿਅਕਤੀ ਵੱਲੋਂ ਕਥਿਤ ਤੌਰ 'ਤੇ ਬੱਚੀ ਨੂੰ ਆਪਣੇ ਘਰ ਅੰਦਰ ਲਿਜਾਇਆ ਗਿਆ। ਮਾਪਿਆਂ ਨੇ ਪੁਲਿਸ ਨੂੰ ਦੱਸਿਆ ਕਿ ਘਰ ਪਰਤਣ ਉਪਰੰਤ ਬੱਚੀ ਨੇ ਉਨ੍ਹਾਂ ਨੂੰ ਘਟਨਾ ਸਬੰਧੀ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਘਰ ਅੰਦਰ ਉਸ ਨਾਲ ਕਥਿਤ ਤੌਰ 'ਤੇ ਅਣਉਚਿਤ ਵਿਹਾਰ ਕਰਨ ਦੀ ਕੋਸ਼ਿਸ਼ ਕੀਤੀ ਗਈ। ਸ਼ਿਕਾਇਤ ਮੁਤਾਬਕ ਬੱਚੀ ਵੱਲੋਂ ਰੌਲਾ ਪਾਉਣ 'ਤੇ ਉਕਤ ਵਿਅਕਤੀ ਮੌਕੇ ਤੋਂ ਚਲਾ ਗਿਆ। ਇਸ ਤੋਂ ਬਾਅਦ ਬੱਚੀ ਨੇ ਸਾਰੀ ਘਟਨਾ ਆਪਣੇ ਮਾਪਿਆਂ ਨੂੰ ਦੱਸੀ, ਜਿਸ 'ਤੇ ਉਨ੍ਹਾਂ ਵੱਲੋਂ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਗਈ।ਥਾਣਾ ਸਦਰ ਪੁਲਿਸ ਨੇ ਸ਼ਿਕਾਇਤ ਦੇ ਆਧਾਰ 'ਤੇ ਪ੍ਰੀਤਮ ਸਿੰਘ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਅਗਲੀ ਕਾਨੂੰਨੀ ਕਾਰਵਾਈ ਜਾਂਚ ਦੇ ਆਧਾਰ 'ਤੇ ਕੀਤੀ ਜਾਵੇਗੀ।

ਸਨੌਰ ਵਿਖੇ ਲੋਕ ਮਿਲਣੀ ਦੌਰਾਨ ਨਗਰ ਨਿਵਾਸੀਆਂ ਬਲਜਿੰਦਰ ਢਿੱਲੋਂ ਨਾਲ ਕੀਤੀ ਮੁਲਾਕਾਤ:

ਸਨੌਰ, 29 ਸਤੰਬਰ:(ਰਾਜਿੰਦਰ ਸਿੰਘ ਥਿੰਦ) ਹਲਕਾ ਸਨੌਰ,ਅੰਮ੍ਰਿਤ ਇਨਕਲੇਵ ਵਿਖੇ ਨਰਿੰਦਰ ਸੈਣੀ ਜੀ ਵੱਲੋਂ ਲੋਕ ਮਿਲਣੀ ਪ੍ਰੋਗ੍ਰਾਮ ਕਰਵਾਇਆ ਗਿਆ ਜਿਸ ਵਿੱਚ ਪੰਜਾਬ ਐਗਰੋ ਦੇ ਚੇਅਰਮੈਨ ਅਤੇ ਲੋਕ ਸਭਾ ਪਟਿਆਲਾ ਦੇ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਨੇ ਆਪਣੀ ਲੋਕ ਸਭਾ ਟੀਮ ਸਮੇਤ ਸ਼ਮੂਲੀਅਤ ਕੀਤੀ। ਇਸ ਮੌਕੇ ਚੇਅਰਮੈਨ ਢਿੱਲੋਂ ਨੇ ਇਲਾਕਾ ਨਗਰ ਨਿਵਾਸੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਇਲਾਕੇ ਦੀਆਂ ਮੰਗਾਂ ਨੂੰ ਜਲਦ ਪੂਰਾ ਕਰਨ ਦਾ ਵਿਸਵਾਸ ਦਿੱਤਾ ਅਤੇ ਵੱਖ-ਵੱਖ ਮੁੱਦਿਆਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ । ਲੋਕ ਮਿਲਣੀ ਦੌਰਾਨ ਨਗਰ ਵਾਸੀਆਂ ਨੇ ਆਪਣੇ ਇਲਾਕੇ ਨਾਲ ਸਬੰਧਤ ਕਈ ਮੁੱਦੇ ਸਾਂਝੇ ਕੀਤੇ ਅਤੇ ਰੋਜ਼ਾਨਾ ਜੀਵਨ ਵਿੱਚ ਆ ਰਹੀਆਂ ਮੁਸ਼ਕਲਾਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਉਨ੍ਹਾਂ ਦੀਆਂ ਗੱਲਾਂ ਨੂੰ ਬੜੇ ਧਿਆਨ ਨਾਲ ਸੁਣਿਆ ਗਿਆ ਅਤੇ ਹਰੇਕ ਸਮੱਸਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਲਈ ਗਈ। ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਾਨ ਦੇ ਮੁਨਾਫ਼ੇ ਮੁਹਿੰਮ ਤਹਿਤ ਪੰਜਾਬ ਦੇ ਲੋਕਾਂ ਲਈ ਵਿਕਾਸ ਅਤੇ ਖੁਸ਼ਹਾਲੀ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਉਪਰਾਲਾ ਹੈ। ਇਸ ਮੁਹਿੰਮ ਰਾਹੀਂ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਉਨ੍ਹਾਂ ਨਾਲ ਲੋਕਾਂ ਨੂੰ ਮਿਲ ਰਹੇ ਲਾਭ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਸੰਦੇਸ਼ ਦਿੱਤਾ ।ਚੇਅਰਮੈਨ ਢਿੱਲੋਂ ਨੇ ਇਸ ਮੌਕੇ ਗੱਲਬਾਤ ਕਰਦਿਆਂ ਕਿਹਾ ਕਿ ਲੋਕ ਮਿਲਣੀਆਂ ਦਾ ਮੁੱਖ ਉਦੇਸ਼ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਵਿਚਕਾਰ ਬੈਠ ਕੇ ਸਮਝਣਾ ਹੈ। ਲੋਕਾਂ ਵੱਲੋਂ ਸਾਹਮਣੇ ਲਿਆਂਦੇ ਗਏ ਮੁੱਦਿਆਂ ਨੂੰ

ਸਬੰਧਤ ਵਿਭਾਗਾਂ ਦੇ ਧਿਆਨ ਵਿੱਚ ਲਿਆ ਕੇ ਉਨ੍ਹਾਂ ਦੇ ਯੋਗ ਹੱਲ ਲਈ ਲੋੜੀਂਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ ।ਲੋਕ ਮਿਲਣੀ ਦੌਰਾਨ ਇਲਾਕੇ ਦੇ ਨਗਰ ਵਾਸੀਆਂ ਨੇ ਖੁੱਲ੍ਹ ਕੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਇਲਾਕੇ ਦੇ ਵਿਕਾਸ, ਬੁਨਿਆਦੀ ਸਹੂਲਤਾਂ ਅਤੇ ਲੋਕਾਂ ਨਾਲ ਜੁੜੇ ਹੋਰ ਮਾਮਲਿਆਂ ਸਬੰਧੀ ਵੀ ਵਿਚਾਰ-ਵਟਾਂਦਰਾ ਹੋਇਆ। ਨਗਰ ਵਾਸੀਆਂ ਵੱਲੋਂ ਵੀ ਲੋਕ ਮਿਲਣੀ ਰਾਹੀਂ ਆਪਣੀਆਂ ਗੱਲਾਂ ਸਿੱਧੇ ਤੌਰ 'ਤੇ ਸਾਂਝੀਆਂ ਕਰਨ ਲਈ ਇਸ ਉਪਰਾਲੇ ਦਾ ਸਵਾਗਤ ਕੀਤਾ ਗਿਆ। ਲੋਕ ਮਿਲਣੀ ਵਿੱਚ ਇਲਾਕੇ ਦੇ ਪਤਵੰਤੇ ਸੱਜਣਾਂ, ਲੋਕ ਸਭਾ ਟੀਮ ਦੇ ਮੈਂਬਰਾਂ ਅਤੇ ਵੱਡੀ ਗਿਣਤੀ ਵਿੱਚ ਨਗਰ ਨਿਵਾਸੀਆਂ ਨੇ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਆਪਸੀ ਵਿਚਾਰ-ਵਟਾਂਦਰੇ ਰਾਹੀਂ ਇਲਾਕੇ ਨਾਲ ਸਬੰਧਤ ਮੁੱਦਿਆਂ ਨੂੰ ਸਮਝਣ ਅਤੇ ਉਨ੍ਹਾਂ ਦੇ ਹੱਲ ਲਈ ਅੱਗੇ ਦੀ ਕਾਰਵਾਈ ਬਾਰੇ ਵੀ ਚਰਚਾ ਕੀਤੀ ਗਈ। ਇਸ ਮੌਕੇ; ਲਖਵਿੰਦਰ ਸਿੰਘ ਢਿੱਲੋਂ ਲੋਕ ਸਭਾ ਆਫਿਸ ਪਟਿਆਲਾ,ਗੱਜਣ ਸਿੰਘ ਜਿਲਾ ਸੇਕਟਰੀ ਪਟਿਆਲਾ,ਮੁਖਤਿਆਰ ਸਿੰਘ ਗਿੱਲ ਸਾਬਕਾ ਜਿਲਾ ਸੇਕਟਰੀ,ਜਸਵੰਤ ਰਾਏ ਚੇਅਰਮੈਨ ਦਲਿਤ ਵਿਕਾਸ ਬੋਰਡ,ਮਨਦੀਪ ਜੋਲਾ ਚੇਅਰਮੈਨ, ਦਲਿਤ ਵਿਕਾਸ,ਅਵਤਾਰ ਸਿੰਘ ਹਲਕਾ ਕੋਆਰਡੀਨੇਟਰ ਐਸ ਸੀ ਵਿੰਗ,ਜਸਪਾਲ ਸਿੰਘ ਬਲਾਕ ਪ੍ਰਧਾਨ,ਬਲਕਾਰ ਸਿੰਘ,ਸੁਰਜੀਤ ਸਿੰਘ ਪਹਾੜੀਪੁਰ, ਮਲਕੀਤ ਸਿੰਘ, ਅਤੇ ਰਾਜ ਕੁਮਾਰ ਮਿਠਾਰੀਆ ਤੋ ਇਲਾਵਾਂ ਮੋਹੱਲਾ ਨਿਵਾਸੀ ਮੋਜੂਦ ਸਨ

ਯੂਨੀਵਰਸਿਟੀਆਂ ਵਿੱਚ ਅਫ਼ਵਾਹਾਂ ਨਾਲ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ : ਹੈਪੀ ਗਿੱਲ

ਸਭ ਕੁਝ ਸੁਖਪਾਲ ਖੈਹਰਾ ਦੇ ਮੁੱਦੇ ਤੋਂ ਧਿਆਨ ਭਟਕਾਉਣ ਲਈ

ਲੁਧਿਆਣਾ, 29 ਸਤੰਬਰ ਸਰਬਜੀਤ ਸੂਫ਼ੀ- ਪਿਛਲੇ ਦਿਨੀਂ ਸੁਖਪਾਲ ਖੈਹਰਾ ਵਲੋਂ ਸਰਕਾਰੀ ਕੋਠੀਆਂ ਦਾ ਮੁੱਦਾ ਸਭ ਜਗ੍ਹਾ ਹਾਈ ਲਾਈਟ ਹੋਣ ਤੋਂ ਬਾਅਦ ਸਰਕਾਰ ਬੈਕ ਫੁੱਟ ਤੇ ਆ ਗਈ ਸੀ ਅਤੇ ਜਨਤਾ ਦਾ ਧਿਆਨ ਭਟਕਾਉਣ ਹਿੱਤ ਪੰਜਾਬ ਦੀਆਂ ਨਾਮੀ ਯੂਨੀਵਰਸਿਟੀਆਂ ਵਿੱਚ ਪਿਛਲੇ ਦਿਨਾਂ ਦੌਰਾਨ ਫੈਲੀਆਂ ਅਫ਼ਵਾਹਾਂ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਵਿੱਚ ਡਰ ਦਾ ਮਾਹੌਲ ਪੈਦਾ ਕੀਤਾ ਹੈ। ਇਹ ਬਿਆਨ ਅੱਜ ਸੀਨੀਅਰ ਕਾਂਗਰਸੀ ਆਗੂ ਹੈਪੀ ਗਿੱਲ ਨੇ ਦਿੱਤਾ। ਉਨ੍ਹਾਂ ਕਿਹਾ ਕਿ ਪਹਿਲਾਂ ਚਿਤਕਾਰਾ ਯੂਨੀਵਰਸਿਟੀ ਵਿੱਚ ਭੂਤ ਆਉਣ ਦੀ ਅਫ਼ਵਾਹ ਕਾਰਨ ਹੰਗਾਮਾ ਹੋਇਆ ਅਤੇ ਇਸ ਤੋਂ ਬਾਅਦ ਐੱਲ.ਪੀ.ਯੂ. ਵਿੱਚ ਇੱਕ ਲੜਕੀ ਨਾਲ ਜਬਰ-ਜਨਾਹ ਸਬੰਧੀ ਵਾਇਰਲ ਮੈਸੇਜ ਕਾਰਨ ਬਵਾਲ ਖੜ੍ਹਾ ਹੋ ਗਿਆ।ਹੈਪੀ ਗਿੱਲ ਨੇ ਕਿਹਾ ਕਿ ਐੱਲ.ਪੀ.ਯੂ. ਵਿੱਚ ਪੜ੍ਹ ਰਹੇ ਬਾਹਰਲੇ ਰਾਜਾਂ ਅਤੇ ਵਿਦੇਸ਼ਾਂ ਦੇ ਵਿਦਿਆਰਥੀਆਂ ਦੇ ਮਾਪੇ ਵੀ ਚਿੰਤਤ ਹਨ ਅਤੇ ਇਸ ਕਾਰਨ ਯੂਨੀਵਰਸਿਟੀ ਦੇ ਪੇਪਰ ਵੀ ਪ੍ਰਭਾਵਿਤ ਹੋਏ ਹਨ। ਉਨ੍ਹਾਂ ਸਰਕਾਰ ਤੇ ਵਿਦਿਆਰਥੀਆਂ ਦੇ ਭਵਿੱਖ ਪ੍ਰਤੀ ਲਾਪਰਵਾਹੀ ਦੇ ਦੋਸ਼ ਲਾਉਂਦਿਆਂ ਸ਼ੰਕਾ ਜਤਾਈ ਕਿ ਕਿਤੇ ਇਹ ਮਾਮਲੇ ਲੋਕਾਂ ਦਾ ਧਿਆਨ ਹੋਰ ਮੁੱਦਿਆਂ ਤੋਂ ਭਟਕਾਉਣ ਦੀ ਕੋਸ਼ਿਸ਼ ਤਾਂ ਨਹੀਂ।ਉਨ੍ਹਾਂ ਮੰਗ ਕੀਤੀ ਕਿ ਦੋਵਾਂ ਯੂਨੀਵਰਸਿਟੀਆਂ ਵਿੱਚ ਅਫ਼ਵਾਹਾਂ ਕਾਰਨ ਪੈਦਾ ਹੋਏ ਹਾਲਾਤ ਦੀ ਸੀ.ਬੀ.ਆਈ. ਜਾਂਚ ਕਰਵਾਈ ਜਾਵੇ, ਤਾਂ ਜੋ ਪਤਾ ਲੱਗ ਸਕੇ ਕਿ ਇਨ੍ਹਾਂ ਅਫ਼ਵਾਹਾਂ ਪਿੱਛੇ ਅਸਲ ਕਾਰਨ ਕੀ ਸੀ ਅਤੇ ਵਿਦਿਆਰਥੀਆਂ ਵਿੱਚ ਡਰ ਦਾ ਮਾਹੌਲ ਕਿਵੇਂ ਪੈਦਾ ਹੋਇਆ।

ਦੀਨਾ ਸਾਹਿਬ ਵਿਖੇ ਕਿਸਾਨ ਭਲਾਈ ਕੈਂਪ ਲਗਾਇਆ ਗਿਆ

ਨਿਹਾਲ ਸਿੰਘ ਵਾਲਾ , 29 ਸਤੰਬਰ (ਜਗਰਾਜ ਸਿੰਘ ਸੰਘਾ) – ਬਲਾਕ ਨਿਹਾਲ ਸਿੰਘ ਵਾਲਾ ਦੀ ਸਮੁੱਚੀ ਖੇਤੀਬਾੜੀ ਮਹਿਕਮੇ ਦੀ ਟੀਮ ਵੱਲੋਂ ਪਿੰਡ ਦੀਨਾ ਸਾਹਿਬ ਵਿਖੇ ਕਿਸਾਨ ਭਲਾਈ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਜਾਗਰੂਕ ਕੀਤਾ ਗਿਆ ਅਤੇ ਪਛੇਤੀ ਝੋਨੇ ਦੀ ਫ਼ਸਲ ਉੱਪਰ ਬੇਲੋੜੀ ਸਪਰੇਅ ਨਾ ਕਰਨ ਦੀ ਸਲਾਹ ਦਿੱਤੀ ਗਈ। ਮਾਹਿਰਾਂ ਵੱਲੋਂ ਕਣਕ ਦੀ ਅਗੇਤੀ ਅਤੇ ਪਿਛੇਤੀ

ਬਿਜਾਈ, ਕਣਕ ਦੇ ਨਵੇਂ ਬੀਜਾਂ, ਖਾਦ ਦੀ ਸੰਤੁਲਿਤ ਵਰਤੋਂ ਸਬੰਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਸਾਨਾਂ ਨੂੰ ਯੂਰੀਆ ਦੀ ਬੇਲੋੜੀ ਵਰਤੋਂ ਤੋਂ ਬਚਣ ਅਤੇ ਜ਼ਿੰਕ, ਪੁਟਾਸ਼ ਅਤੇ ਸਲਫ਼ਰ ਦੀ ਘਾਟ ਬਾਰੇ ਵੀ ਦੱਸਿਆ। ਇਸ ਤੋਂ ਇਲਾਵਾ ਕਣਕ ਦੀ ਬਿਜਾਈ ਸਮੇਂ ਸੁਪਰ ਸੀਡਰ ਅਤੇ ਮਲਚਰ ਦੀ ਵਰਤੋਂ ਅਤੇ ਨਦੀਨ ਨਾਸ਼ਕਾਂ ਦੀ ਸਹੀ ਵਰਤੋਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ। ਕੈਂਪ ਦੇ ਅੰਤ ਵਿੱਚ ਕਿਸਾਨਾਂ ਦੇ ਪ੍ਰਧਾਨ ਮੰਤਰੀ ਕ੍ਰਿਸ਼ੀ ਯੋਜਨਾ ਤਹਿਤ ਫਾਰਮ ਭਰੇ ਗਏ। ਇਸ ਮੌਕੇ ਖੇਤੀ ਮਾਹਿਰ ਮੰਗੂ ਸਿੰਘ, ਰਮਨਦੀਪ ਸਿੰਘ, ਏ.ਟੀ.ਐਮ ਸੁਖਦੀਪ ਸਿੰਘ, ਅੰਗਰੇਜ਼ ਸਿੰਘ, ਦਾਰਾ ਸਿੰਘ, ਬੀ ਕੇ ਯੂ ਲੱਖੋਵਾਲ ਦੇ ਕਿਸਾਨ ਆਗੂ ਮੁਖਤਿਆਰ ਸਿੰਘ , ਗੁਰਜੰਟ ਸਿੰਘ, ਗੁਰਚਰਨ ਸਿੰਘ, ਬੰਸਾ ਸਿੰਘ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

ਐਸ.ਡੀ.ਐਮ. ਪਟਿਆਲਾ ਵੱਲੋਂ ਝੋਨੇ ਦੀ ਵਾਢੀ ਤੋਂ ਪਹਿਲਾਂ ਬੇਲਰ ਮਾਲਕਾਂ ਨਾਲ ਕੀਤੀ ਗਈ ਮੀਟਿੰਗ

ਪਟਿਆਲਾ, 29 ਸਤੰਬਰ:(ਰਾਜਿੰਦਰ ਸਿੰਘ ਥਿੰਦ) ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ—ਨਿਰਦੇਸ਼ਾਂ ਅਨੁਸਾਰ ਐਸ.ਡੀ.ਐਮ. ਪਟਿਆਲਾ ਗੁਰਦੇਵ ਸਿੰਘ ਧੰਮ ਵੱਲੋਂ ਤਹਿਸੀਲ ਪਟਿਆਲਾ ਵਿਚ ਪਰਾਲੀ ਪ੍ਰਬੰਧਨ ਦੇ ਸੁਚੱਜੇ ਪ੍ਰਬੰਧ ਕਰਨ ਅਤੇ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਘੱਟ ਕਰਨ ਹਿੱਤ ਤਹਿਸੀਲ ਪਟਿਆਲਾ ਦੇ ਸਮੂਹ ਬੇਲਰ ਮਾਲਕਾਂ ਅਤੇ ਖੇਤੀਬਾੜੀ ਵਿਭਾਗ ਦੇ ਅਧੀਕਾਰੀਆਂ/ ਕਰਮਚਾਰੀਆਂ ਨਾਲ ਮੀਟਿੰਗ ਕਰਦਿਆਂ ਸਮੂਹ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਵਾਢੀ ਜਿਲ੍ਹਾ ਪ੍ਰਸ਼ਾਸਨ ਵੱਲੋਂ ਤਹਿ ਕੀਤੇ ਸਮੇਂ ਅਨੁਸਾਰ ਅਤੇ ਸੁਪਰ ਐਸ.ਐਮ.ਐਸ. ਲਗੀ ਕੰਬਾਇਨ ਨਾਲ ਕਰਨ ਤਾਂ ਜ਼ੋ ਪਰਾਲੀ ਨੂੰ ਖੇਤਾਂ ਵਿਚ ਮਿਲਾ ਕੇ ਧਰਤੀ ਦੀ ਉਪਜਾਊ ਸ਼ਕਤੀ ਵਧਾਈ ਜਾ ਸਕੇ ਅਤੇ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਉਹਨਾਂ ਨੇ ਦਸਿਆ ਕਿ ਜਿਹਨਾਂ ਕਿਸਾਨਾਂ ਨੇ ਪਰਾਲੀ ਦੀਆਂ ਗੱਠਾਂ ਬਣਾਉਣੀਆਂ ਹੋਣ ਉਹ ਹੁਣ ਤੋਂ ਹੀ ਖੇਤੀਬਾੜੀ ਵਿਭਾਗ ਅਤੇ ਕੋਆਪ੍ਰੇਟਿਵ ਵਿਭਾਗ ਨਾਲ ਸੰਪਰਕ ਕਰਕੇ ਬੇਲਰ ਦੀ ਮੰਗ ਸਬੰਧੀ ਪਿੰਡ ਦਾ ਵੇਰਵਾ ਦੇ ਸਕਦੇ ਹਨ। ਮੀਟਿੰਗ ਦੌਰ

'ਆਪ' ਸਰਕਾਰ ਨੇ ਪੰਜਾਬ ਨੂੰ ਨਸ਼ਾ ਯੁਕਤ ਤੇ ਵਿਕਾਸ ਮੁਕਤ ਬਣਾਇਆ: ਪ੍ਰੋ. ਬਘੇਲ

ਪੰਜਾਬ 'ਚ ਭਾਜਪਾ ਘਰ-ਘਰ ਜਾ ਕੇ ਨਸ਼ਾ ਮੁਕਤੀ ਲਈ ਦੇਵੇਗੀ ਹੋਕਾ

ਸ਼ਾਹਕੋਟ/ਮਲਸੀਆਂ, 29 ਸਤੰਬਰ (ਕੁਲਜੀਤ ਸਿੰਘ ਖਿੰਡਾ): ਭਾਰਤੀ ਜਨਤਾ ਪਾਰਟੀ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੌਰਾਨ ਸ਼ਾਹਕੋਟ ਵਿਖੇ ਕਰਵਾਈ ਗਈ ਜਨ ਸਭਾ ਨੂੰ ਸੰਬੋਧਨ ਕਰਦਿਆਂ ਕੇਂਦਰੀ ਰਾਜ ਮੰਤਰੀ ਪ੍ਰੋ. ਐਸ.ਪੀ. ਸਿੰਘ ਬਘੇਲ ਨੇ ਕਿਹਾ ਕਿ ਭਾਜਪਾ ਨਸ਼ਾ ਮੁਕਤ ਅਤੇ ਵਿਕਾਸ ਯੁਕਤ ਪੰਜਾਬ ਚਾਹੁੰਦੀ ਹੈ, ਜਦ ਕਿ 'ਆਪ' ਸਰਕਾਰ ਨੇ ਪੰਜਾਬ ਨੂੰ ਨਸ਼ਾ ਯੁਕਤ ਅਤੇ ਵਿਕਾਸ ਮੁਕਤ ਕਰ ਦਿੱਤਾ ਹੈ। ਹੁਣ ਫੈਸਲਾ ਪੰਜਾਬ ਦੇ ਲੋਕਾਂ ਨੇ ਕਰਨਾ ਹੈ ਕਿ ਉਹ ਕਿਹੋ ਜਿਹਾ ਪੰਜਾਬ ਚਾਹੁੰਦੇ ਹਨ।

ਪ੍ਰੋ. ਬਘੇਲ ਨੇ ਕਿਹਾ ਕਿ ਇਹ ਯਾਤਰਾ ਮਹਿਜ਼ ਸਿਆਸੀ ਪ੍ਰੋਗਰਾਮ ਨਹੀਂ, ਸਗੋਂ ਉਨ੍ਹਾਂ ਮਾਵਾਂ ਦੀ ਪੁਕਾਰ ਤੇ ਪੀੜ ਦੀ ਆਵਾਜ਼ ਹੈ, ਜਿਨ੍ਹਾਂ ਨੇ ਨਸ਼ਿਆਂ ਕਾਰਨ ਆਪਣੇ ਪੁੱਤ ਗੁਆ ਦਿੱਤੇ; ਉਨ੍ਹਾਂ ਪਿਉਆਂ ਦਾ ਦਰਦ ਹੈ, ਜਿਨ੍ਹਾਂ ਦੇ ਪਰਿਵਾਰ ਉੱਜੜ ਗਏ ਅਤੇ ਉਨ੍ਹਾਂ ਘਰਾਂ ਦੀ ਵੇਦਨਾ ਹੈ, ਜਿਨ੍ਹਾਂ ਦੀ ਜ਼ਿੰਦਗੀ ਨਸ਼ਿਆਂ ਨੇ ਤਬਾਹ ਕਰ ਦਿੱਤੀ। ਉਨ੍ਹਾਂ ਕਿਹਾ ਕਿ ਇਹ ਬੇਹੱਦ ਦੁਖਦਾਈ ਹੈ ਕਿ ਜਿਹੜਾ ਪੰਜਾਬ ਦੇਸ਼ ਨੂੰ ਸੈਨਿਕ, ਕਿਸਾਨ, ਖਿਡਾਰੀ ਅਤੇ ਹੋਣਹਾਰ ਨੌਜਵਾਨ ਦਿੰਦਾ ਰਿਹਾ, ਅੱਜ ਉਸ ਦੇ ਨੌਜਵਾਨਾਂ ਦੀ ਨਸ਼ਿਆਂ ਨਾਲ ਬਰਬਾਦੀ ਦੀਆਂ ਤਸਵੀਰਾਂ ਸਾਹਮਣੇ ਆ ਰਹੀਆਂ ਹਨ। ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਸੂਬਾ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ 'ਤੇ ਤਿੱਖੇ ਸਵਾਲ ਚੁੱਕਦਿਆਂ ਕਿਹਾ ਕਿ ਸਰਕਾਰ ਦਾ "'ਨਸ਼ਿਆਂ ਵਿਰੁੱਧ ਜੰਗ'"ਦਾ ਨਾਅਰਾ ਸਿਰਫ਼ ਅਖ਼ਬਾਰੀ ਇਸ਼ਤਿਹਾਰਾਂ ਤੱਕ ਸੀਮਤ ਹੋ ਕੇ ਰਹਿ ਗਿਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਦੀ ਨਾ ਨੀਅਤ ਸਪੱਸ਼ਟ ਹੈ ਅਤੇ ਨਾ ਹੀ ਨੀਤੀ। ਖੰਨਾ ਨੇ ਕਿਹਾ ਕਿ ਪੰਜਾਬ ਦੇ ਨੌਜਵਾਨ ਕਦੇ ਖੇਤੀਬਾੜੀ, ਖੇਡਾਂ ਅਤੇ ਸਰਹੱਦਾਂ 'ਤੇ ਦੇਸ਼ ਸੇਵਾ ਰਾਹੀਂ ਸੂਬੇ ਦਾ ਮਾਣ ਵਧਾਉਂਦੇ ਸਨ। "ਅੱਜ ਹਾਲਾਤ ਇੰਨੇ ਖ਼ਰਾਬ ਹੋ ਗਏ ਹਨ ਕਿ ਬਹੁਤ ਸਾਰੇ ਨੌਜਵਾਨ ਨਾ ਖੇਤਾਂ ਵਿੱਚ ਕੰਮ ਕਰਨ ਜੋਗੇ ਰਹੇ ਹਨ, ਨਾ ਖੇਡ ਮੈਦਾਨਾਂ ਵਿੱਚ ਜਾਣ ਜੋਗੇ ਅਤੇ ਨਾ ਹੀ ਦੇਸ਼ ਦੀਆਂ ਸਰਹੱਦਾਂ 'ਤੇ ਸੇਵਾ ਕਰਨ ਜੋਗੇ,"ਉਨ੍ਹਾਂ ਕਿਹਾ। ਉਨ੍ਹਾਂ ਕਿਹਾ ਕਿ ਸ਼ਾਹਕੋਟ ਦੌਰੇ ਦੌਰਾਨ ਉਨ੍ਹਾਂ ਅਜਿਹੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ, ਜਿਨ੍ਹਾਂ ਦੀ ਜ਼ਿੰਦਗੀ ਨਸ਼ਿਆਂ ਨੇ ਪੂਰੀ ਤਰ੍ਹਾਂ ਤਬਾਹ ਕਰ ਦਿੱਤੀ ਹੈ। ਉਨ੍ਹਾਂ 28 ਸਾਲਾ ਇੱਕ ਨੌਜਵਾਨ ਦਾ ਹਵਾਲਾ ਦਿੱਤਾ, ਜਿਸ ਦੀ ਨਸ਼ੇ ਕਾਰਨ ਮੌਤ ਹੋ ਗਈ ਅਤੇ ਪਿੱਛੇ ਉਸ ਦੀ ਪਤਨੀ ਅਤੇ ਬਜ਼ੁਰਗ ਮਾਂ ਰਹਿ ਗਈਆਂ, ਜੋ ਹੁਣ ਦੂਜਿਆਂ ਦੇ ਘਰਾਂ ਵਿੱਚ ਕੰਮ ਕਰਕੇ ਆਪਣਾ ਗੁਜ਼ਾਰਾ ਕਰਨ ਲਈ ਮਜਬੂਰ ਹਨ। ਤਰਨਤਾਰਨ ਵਿੱਚ ਨਕਲੀ ਸ਼ਰਾਬ ਕਾਰਨ ਹੋਈਆਂ ਮੌਤਾਂ ਦੀ ਘਟਨਾ ਦਾ ਜ਼ਿਕਰ ਕਰਦਿਆਂ ਖੰਨਾ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਸੂਬਾ ਸਰਕਾਰ ਲਈ ਗੰਭੀਰ ਚੇਤਾਵਨੀ ਹੋਣੀਆਂ ਚਾਹੀਦੀਆਂ ਹਨ ਉਨ੍ਹਾਂ ਸੂਬਾ ਸਰਕਾਰ ਦੀ ਨਸ਼ਾ ਵਿਰੋਧੀ ਰਣਨੀਤੀ 'ਤੇ ਸਵਾਲ ਉਠਾਉਂਦਿਆਂ ਪੁੱਛਿਆ ਕਿ ਫਾਸਟ-ਟਰੈਕ ਅਦਾਲਤਾਂ ਕਿਉਂ ਨਹੀਂ ਬਣਾਈਆਂ ਗਈਆਂ ਅਤੇ ਕਿੰਨੇ ਵੱਡੇ ਨਸ਼ਾ ਤਸਕਰਾਂ ਨੂੰ ਅਸਲ ਵਿੱਚ ਸਜ਼ਾਵਾਂ ਹੋਈਆਂ ਹਨ। ਉਨ੍ਹਾਂ ਕਿਹਾ, "ਸਿਰਫ਼ ਗ੍ਰਿਫ਼ਤਾਰੀਆਂ ਦੇ ਅੰਕੜੇ ਜਾਰੀ ਕਰਨਾ ਕਾਫ਼ੀ ਨਹੀਂ। ਅਸਲ ਸਫਲਤਾ ਉਦੋਂ ਹੋਵੇਗੀ ਜਦੋਂ ਵੱਡੇ ਨਸ਼ਾ ਤਸਕਰ ਜੇਲ੍ਹਾਂ ਦੀਆਂ ਸਲਾਖਾਂ ਪਿੱਛੇ ਹੋਣਗੇ ਅਤੇ ਪੂਰੀ ਡਰੱਗ ਸਪਲਾਈ ਚੇਨ ਨੂੰ ਤੋੜਿਆ ਜਾਵੇਗਾ।

ਏਪੀ ਰਿਫਾਇਨਰੀ ਦੇ ਮਾਲਕਾਂ ਤੇ ਹੋਏ ਮੁਕਦਮੇ ਸਬੰਧੀ ਸ਼ਹਿਰ ਵਾਸੀਆਂ ਨੇ ਵਿਧਾਇਕਾਂ ਮਾਣੂਕੇ ਨੂੰ ਸੌਂਪਿਆ ਮੰਗ ਪੱਤਰ

ਜਗਰਾਉਂ, 29 ਸਤੰਬਰ (ਜਗਦੀਪ ਸਿੰਘ) : ਜਗਰਾਉਂ ਇਲਾਕੇ ਦੇ ਪਿੰਡ ਤੱਪੜ ਹਰਨੀਆਂ ਚ ਸਥਿਤ ਏਪੀ ਰਿਫਾਇਨਰੀ ਦੇ ਮਾਲਕਾਂ ਖਿਲਾਫ ਦਰਜ ਮੁਕਦਮੇ ਨੂੰ ਝੂਠਾ ਕਰਾਰ ਦਿੰਦਿਆਂ ਅੱਜ ਸ਼ਹਿਰ ਉਹਨਾਂ ਦੇ ਹੱਕ ਵਿੱਚ ਨਿਤਰ ਪਿਆ। ਜਗਰਾਉਂ ਦੇ ਏ ਐਸ ਏ ਆਟੋ ਮੋਬਾਈਲ ਵਿਖੇ ਏਪੀ ਰਿਫਾਇਨਰੀ ਦੇ ਮਾਲਕਾ ਖਿਲਾਫ਼ ਦਰਜ ਮੁਕਦਮੇ ਨੂੰ ਰੱਦ ਕਰਾਉਣ ਲਈ ਸ਼ਹਿਰ ਵਾਸੀਆਂ ਨੇ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂਕੇ ਨੂੰ ਮੰਗ ਪੱਤਰ ਸੌਂਪਿਆ, ਜਿਸ ਤੇ ਵਿਧਾਇਕਾਂ ਨੇ ਸ਼ਹਿਰ ਦੇ ਇਕੱਠ ਨੂੰ ਵਿਸ਼ਵਾਸ ਦਵਾਇਆ ਕਿ ਇਸ ਮਾਮਲੇ ਦੀ ਮੁੜ ਜਾਚ ਕਰਵਾਈ ਜਾਵੇਗੀ ।ਜਿਕਰਯੋਗ ਹੈ ਕਿ ਏਪੀ ਰਿਫਾਇਨਰੀ ਦੇ ਮਾਲਕਾਂ ਖਿਲਾਫ ਪਿਛਲੇ ਦਿਨੀ ਇੱਕ ਮੁਕਦਮਾ ਦਰਜ ਹੋਇਆ ਸੀ ,ਹਾਲਾਂਕਿ ਇਹ ਮਾਮਲਾ 16 ਸਾਲ ਪੁਰਾਣਾ ਹੈ ਜਿਸ ਚ ਮਾਲਕਾਂ ਦਾ ਕੋਈ ਲੈਣਾ ਦੇਣਾ ਨਹੀਂ । ਇਸ ਮੁੱਦੇ ਨੂੰ ਲੈ ਕੇ ਅੱਜ ਜਗਰਾਉਂ ਦੀ ਇੰਡਸਟਰੀਲਿਸਟ ,ਦੁਕਾਨਦਾਰ ,ਸਮਾਜ ਸੇਵੀ ਸੰਸਥਾਵਾਂ,ਧਾਰਮਿਕ ਜਥੇਬੰਦੀਆਂ, ਵਪਾਰਕ ਐਸੋਸੀਏਸ਼ਨ ਸੈਲਰ,ਵਕੀਲ ਤੇ ਹੋਰ ਵਰਗਾਂ ਨਾਲ ਸੰਬੰਧਿਤ ਵੱਡੇ ਇਕੱਠ ਨੇ ਵਿਧਾਇਕਾਂ ਨੂੰ ਮੰਗ ਪੱਤਰ ਸੌਂਪਦਿਆਂ ਕਿਹਾ ਕਿ ਉਹਨਾਂ ਸਮੇਤ ਸਿਰਫ਼ ਸ਼ਹਿਰ ਹੀ ਨਹੀਂ ਪੂਰਾ ਪੰਜਾਬ ਏਪੀ ਰਿਫਾਇਨਰੀ ਦੇ ਮਾਲਕਾਂ ਦੀ ਧਾਰਮਿਕ ਤੇ ਸਮਾਜ ਸੇਵੀ ਸ਼ਖਸੀਅਤ ਬਾਰੇ ਬਖੂਬੀ ਜਾਣਦਾ ਹੈ ਇਹਨਾਂ ਵੱਲੋਂ ਹਮੇਸ਼ਾ ਸਮਾਜ ਸੇਵਾ ਧਾਰਮਿਕ ਕਾਰਜਾਂ ਵਿੱਚ ਅੱਗੇ ਵੱਧ ਕੇ ਯੋਗਦਾਨ ਪਾਉਣ ਤੇ ਹਰ ਸਮੇਂ ਮਦਦ ਲਈ ਹੱਥ ਅੱਗੇ ਵਧਾਉਣ ਦੀ ਸੋਚ ਕਦੇ ਕਿਸੇ ਦਾ ਮਾੜਾ ਸੋਚਣਾ ਦੂਰ ਦੀ ਗੱਲ ਹੈ ਅਜਿਹੇ ਚ ਇਹ ਤਾਂ ਸਾਫ ਹੈ ਕਿ ਉਹਨਾਂ ਖਿਲਾਫ ਇੱਕ ਸਾਜਿਸ਼ ਤਹਿਤ ਇਹ ਮਾਮਲਾ ਦਰਜ ਹੋਇਆ ਹੈ,ਅੱਜ ਨਹੀਂ ਤਾਂ ਕੱਲ ਇਸਦੀ ਸਚਾਈ ਲੋਕਾਂ ਸਾਹਮਣੇ ਆ ਜਾਵੇਗੀ । ਇਸ ਮੌਕੇ ਏਐਸ ਆਟੋ ਮੋਬਾਈਲ ਗੁਰਿੰਦਰ ਸਿੰਘ ਸਿੱਧੂ, ਆੜਤੀ ਐਸੋਸੀਏਸ਼ਨ ਦੇ ਜਿਲਾ ਪ੍ਰਧਾਨ ਰਾਜ ਕੁਮਾਰ ਭੱਲਾ ,ਸ਼੍ਰੀ ਕ੍ਰਿਸ਼ਨਾ ਗਊਸ਼ਾਲਾ ਦੇ ਨਵੀਨ ਗੋਇਲ,ਡੀਏਵੀ ਕਾਲਜ ਦੇ ਪ੍ਰਿੰਸੀਪਲ ਡਾਕਟਰ ਅਨੁਜ ਸ਼ਰਮਾ ,ਰਾਈਸ ਮਿਲਰ ਦੇ ਐਸੋਸੀਏਸ਼ਨ ਦੇ ਅਕੁੰਰ ਗੁਪਤਾ,ਸੈਲਰ ਐਸੋਸੀਏਸ਼ਨ ਤੇ ਹਰੀ ਓਮ ,ਸਵਰਨਕਾਰ ਐਸੋਸੀਏਸ਼ਨ ਦੇ ਲੱਡੂ ਲੱਖੇ ਵਾਲੇ,ਲੋਕ ਸੇਵਾ ਸੁਸਾਇਟੀ ਦੇ ਕਮਲ ਕੱਕੜ, ਸੁਨੀਲ ਬਜਾਜ,ਚੇਅਰਮੈਨ ਰਾਜਿੰਦਰ ਜੈਨ ਕਾਕਾ, ਐਡਵੋਕੇਟ ਮੂਨ ਚੰਝੀ,ਸੁਸ਼ੀਲ ਕੁਮਾਰ ਪੱਪੂ,ਸਤੀਸ਼ ਬਾਸਲ,ਕੰਚਨ ਗੁਪਤਾ ,ਕੇਵਲ ਮਲਹੋਤਰਾ,ਮਨੀਸ਼ ਬਾਂਸਲ,ਪੰਕਜ ਗਰੋਵਰ ਅਤੇ ਕੈਪਟਨ ਨਰੇਸ਼ ਵਰਮਾ ਆਦਿ ਹਾਜਰ ਸਨ ।

ਮੋਰਿੰਡਾ ਸਹਿਕਾਰੀ ਖੰਡ ਮਿੱਲ ਦਾ 14ਵਾਂ ਸਲਾਨਾ ਇਜਲਾਸ ਕਰਵਾਇਆ ਗਿਆ

ਮੋਰਿੰਡਾ, 29 ਸਤੰਬਰ(ਬਲਵੀਰ ਸਿੰਘ ਚਲਾਕੀ): ਦੀ ਮੋਰਿੰਡਾ ਸਹਿਕਾਰੀ ਖੰਡ ਮਿੱਲਜ਼ ਲਿਮਟਿਡ, ਮੋਰਿੰਡਾ ਦਾ 14ਵਾਂ ਸਲਾਨਾ ਆਮ ਇਜਲਾਸ ਰੰਗੀ ਪੈਲੇਸ, ਕੁਰਾਲੀ ਰੋਡ, ਮੋਰਿੰਡਾ ਵਿਖੇ ਮਿੱਲ ਦੇ ਚੇਅਰਮੈਨ ਸੁਖਜਿੰਦਰ ਸਿੰਘ ਸੋਹੀ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ । ਇਸ ਮੌਕੇ ਬੋਰਡ ਆਫ ਡਾਇਰੈਕਟਰਜ਼ ਦੇ ਮੈਂਬਰਾਂ, ਸਹਿਕਾਰੀ ਸਭਾਵਾਂ ਦੇ ਨੁਮਾਇੰਦਿਆਂ, ਮਿੱਲ ਅਧਿਕਾਰੀਆਂ ਤੇ ਕਰਮਚਾਰੀਆਂ, ਗੰਨਾ ਕਾਸ਼ਤਕਾਰਾਂ ਅਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਚੇਅਰਮੈਨ ਸੁਖਜਿੰਦਰ ਸਿੰਘ ਸੋਹੀ ਨੇ ਹਾਜ਼ਰ ਗੰਨਾ ਕਾਸ਼ਤਕਾਰਾਂ ਅਤੇ ਹਿੱਸੇਦਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਮਿੱਲ ਗੰਨਾ ਕਾਸ਼ਤਕਾਰਾਂ ਦੀ ਆਪਣੀ ਸੰਸਥਾ ਹੈ ਅਤੇ ਇਸ ਦੀ ਤਰੱਕੀ ਲਈ ਮਿੱਲ ਪ੍ਰਬੰਧਨ, ਬੋਰਡ ਅਤੇ ਕਾਸ਼ਤਕਾਰਾਂ ਦਾ ਆਪਸੀ ਸਹਿਯੋਗ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਪਿੜਾਈ ਸੀਜ਼ਨ 2026-27 ਵਿੱਚ ਕਾਸ਼ਤਕਾਰਾਂ ਦੀ ਸਹੂਲਤ ਲਈ ਗੰਨਾ ਯਾਰਡ ਵਿੱਚ ਕਿਸਾਨ ਆਰਾਮ ਘਰ ਅਤੇ ਬੈਠਣ ਲਈ ਬੈਂਚਾਂ ਸਮੇਤ ਲੋੜੀਂਦੀਆਂ ਸਹੂਲਤਾਂ ਦਾ ਪ੍ਰਬੰਧ ਕੀਤਾ ਗਿਆ ਹੈ। ਹਾਦਸਾ-ਗ੍ਰਸਤ ਗੰਨਾ ਕਾਸ਼ਤਕਾਰਾਂ ਨੂੰ ਸਵੈ-ਇੱਛਤ ਫੰਡ ਰਾਹੀਂ ਯੋਗ ਮਾਲੀ ਸਹਾਇਤਾ ਵੀ ਦਿੱਤੀ ਜਾ ਰਹੀ ਹੈ ਉਨ੍ਹਾਂ ਕਿਹਾ ਕਿ ਗੰਨਾ ਖਰੀਦ ਪ੍ਰਣਾਲੀ ਵਿੱਚ ਪਾਰਦਰਸ਼ਤਾ ਵਧਾਉਣ ਲਈ ਮੋਬਾਇਲ ਐਪ ਅਤੇ ਆਟੋਮੈਟਿਕ ਸਿਸਟਮ ਦੀ ਵਿਵਸਥਾ ਕੀਤੀ ਜਾ ਰਹੀ ਹੈ। ਇਸ ਰਾਹੀਂ ਕਾਸ਼ਤਕਾਰ ਆਪਣੀ ਗੰਨਾ ਸਪਲਾਈ, ਖਰੀਦ ਅਤੇ ਪੇਮੈਂਟ ਦਾ ਰਿਕਾਰਡ ਦੇਖ ਸਕਣਗੇ ਅਤੇ ਟੋਕਨ, ਤੁਲਾਈ ਤੇ ਪੇਮੈਂਟ ਸਬੰਧੀ ਜਾਣਕਾਰੀ ਐਸ.ਐਮ.ਐਸ. ਰਾਹੀਂ ਪ੍ਰਾਪਤ ਹੋਵੇਗੀ। ਉਨ੍ਹਾਂ ਦੱਸਿਆ ਕਿ ਮਿੱਲ ਵੱਲੋਂ "ਫਤਿਹ"ਸ਼ੂਗਰ ਬ੍ਰਾਂਡ ਦੇ ਨਾਮ ਹੇਠ ਇੱਕ ਅਤੇ ਪੰਜ ਕਿਲੋ ਦੀ ਪੈਕਿੰਗ ਵਿੱਚ ਖੰਡ ਦੀ ਵਿਕਰੀ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਗੰਨਾ ਸਪਲਾਈ ਕਰਨ ਵਾਲੇ ਕਾਸ਼ਤਕਾਰਾਂ ਨੂੰ ਇੰਸੈਂਟਿਵ ਸ਼ੂਗਰ ਕੰਟਰੋਲ ਰੇਟ 'ਤੇ ਦਿੱਤੀ ਜਾ ਰਹੀ ਹੈ। ਮਿੱਲ ਵਿੱਚ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਦਾ ਆਊਟਲੈਟ ਵੀ ਚਾਲੂ ਹੈ।

ਇਸ ਮੌਕੇ ਕਿਸਾਨ ਆਗੂਆਂ ਵੱਲੋਂ ਵੀ ਗੰਨਾ ਕਾਸ਼ਤਕਾਰਾਂ ਅਤੇ ਮਿੱਲ ਨਾਲ ਸਬੰਧਤ ਵੱਖ-ਵੱਖ ਮਾਮਲਿਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਗਏ ਅਖੀਰ ਵਿੱਚ ਸੁਰਿੰਦਰ ਸਿੰਘ, ਵਾਇਸ ਚੇਅਰਮੈਨ, ਸਤਨਾਮ ਸਿੰਘ ਅਤੇ ਕੁਲਵਿੰਦਰ ਸਿੰਘ, ਡਾਇਰੈਕਟਰ ਵੱਲੋਂ ਆਮ ਇਜਲਾਸ ਵਿੱਚ ਪਹੁੰਚੇ ਸਮੂਹ ਗੰਨਾ ਕਾਸ਼ਤਕਾਰਾਂ ਅਤੇ ਹਿੱਸੇਦਾਰਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਵਾਇਸ ਚੇਅਰਮੈਨ ਸੁਰਿੰਦਰ ਸਿੰਘ, ਡਾਇਰੈਕਟਰ ਸਤਨਾਮ ਸਿੰਘ, ਕੁਲਵਿੰਦਰ ਸਿੰਘ, ਗੁਰਿੰਦਰ ਸਿੰਘ, ਮਨਜੀਤ ਕੌਰ ਅਤੇ ਸਰਬਜੀਤ ਕੌਰ ਤੋਂ ਇਲਾਵਾ ਸ਼ੂਗਰਫੈਡ ਪੰਜਾਬ ਦੇ ਨੁਮਾਇੰਦੇ ਸੁਖਵਿੰਦਰ ਸਿੰਘ ਤੂਰ, ਜਨਰਲ ਮੈਨੇਜਰ, ਸਹਿਕਾਰੀ ਖੰਡ ਮਿੱਲ, ਨਵਾਂਸ਼ਹਿਰ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਸਾਹਿਤ ਸਭਾ ਸ੍ਰੀ ਮਾਛੀਵਾੜਾ ਸਾਹਿਬ ਦੀ ਸਾਹਿਤਕ ਇਕੱਤਰਤਾ ਪ੍ਰਧਾਨ ਐਸ ਨਸੀਮ ਦੀ ਪ੍ਰਧਾਨਗੀ ਵਿੱਚ ਹੋਈ

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ - ਸਾਹਿਤ ਸਭਾ ਸ੍ਰੀ ਮਾਛੀਵਾੜਾ ਸਾਹਿਬ ਦੀ ਮਹੀਨਾਵਾਰ ਸਾਹਿਤਕ ਇਕੱਤਰਤਾ ਇਥੋਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਭਾ ਦੇ ਪ੍ਰਧਾਨ ਐਸ ਨਸੀਮ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਦੋ ਵੱਖ - ਵੱਖ ਸ਼ੋਕ ਮਤਿਆਂ ਰਾਹੀਂ ਸ਼ਾਇਰ ਟੀ ਲੋਚਨ ਅਤੇ ਕਵੀ ਅਵਤਾਰ ਸਿੰਘ ਉਟਾਲਾਂ ਦੀ ਮੌਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ। ਇਹਨਾਂ ਸ਼ਖਸ਼ੀਅਤਾਂ ਬਾਰੇ ਪ੍ਰਧਾਨ ਐਸ ਨਸੀਮ ਅਤੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਭਾਵਪੂਰਤ ਗੱਲਾਂ ਕਰਦਿਆਂ ਸ਼ਰਧਾ ਦੇ ਫੁੱਲ ਭੇਂਟ ਕੀਤੇ। ਰਚਨਾਵਾਂ ਦੇ ਦੌਰ ਵਿੱਚ ਸਭ ਤੋਂ ਪਹਿਲਾਂ ਨਛੱਤਰ ਸਿੰਘ ਗਿੱਲ ਅਤੇ ਕਸ਼ਮੀਰ ਸਿੰਘ ਨੇ ਗੀਤ ਸੁਣਾਏ, ਜਿਨਾਂ 'ਤੇ ਚਰਚਾ ਦੇ ਨਾਲ ਨਾਲ ਤਾਰੀਫ਼ ਵੀ ਹੋਈ। ਇਸ ਉਪਰੰਤ ਮਨਜੀਤ ਸਿੰਘ ਬਲੀਏਵਾਲ ਨੇ ਕਵਿਤਾ 'ਮੈਂ ਉੱਠਾਂ ਨਿੱਤ ਉੱਠ ਕੇ ਸੋਚਾਂ', ਸੁਣਾਈ ਜਿਸ ਤੇ ਕਾਫੀ ਗੱਲਬਾਤ ਹੋਈ। ਇਸ ਤੋਂ ਬਾਅਦ ਗੁਰਭਗਤ ਸਿੰਘ ਗਿੱਲ ਨੇ ਵੱਖ ਵੱਖ ਸੂਬਿਆਂ ਦੀਆਂ ਯਾਤਰਾਵਾਂ ਦਾ ਉਲੇਖ ਕਰਦਿਆਂ ਵੱਡੇ ਪੱਧਰ ਤੇ ਵਿਕਸਿਤ ਕੀਤੇ ਨੈਸ਼ਨਲ ਪਾਰਕਾਂ ਦੀ ਸ਼ਲਾਘਾ ਕਰਦਿਆਂ ਟੂਰਿਜ਼ਮ ਨੂੰ ਹੋਰ ਵਿਕਸਤ ਕਰਨ ਦੀ ਵੀ ਗੱਲ ਆਖੀ। ਇਸ ਤੋਂ ਅੱਗੇ ਸ਼ਾਇਰ ਜਗਤਾਰ ਸੇਖਾ ਨੇ ਆਪਣੀ ਗ਼ਜ਼ਲ 'ਤੁਰਨਾ ਜੇ ਰਸਤਿਆਂ ਤੇ ਹੀ ਭਟਕਣ ਸਮੇਟ ਲੈ, ਇਹ ਪੱਥਰਾਂ ਦਾ ਸ਼ਹਿਰ ਹੈ ਧੜਕਣ ਸਮੇਟ ਲੈ', ਸੁਣਾਈ ਜਿਸ ਤੇ ਕਾਫੀ ਗੱਲਬਾਤ ਦੇ ਨਾਲ ਨਾਲ ਦਾਦ ਵੀ ਮਿਲੀ। ਫਿਰ ਹਿੰਦੀ ਕਵੀ ਸੁਰਜੀਤ ਵਿਸ਼ਦ ਨੇ ਹਿੰਦੀ ਨਜ਼ਮ ਸੁਣਾਈ ਜਿਸ ਨੂੰ ਕਾਫੀ ਦਾਦ ਮਿਲੀ। ਇਸ ਉਪਰੰਤ ਸ਼ਾਇਰ ਨਿਰੰਜਨ ਸੂਖਮ ਨੇ ਆਪਣੀ ਗ਼ਜ਼ਲ 'ਬੁੱਕ ਭਰ ਭਰ ਨੂਰ ਵੰਡਣ ਵਿਤਕਰਾ ਕੋਈ ਨਹੀਂ, ਪਰ ਇਨਾਅਤ ਸੂਰਜਾਂ ਦੀ ਗੌਲਦਾ ਕੋਈ ਨਹੀਂ", ਸੁਣਾਈ ਜਿਸ ਨੂੰ ਬਹੁਤ ਦਾਦ ਮਿਲੀ। ਫਿਰ ਸ਼ਾਇਰ ਐਸ ਨਸੀਮ ਨੇ ਆਪਣੀ ਗ਼ਜ਼ਲ 'ਤੇਰੇ ਬੁੱਲਾਂ ਤੋਂ ਸਦਕੇ ਦਿਲ ਦੁਖਾਈ ਜਾ ਰਹੇ ਨੇ ਜੋ, ਅਜੇ ਵੀ ਚੇਤਿਆਂ ਵਿੱਚ ਮੁਸਕਰਾਈ ਜਾ ਰਹੇ ਨੇ ਜੋ', ਸੁਣਾਈ, ਜਿਸ ਨੂੰ ਭਰਪੂਰ ਦਾਦ ਮਿਲੀ। ਪੜ੍ਹੀਆਂ ਗਈਆਂ ਸਾਰੀਆਂ ਰਚਨਾਵਾਂ ਤੇ ਉਸਾਰੂ ਬਹਿਸ ਵਿੱਚ ਹੋਰਨਾਂ ਤੋਂ ਇਲਾਵਾ ਗੁਰਭਗਤ ਸਿੰਘ, ਮਲਕੀਤ ਸਿੰਘ, ਮਨਜੀਤ ਸਿੰਘ ਆਦਿ ਸਾਹਿਤਕਾਰਾਂ ਨੇ ਭਾਗ ਲਿਆ। ਇਸ ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਕੀਤਾ ਅੰਤ ਵਿੱਚ ਸਭਾ ਦੇ ਪ੍ਰਧਾਨ ਐਸ ਨਸੀਮ ਨੇ ਆਏ ਮਹਿਮਾਨਾਂ ਦਾ ਧੰਨਵਾਦ